ਵੀਰਵਾਰ, 15 ਅਕਤੂਬਰ, 2026

29 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083 }

ਜਿਲਦ/VOL. : 75

ਅੰਕ/NO. : 135

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • THURSDAY, 15 OCTOBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


## ਨਸ਼ਾ ਨੈੱਟਵਰਕ ਖਿਲਾਫ ਮਾਨਸਾ 'ਚ ਵਿਸ਼ਾਲ ਧਰਨਾ





## ਝੋਟਾ ਕਤਲ ਕੇਸ ਦੇ ਦੋਸ਼ੀ ਬਖਸ਼ਾਂਗੇ ਨਹੀਂ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ):** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਪੰਜਾਬ ਦੇ ਲੋਕਾਂ ਨੂੰ ਸ਼ਾਂਤੀ ਬਣਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਾਨਸਾ 'ਚ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਦੇ ਮਾਮਲੇ 'ਚ ਕਿਸੇ ਵੀ ਮੁਲਜ਼ਮ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾ ਸੂਬੇ ਦੇ ਡੀ ਜੀ ਪੀ ਗੌਰਵ ਯਾਦਵ ਨੂੰ ਸਖਤ ਨਿਰਦੇਸ਼ ਵੀ ਦਿੱਤੇ ਹਨ ਕਿ ਇਸ ਮਾਮਲੇ ਦੀ ਤਹਿ ਤੱਕ ਜਾਂਚ ਕੀਤੀ ਜਾਵੇ। ਇੱਕ ਵੀਡੀਓ ਸੁਨੇਹੇ 'ਚ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਪੁਲਸ ਇਸ ਕੇਸ ਦੀ ਜਾਂਚ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ। ਉਨ੍ਹਾ ਕਿਹਾ ਕਿ ਮੁਲਜ਼ਮਾਂ ਨੂੰ ਸਖਤ ਸਜ਼ਾ ਦਿੱਤੀ ਜਾਵੇਗੀ ਅਤੇ ਜੇ ਇਸ ਹੱਤਿਆ ਪਿੱਛੇ ਕੋਈ ਸਾਜ਼ਿਸ਼ ਵੀ ਸਾਹਮਣੇ ਆਈ, ਤਾਂ ਉਸ ਸਾਜ਼ਿਸ਼ਘਾੜੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਮੁੱਖ ਮੰਤਰੀ ਨੇ ਪਰਵਿੰਦਰ ਝੋਟਾ ਦੇ ਪਰਵਾਰ ਨਾਲ ਹਮਦਰਦੀ ਜ਼ਾਹਿਰ ਕਰਦਿਆਂ ਕਿਹਾ ਕਿ ਇੱਕ ਜਵਾਨ ਪੁੱਤ ਦੇ ਚਲੇ ਜਾਣ ਦਾ

• ਬਾਕੀ ਸਫਾ 2 'ਤੇ

### ਕੋਈ ਵਹਿਮ ਨਾ ਪਾਲੇ : ਬਲਤੇਜ ਪੰਨੂ

ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਮਾਨਸਾ ਵਿੱਚ ਪਰਵਿੰਦਰ ਸਿੰਘ ਝੋਟਾ ਦੇ ਕਤਲ ਨੂੰ ਬੇਹੱਦ ਮੰਦਭਾਗੀ ਅਤੇ ਮਾੜੀ ਘਟਨਾ ਦੱਸਦਿਆਂ ਪੀੜਤ ਪਰਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕੀਤੀ ਹੈ। ਉਨ੍ਹਾ ਦੋ-ਟੁੱਕ ਸ਼ਬਦਾਂ ਵਿੱਚ ਕਿਹਾ ਕਿ ਕੋਈ ਵੀ ਵਿਅਕਤੀ ਚਾਹੇ ਕਿੰਨਾ ਵੀ ਤਾਕਤਵਰ ਕਿਉਂ ਨਾ ਹੋਵੇ, ਜੇ ਉਹ ਇਹ ਭਰਮ ਪਾਲੀ ਬੈਠਾ ਹੈ ਕਿ ਕਾਨੂੰਨ ਹੱਥ ਵਿੱਚ ਲੈ ਕੇ ਉਹ ਕਾਨੂੰਨ ਦੀ ਨਜ਼ਰ ਤੋਂ ਬਚ ਜਾਵੇਗਾ, ਤਾਂ ਉਹ ਸਰਾਸਰ ਗ਼ਲਤਫ਼ਹਿਮੀ ਵਿੱਚ ਹੈ। ਪੰਜਾਬ ਵਿੱਚ ਕਾਨੂੰਨ ਦਾ ਰਾਜ ਹੈ ਅਤੇ ਇੱਥੇ ਕਾਨੂੰਨ ਤੋਂ ਉਪਰ ਕੋਈ ਨਹੀਂ।

## ਪਰਵਿੰਦਰ ਝੋਟੇ ਦਾ ਕਤਲ ਸੋਚੀ-ਸਮਝੀ ਸਾਜ਼ਿਸ਼ ਤੇ ਮਾੜੀ ਕਾਨੂੰਨ ਵਿਵਸਥਾ ਦਾ ਸਿੱਟਾ : ਅਰਸ਼ੀ

**ਮਾਨਸਾ (ਆਤਮਾ ਸਿੰਘ ਪਮਾਰ, ਰੀਤਵਾਲ) :** ਮੈਡੀਕਲ ਸਟੋਰ ਮਾਲਕ ਵੱਲੋਂ ਗੋਲੀਆਂ ਮਾਰ ਕੇ ਮਾਰ ਦਿੱਤੇ ਗਏ ਪਰਵਿੰਦਰ ਸਿੰਘ ਝੋਟਾ ਦੀ ਮੌਤ ਨੂੰ ਲੈ ਕੇ ਦੂਜੇ ਦਿਨ ਵੀ ਮਹੌਲ ਤਣਾਅਪੂਰਨ ਬਣਿਆ ਰਿਹਾ। ਸ਼ਹਿਰ ਦੇ ਤਿੰਨ ਕੋਣੀ ਟੀ ਪੁਆਇੰਟ ਵਿਖੇ ਇਨਸਾਫ਼ ਦੀ ਮੰਗ ਨੂੰ ਲੈ ਕੇ ਚੱਲ ਰਹੇ ਧਰਨੇ 'ਚ ਵੱਖ-ਵੱਖ ਸਿਆਸੀ ਧਿਰਾਂ ਦੇ ਆਗੂ ਪਹੁੰਚੇ। ਆਪ-ਮੁਹਾਰੇ ਹੋਏ ਇਕੱਠ ਨੂੰ ਸੰਬੋਧਨ ਕਰਦਿਆਂ ਹੋਇਆਂ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਹਰਦੇਵ ਸਿੰਘ ਅਰਸ਼ੀ ਨੇ ਕਿਹਾ ਕਿ ਪੰਜਾਬ ਵਿੱਚ ਚਿੱਟੇ ਸਮੇਤ ਮੈਡੀਕਲ ਨਸ਼ਿਆਂ ਦੇ ਕਾਰਨ ਹਰ ਰੋਜ਼ ਨੌਜਵਾਨ ਦੇ ਸੱਥਰ ਵਿਛ ਰਹੇ ਹਨ, ਸੂਬਾ ਸਰਕਾਰ ਦੀ ਅਮਨ-ਕਾਨੂੰਨ ਦੀ ਮਾੜੀ ਤੋਂ ਮਾੜੀ ਕਾਰਗੁਜ਼ਾਰੀ ਜੱਗ ਜ਼ਾਹਰ ਹੋਈ ਹੈ।ਸਰਕਾਰ ਹਾਲਾਤ ਸੁਧਾਰਨ ਦੀ ਬਜਾਏ ਕੇਵਲ ਇਸ਼ਤਿਹਾਰਾਂ ਤੇ ਮਸ਼ਹੂਰੀਆਂ ਤੱਕ ਸੀਮਤ ਹੋ ਕੇ ਰਹਿ ਗਈ ਹੈ।ਉਨ੍ਹਾਂ ਕਿਹਾ ਕਿ ਪਰਮਿੰਦਰ ਝੋਟੇ ਦਾ ਕਤਲ ਨਸ਼ਾ ਤਸਕਰਾਂ ਤੇ ਕੁਝ ਸਿਆਸੀ ਅਨਸਰਾਂ ਦੀ ਮਿਲੀਭੁਗਤ ਨਾਲ ਹੋਇਆ ਹੈ, ਕਿਉਂਕਿ ਝੋਟਾ ਪਿਛਲੇ ਕਈ ਸਾਲਾਂ ਤੋਂ ਐਂਟੀ ਡਰੱਗਜ਼ ਕਮੇਟੀ ਦੇ ਬੈਨਰ ਹੇਠ ਸੰਘਰਸ਼ ਕਰ ਰਿਹਾ ਸੀ। ਜਿਸ ਕਾਰਨ ਝੋਟਾ ਪ੍ਰਸ਼ਾਸਨ, ਨਸ਼ਾ ਤਸਕਰਾਂ ਤੇ ਸਮਾਜ ਵਿਰੋਧੀ ਅਨਸਰਾਂ ਦੀਆਂ ਅੱਖਾਂ ਵਿਚ ਰੜਕ ਰਿਹਾ ਸੀ, ਉਸ ਨੇ ਵਿਰੋਧ ਨਾ ਛੱਡਿਆ ਤੇ ਸੰਘਰਸ਼ ਕਰਦਾ ਰਿਹਾ।ਉਸ ਵੱਲੋਂ ਛੱਡੇ ਅਧੂਰੇ ਕਾਰਜ ਨੂੰ ਪੂਰਾ ਕਰਨਾ ਸੁਹਿਰਦ ਤਾਕਤਾਂ ਦਾ ਫਰਜ਼ ਹੈ। ਅਰਸ਼ੀ ਨੇ ਕਿਹਾ ਕਿ ਪਰਮਿੰਦਰ ਝੋਟੇ ਨੇ ਆਪਣੀ ਕੁਰਬਾਨੀ ਨਸ਼ਿਆਂ ਦੇ ਵਿਰੋਧ ਵਿੱਚ ਦਿੱਤੀ ਹੈ ਤੇ ਉਸ ਦੀ ਸੋਚ ਨੂੰ ਬਚਾਉਣ ਵਾਸਤੇ ਅਸੀਂ ਵੀ ਨਸ਼ਿਆਂ ਖ਼ਿਲਾਫ਼ ਤਿੱਖਾ ਸੰਘਰਸ਼ ਕਰੀਏ। ਪੰਜਾਬ ਸਰਕਾਰ ਨੇ ਤਾਂ ਜੇ ਕਿਸੇ ਪ੍ਰੋਗਰਾਮ ਵਿੱਚ ਕਿਸੇ ਵਿਅਕਤੀ ਨੇ ਇਹ ਦੱਸ ਦਿੱਤਾ ਕਿ ਚਿੱਟਾ ਸ਼ਰੇਆਮ ਵਿਕ ਰਿਹਾ ਹੈ ਤਾਂ ਉਸ 'ਤੇ ਦਹਿਸ਼ਤ ਢਾਹੀ ਹੈ। ਝੋਟੇ ਨੂੰ ਸੱਚੀ ਸ਼ਰਧਾਂਜਲੀ ਇਹੋ ਹੋਵੇਗੀ ਕਿ ਉਸ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੇ ਸੰਘਰਸ਼ ਉਸ ਨੂੰ ਪੂਰਾ ਕਰੀਏ। ਅਰਸ਼ੀ ਨੇ ਮੰਗਾਂ ਨੂੰ ਲਾਗੂ ਕਰਵਾਉਣ ਲਈ ਚੱਲ ਰਹੇ ਸੰਘਰਸ਼ ਵਿੱਚ ਆਪਣੀ ਸ਼ਕਤੀ ਨੂੰ ਸ਼ਾਮਲ ਕਰਨ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਸੀ ਪੀ ਆਈ ਦੇ ਮਾਨਸਾ ਜ਼ਿਲ੍ਹੇ ਦੇ ਸਕੱਤਰ ਕ੍ਰਿਸ਼ਨ ਸਿੰਘ ਚੌਹਾਨ ਨੇ ਕਿਹਾ ਕਿ ਸੀ ਪੀ ਆਈ ਪਰਮਿੰਦਰ ਝੋਟੇ ਦੇ ਕਤਲ ਦੀ ਪੁਰਜ਼ੋਰ ਨਿਖੇਧੀ ਕਰਦੀ ਹੈ ਤੇ ਮੰਗ ਕਰਦੀ ਹੈ ਕਿ ਝੋਟੇ ਦੇ ਕਾਤਲ ਸਮੂਹ ਨੂੰ ਫੌਰੀ ਤੌਰ 'ਤੇ ਗ੍ਰਿਫਤਾਰ ਕੀਤਾ ਜਾਵੇ ਤੇ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ। ਉਨ੍ਹਾ ਕਿਹਾ ਕਿ ਸੀ ਪੀ ਆਈ ਝੋਟੇ ਦੇ ਕਤਲ ਦੇ ਇਨਸਾਫ ਲਈ ਹਰ ਸੰਘਰਸ਼ ਵਿੱਚ ਵਧ-ਚੜ੍ਹ ਕੇ ਹਿੱਸਾ ਲਵੇਗੀ। ਐਡਵੋਕੇਟ ਕੁਲਵਿੰਦਰ ਸਿੰਘ ਉਡਤ ਨੇ ਝੋਟਾ ਦੇ ਬੇਰਹਿਮੀ ਨਾਲ ਕੀਤੇ ਕਤਲ ਦੀ ਸਖਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਕਿਹਾ ਕਿ

• ਬਾਕੀ ਸਫਾ 2 'ਤੇ

## ਮੁਲਜ਼ਮ ਦੇ ਘਰ 'ਤੇ ਬੁਲਡੋਜ਼ਰ, ਦੁਕਾਨ ਨੂੰ ਅੱਗ, ਅੱਜ ਪੰਜਾਬ ਬੰਦ

**ਮਾਨਸਾ :** ਪਰਵਿੰਦਰ ਸਿੰਘ ਝੋਟੇ ਨੂੰ ਗੋਲੀਆਂ ਮਾਰ ਕੇ ਮਾਰਨ ਵਾਲੇ ਅਸ਼ਵਨੀ ਕੁਮਾਰ ਦੇ ਮੈਡੀਕਲ ਸਟੋਰ ਨੂੰ ਬੁੱਧਵਾਰ ਬਾਅਦ ਦੁਪਹਿਰ ਭੜਕੀ ਭੀੜ ਨੇ ਅੱਗ ਲਗਾ ਦਿੱਤੀ। ਇਸ ਤੋਂ ਪਹਿਲਾਂ ਗੁੱਸੇ ਵਿੱਚ ਆਏ ਨੌਜਵਾਨਾਂ ਨੇ ਮੈਡੀਕਲ ਸਟੋਰ ਦੀ ਭੰਨ-ਤੋੜ ਕੀਤੀ। ਨੌਜਵਾਨਾਂ ਨੇ ਜੇ ਸੀ ਬੀ ਮਸ਼ੀਨ ਖੁਦ ਚਲਾ ਕੇ ਦੁਕਾਨ ਢਾਹੁਣੀ ਸ਼ੁਰੂ ਕਰ ਦਿੱਤੀ ਅਤੇ ਮਗਰੋਂ ਤੇਲ ਪਾ ਕੇ ਅੱਗ ਲਗਾ ਦਿੱਤੀ। ਭੀੜ ਅੱਗੇ ਪੁਲਸ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਕੋਈ ਵਾਹ ਨਹੀਂ ਚੱਲੀ। ਇਸੇ ਦੌਰਾਨ ਪੁਲਸ ਦੀ ਅਗਵਾਈ ਹੇਠ ਬਾਅਦ ਦੁਪਹਿਰ ਅਧਿਕਾਰੀਆਂ ਨੇ ਅਸ਼ਵਨੀ ਕੁਮਾਰ ਦੇ ਘਰ ਉੱਪਰ ਬੁਲਡੋਜ਼ਰ ਚਲਵਾ ਕੇ ਉਸ ਦਾ ਘਰ ਢਾਹ ਦਿੱਤਾ। ਮਾਨਸਾ ਸਿਟੀ-2 ਪੁਲਸ ਨੇ ਝੋਟਾ ਦੇ ਪਿਤਾ ਸਾਬਕਾ ਫੌਜੀ ਭੀਮ ਸਿੰਘ ਦੇ ਬਿਆਨ 'ਤੇ ਬੁੱਧਵਾਰ ਨੂੰ ਐੱਫ ਆਈ ਆਰ ਦਰਜ ਕਰ ਲਈ ਐੱਫ ਆਈ ਆਰ ਮੁਤਾਬਕ ਦੁਕਾਨ ਦੇ ਮਾਲਕ ਅਸ਼ਵਨੀ ਕੁਮਾਰ, ਉਸ ਦੇ ਦੋ ਸਾਥੀਆਂ ਅਤੇ ਘਟਨਾ ਵੇਲੇ ਫੋਨ 'ਤੇ ਗੱਲ ਕਰ ਰਹੇ ਇੱਕ ਵਿਅਕਤੀ ਨੇ ਕਥਿਤ ਤੌਰ 'ਤੇ ਝੋਟਾ ਦੇ ਕਤਲ ਦੀ ਸਾਜ਼ਿਸ਼ ਰਚੀ ਸੀ। ਆਪਣੀ ਸ਼ਿਕਾਇਤ ਵਿੱਚ ਭੀਮ ਸਿੰਘ ਨੇ ਦੱਸਿਆ ਕਿ ਉਨ੍ਹਾ ਦਾ ਪੁੱਤਰ ਇੱਕ ਨਸ਼ਾ ਵਿਰੋਧੀ ਯੋਧਾ ਸੀ, ਜਿਸ ਨੇ ਕੁਝ ਸਿਆਸਤਦਾਨਾਂ ਅਤੇ ਸਰਕਾਰੀ ਅਧਿਕਾਰੀਆਂ ਦੀ ਨਰਾਜ਼ਗੀ ਖੱਟੀ ਸੀ। ਭੀਮ ਸਿੰਘ ਨੇ ਦਾਅਵਾ ਕੀਤਾ ਕਿ ਮੰਗਲਵਾਰ ਨੂੰ ਜਦੋਂ ਉਨ੍ਹਾ ਨੇ ਗੋਲੀਆਂ ਚੱਲਣ ਦੀ ਘਟਨਾ ਸੁਣੀ ਤਾਂ ਉਹ ਜ਼ਿਲ੍ਹਾ ਅਦਾਲਤਾਂ ਵਿੱਚ ਸਨ ਅਤੇ ਉਨ੍ਹਾ ਨੂੰ ਸੂਚਨਾ ਮਿਲੀ ਕਿ ਝੋਟਾ ਨੂੰ ਗੋਲੀ ਲੱਗ ਗਈ ਹੈ। ਉਨ੍ਹਾ ਪੁਲਸ ਕੋਲ ਦਰਜ ਸ਼ਿਕਾਇਤ ਵਿੱਚ ਦੋਸ਼ ਲਾਇਆ, 'ਮੈਂ ਆਪਣੇ ਪੁੱਤਰ ਨੂੰ ਖ਼ੂਨ ਨਾਲ ਲੱਥਪਥ, ਜੁੱਤੀਆਂ ਦੀ ਇੱਕ ਦੁਕਾਨ ਵੱਲ ਜਾਂਦਿਆਂ ਦੇਖਿਆ। ਅਸ਼ਵਨੀ ਦੇ ਹੱਥ ਵਿੱਚ ਪਿਸਤੌਲ ਸੀ ਅਤੇ ਕੁਝ ਹੋਰ ਵਿਅਕਤੀ ਉਸ ਦੇ ਨਾਲ ਸਨ। ਅਸ਼ਵਨੀ ਨੇ ਮੇਰੇ ਸਾਹਮਣੇ ਮੇਰੇ ਪੁੱਤਰ 'ਤੇ ਗੋਲੀਆਂ ਚਲਾ ਦਿੱਤੀਆਂ।' ਉਨ੍ਹਾ ਦੋਸ਼ ਲਾਇਆ ਕਿ ਫਾਇਰਿੰਗ ਦੌਰਾਨ ਕੁਲਵਿੰਦਰ ਸਿੰਘ ਸੁੱਖੀ ਅਤੇ ਕੁਝ ਰਾਹਗੀਰ ਵੀ ਜ਼ਖ਼ਮੀ ਹੋ ਗਏ। ਉਨ੍ਹਾ ਦਾਅਵਾ ਕੀਤਾ ਕਿ ਝੋਟਾ ਦੇ ਨਾਲ ਮੌਜੂਦ ਭੂਪਿੰਦਰਪਾਲ ਸਿੰਘ ਰੂਬੀ ਨੇ ਇਸ ਪੂਰੀ ਘਟਨਾ ਨੂੰ ਦੇਖਿਆ ਹੈ। ਬਠਿੰਡਾ ਰੇਂਜ ਦੇ ਡੀ ਆਈ ਜੀ ਹਰਜੀਤ ਸਿੰਘ ਨੇ ਦੱਸਿਆ ਕਿ ਮੁੱਖ ਮੁਲਜ਼ਮ ਅਸ਼ਵਨੀ ਕੁਮਾਰ ਸਮੇਤ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਝੋਟਾ ਦੇ ਪਰਵਾਰ ਵੱਲੋਂ ਇੱਕ ਡੀ ਐੱਸ ਪੀ ਅਤੇ ਇੱਕ ਮਹਿਲਾ ਇੰਸਪੈਕਟਰ 'ਤੇ ਲਾਏ ਗਏ ਦੋਸ਼ਾਂ 'ਤੇ ਡੀ ਆਈ ਜੀ ਨੇ ਕਿਹਾ ਕਿ ਜੇ ਜਾਂਚ ਦੌਰਾਨ ਅਧਿਕਾਰੀਆਂ ਖਿਲਾਫ ਕੋਈ ਵੀ ਉਲਟ ਗੱਲ ਸਾਹਮਣੇ ਆਉਂਦੀ ਹੈ ਤਾਂ ਕਾਰਵਾਈ ਕੀਤੀ ਜਾਵੇਗੀ।

• ਬਾਕੀ ਸਫਾ 2 'ਤੇ

## ਹਾਲਾਤ ਬਦ ਤੋਂ ਬਦਤਰ ਹੋ ਰਹੇ : ਧਾਲੀਵਾਲ, ਬਰਾੜ

### ਮਾਹੌਲ ਸੁਧਾਰਨ ਲਈ ਸੰਜੀਦਾ ਪਾਰਟੀਆਂ ਅੱਗੇ ਆਉਣ, ਝੋਟਾ ਦੇ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ





**ਚੰਡੀਗੜ੍ਹ (ਨ ਜ਼ ਸ) :** ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਰਾਜ ਕਮੇਟੀ ਨੇ ਮਾਨਸਾ ਵਿਖੇ ਪਰਮਿੰਦਰ ਸਿੰਘ ਉਰਫ ਝੋਟਾ ਦਾ ਗੋਲੀਆਂ ਮਾਰ ਕੇ ਕੀਤੇ ਗਏ ਕਤਲ ਦਾ ਗੰਭੀਰ ਨੋਟਿਸ ਲੈਂਦਿਆਂ ਪੰਜਾਬ ਦੀ ਅਮਨ-ਕਾਨੂੰਨ ਦੀ ਬੇਹੱਦ ਵਿਗੜ ਚੁੱਕੀ ਸਥਿਤੀ 'ਤੇ ਚਿੰਤਾ ਪ੍ਰਗਟ ਕੀਤੀ ਹੈ । ਪਾਰਟੀ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਅਤੇ ਪਾਰਟੀ ਦੇ ਕੌਮੀ ਸਕੱਤਰ ਬੰਤ ਸਿੰਘ ਬਰਾੜ ਨੇ ਕਿਹਾ ਕਿ ਪਰਮਿੰਦਰ ਸਿੰਘ ਦਾ ਕਤਲ ਹੋਣਾ ਇੱਕ ਦੁਖਦਾਈ ਘਟਨਾ ਹੈ । ਪਾਰਟੀ ਪਰਵਾਰ ਨਾਲ ਹਮਦਰਦੀ ਦਾ ਇਜ਼ਹਾਰ ਕਰਦੀ ਹੈ ਅਤੇ ਪੁਰਜ਼ੋਰ ਮੰਗ ਕਰਦੀ ਹੈ ਕਿ ਕਾਤਲਾਂ ਨੂੰ ਬਿਨਾਂ ਦੇਰੀ ਗ੍ਰਿਫਤਾਰ ਕਰਕੇ ਕਾਨੂੰਨ ਅਨੁਸਾਰ ਸਜ਼ਾ ਦਿੱਤੀ ਜਾਵੇ ਅਤੇ ਮ੍ਰਿਤਕ ਦੇ ਪਰਵਾਰ ਦੀ ਹਰ ਸੰਭਵ ਮਦਦ ਕੀਤੀ ਜਾਵੇ। ਸੀ ਪੀ ਆਈ ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਵੱਸ ਤੋਂ ਬਾਹਰ ਹੋ ਚੁੱਕੀ ਨਸ਼ਾ ਤਸਕਰੀ ਅਤੇ ਅਮਨ-ਕਾਨੂੰਨ ਦੀ ਮਾੜੀ ਹਾਲਤ ਕਾਰਨ ਪੰਜਾਬ ਦੇ ਲੋਕਾਂ ਦਾ ਮਾਨ ਸਰਕਾਰ ਤੋਂ ਭਰੋਸਾ ਉੱਠ ਚੁੱਕਿਆ ਹੈ ਅਤੇ ਹਰ ਰੋਜ਼ ਲੋਕ ਮੁੱਖ ਮੰਤਰੀ ਅਤੇ ਮੰਤਰੀਆਂ ਤੋਂ ਯੁੱਧ ਨਸ਼ਿਆਂ ਵਿਰੁੱਧ ਦੀ ਨਾਕਾਮੀ ਅਤੇ ਰੋਜ਼ਾਨਾ ਹੋ ਰਹੇ ਕਤਲਾਂ ਅਤੇ ਨਿਸ਼ਾਨਾ ਮਿੱਥ ਕੇ ਹੋ ਰਹੇ ਕਤਲਾਂ ਦੇ ਸੰਬੰਧ ਵਿੱਚ ਸਵਾਲ ਪੁੱਛਦੇ ਹਨ ਅਤੇ ਇਸ ਨਾਜ਼ਕ ਸਥਿਤੀ 'ਤੇ ਸਖਤੀ ਨਾਲ ਕਾਬੂ ਪਾਉਣ ਦੀ ਮੰਗ ਕਰਦੇ ਹਨ, ਪਰ ਮੰਤਰੀ ਅਤੇ ਐੱਮ ਐੱਲ ਏ ਉਲਟਾ ਲੋਕਾਂ ਦੇ ਗਲ ਪੈਂਦੇ ਹਨ, ਧਮਕੀਆਂ ਦਿੰਦੇ ਹਨ ਬਜਾਏ ਇਸ ਦੇ ਕਿ ਉਹ ਲੋਕਾਂ ਦੀ ਗੱਲ ਨੂੰ ਸੰਜੀਦਗੀ ਨਾਲ ਸੁਣ ਕੇ ਕੋਈ ਸਾਰਥਕ ਕਦਮ ਚੁੱਕਣ। ਇਹ ਵਰਤਾਰੇ ਰੁਕਣ ਦੀ ਬਜਾਏ ਲਗਾਤਾਰ ਵਧਦੇ ਹੀ ਜਾ ਰਹੇ ਹਨ । ਅਜਿਹੇ ਹਾਲਾਤ ਦੇ ਚਲਦਿਆਂ ਸਰਕਾਰ ਨੂੰ ਨੈਤਿਕ ਜ਼ਿੰਮੇਵਾਰੀ ਲੈਂਦਿਆਂ ਜਾਂ ਤਾਂ ਅਸਤੀਫਾ ਦੇਣਾ ਚਾਹੀਦਾ ਹੈ ਜਾਂ ਫਿਰ ਹਾਲਾਤ ਨੂੰ ਕਾਬੂ ਹੇਠ ਕਰਕੇ ਅਮਲ ਵਿੱਚ ਵਿਖਾਉਣਾ ਹੋਵੇਗਾ, ਤਾਂ ਜੋ ਲੋਕ ਪੰਜਾਬ ਵਿੱਚ ਖੌਫਜ਼ਦਾ ਮਾਹੌਲ ਵਿੱਚੋਂ ਬਾਹਰ ਨਿਕਲ ਕੇ ਰਾਹਤ ਮਹਿਸੂਸ ਕਰ ਸਕਣ ਅਤੇ ਉਹ ਕਾਨੂੰਨ ਆਪਣੇ ਹੱਥ ਵਿੱਚ ਲੈਣ ਲਈ ਮਜਬੂਰ ਨਾ ਹੋ ਜਾਣ। ਸਰਕਾਰ ਪੁਲਸ, ਨਸ਼ਾ ਤਸਕਰਾਂ, ਗੈਂਗਸਟਰਾਂ ਅਤੇ ਅਪਰਾਧੀਆਂ ਦੇ ਚੱਲ ਰਹੇ ਗੱਠਜੋੜ ਨੂੰ ਸਖਤੀ ਨਾਲ ਖਤਮ ਕਰਕੇ ਲੋਕਾਂ ਦਾ ਭਰੋਸਾ ਜਿੱਤੇ। ਸਰਕਾਰ ਇਸ਼ਤਿਹਾਰਬਾਜ਼ੀ, ਫੋਕੀ ਅਤੇ ਝੂਠੀ ਬਿਆਨਬਾਜ਼ੀ ਦੇ ਸਹਾਰੇ ਖੁਸ਼ ਨਾ ਹੋਵੇ। ਪੰਜਾਬ ਵਿੱਚ ਜਲਦੀ ਹੋਣ ਜਾ ਰਹੀਆਂ ਅਸੈਂਬਲੀ ਚੋਣਾਂ ਦੇ ਨੇੜੇ ਆਮ ਲੋਕਾਂ ਦੇ ਕਤਲਾਂ ਅਤੇ ਹੋਰ ਅਪਰਾਧਾਂ ਤੋਂ ਇਲਾਵਾ ਜੋ ਚੋਣਵੇਂ ਕਤਲ ਹੋ ਰਹੇ ਹਨ ਅਤੇ ਪੁਲਸ ਦੇ ਥਾਣੇਦਾਰ ਤੱਕ ਮਾਰੇ ਜਾ ਰਹੇ ਹਨ, ਇਹ ਹਾਲਾਤ ਦੇ ਆਉਣ ਵਾਲੇ ਸਮੇਂ ਵਿੱਚ ਹੋਰ ਖਰਾਬ ਹੋਣ ਦੇ ਸੰਕੇਤ ਦੇ ਰਹੇ ਹਨ। ਸੀ ਪੀ ਆਈ ਆਗੂਆਂ ਨੇ ਸੰਜੀਦਾ ਪਾਰਟੀਆਂ ਅਤੇ ਪੰਜਾਬ ਦੇ ਲੋਕਾਂ ਨੂੰ ਸੁਚੇਤ ਰੂਪ ਵਿੱਚ ਅੱਗੇ ਆਉਣ ਦੀ ਲੋੜ 'ਤੇ ਜ਼ੋਰ ਦਿੱਤਾ ਹੈ, ਤਾਂ ਕਿ ਪੰਜਾਬ ਵਿੱਚ ਸੁਰੱਖਿਅਤ ਮਾਹੌਲ ਸਿਰਜਿਆ ਜਾ ਸਕੇ।

### ਸਿਪਾਹੀ ਤੋਂ 15 ਕਿੱਲੋ ਹੈਰੋਇਨ ਬਰਾਮਦ



**ਚੰਡੀਗੜ੍ਹ :** 'ਬਾਜ਼ ਅੱਖ' ਬੈਨਰ ਹੇਠ ਕੌਮਾਂਤਰੀ ਸਰਹੱਦ 'ਤੇ ਖੜ੍ਹੀ ਕੀਤੀ 'ਐਂਟੀ ਡਰੋਨ ਸਿਸਟਮ' ਵਾਲੀ ਬੱਸ 'ਤੇ ਤਾਇਨਾਤ ਪੰਜਾਬ ਪੁਲਸ ਦੇ ਸਿਪਾਹੀ ਕਰਮ ਸਿੰਘ ਨੂੰ ਨਾਰਕੋਟਿਕਸ ਕੰਟਰੋਲ ਬਿਊਰੋ ਅਤੇ ਬੀ ਐੱਸ ਐੱਫ ਨੇ ਰਾਤ ਫੜ ਕੇ 15 ਕਿੱਲੋ ਹੈਰੋਇਨ ਬਰਾਮਦ ਕੀਤੀ। ਤਰਨ ਤਾਰਨ ਪੁਲਸ ਦਾ ਸਿਪਾਹੀ ਕਰਮ ਸਿੰਘ ਪਿੰਡ ਭੂਸੇ ਦਾ ਰਹਿਣ ਵਾਲਾ ਹੈ ਅਤੇ ਥਾਣਾ ਖਾਲੜਾ ਦੇ ਖੇਤਰ ਵਿੱਚ ਕੌਮਾਂਤਰੀ ਸਰਹੱਦ 'ਤੇ ਐਂਟੀ ਡਰੋਨ ਸਿਸਟਮ 'ਤੇ ਉਸ ਦੀ ਤਾਇਨਾਤੀ ਸੀ। ਉਸ ਨੂੰ ਉਦੋਂ ਕਾਬੂ ਕੀਤਾ ਗਿਆ, ਜਦੋਂ ਉਹ ਡਿਊਟੀ ਖਤਮ ਹੋਣ ਮਗਰੋਂ ਆਪਣੇ ਪਿੰਡ ਆ ਰਿਹਾ ਸੀ। ਸੂਤਰ ਦੱਸਦੇ ਹਨ ਕਿ ਸਿਪਾਹੀ ਕਰਮ ਸਿੰਘ ਖੁਦ ਵੀ ਨਸ਼ਾ ਕਰਦਾ ਹੈ। ਹੁਣ ਪੁੱਛਗਿੱਛ ਕੀਤੀ ਜਾ ਰਹੀ ਹੈ ਕਿ ਉਸ ਨੇ 15 ਕਿੱਲੋ ਦੀ ਇਹ ਖੇਪ ਕਿਵੇਂ ਪ੍ਰਾਪਤ ਕੀਤੀ।

### ਪਤੀ-ਪਤਨੀ ਹੈਰੋਇਨ ਸਣੇ ਫੜੇ

**ਗੋਇੰਦਵਾਲ :** ਥਾਣਾ ਗੋਇੰਦਵਾਲ ਸਾਹਿਬ ਦੇ ਪਿੰਡ ਧੂੰਦਾ ਦੇ ਪਤੀ-ਪਤਨੀ ਨੂੰ ਮੰਗਲਵਾਰ ਐਂਟੀ ਨਾਰਕੋਟਿਕ ਟਾਕਸ ਫੋਰਸ ਜਲੰਧਰ-1 ਦੀ ਟੀਮ ਨੇ 501 ਗ੍ਰਾਮ ਹੈਰੋਇਨ ਸਣੇ ਗ੍ਰਿਫਤਾਰ ਕਰ ਲਿਆ। ਫੋਰਸ ਨੇ ਗੁਰਵਿੰਦਰ ਸਿੰਘ ਗਿੰਦਾ ਤੇ ਉਸ ਦੀ ਪਤਨੀ ਬਲਵਿੰਦਰ ਕੌਰ ਨੂੰ ਥਾਣਾ ਗੋਇੰਦਵਾਲ ਸਾਹਿਬ ਤੋਂ ਮਹਿਜ਼ ਢਾਈ ਸੌ ਮੀਟਰ ਦੂਰੀ 'ਤੇ ਪਿੰਡ ਖੱਖ ਦੇ ਪਿਛਲੇ ਪਾਸੇ ਪਿੰਡ ਧੂੰਦਾ ਨਜ਼ਦੀਕ ਸਵਿਫਟ ਕਾਰ 'ਤੇ ਜਾਂਦਿਆਂ ਫੜਿਆ। ਦੋਵਾਂ 'ਤੇ ਪਹਿਲਾਂ ਵੀ ਮਾਮਲੇ ਦਰਜ ਹਨ।

### ਮੈਡ ਸੰਧੂ ਕਤਲ ਕੇਸ ਦਾ ਮੁੱਖ ਮੁਲਜ਼ਮ ਗ੍ਰਿਫਤਾਰ

**ਜਲੰਧਰ (ਐਲਬਰਟ ਸ਼ੈਲੀ) :** ਮੀਡੀਆ ਇਨਫਲੂਐਂਸਰ ਮੈਡ ਸੰਧੂ ਕਤਲ ਕੇਸ ਵਿੱਚ ਕਾਊਂਟਰ ਇੰਟੈਲੀਜੈਂਸ ਜਲੰਧਰ ਨੇ ਮੁੰਬਈ ਏ ਟੀ ਐੱਸ ਦੇ ਤਾਲਮੇਲ ਨਾਲ ਮੁੱਖ ਮੁਲਜ਼ਮ ਜੋਬਨਪ੍ਰੀਤ ਨੂੰ ਮੁੰਬਈ ਤੋਂ ਗ੍ਰਿਫਤਾਰ ਕੀਤਾ ਹੈ। ਉਸ ਕੋਲੋਂ 3 ਪਿਸਤੌਲ, 5 ਮੈਗਜ਼ੀਨ ਅਤੇ 11 ਕਾਰਤੂਸ ਬਰਾਮਦ ਕੀਤੇ ਗਏ ਹਨ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਵਿੱਚ ਉਸ ਨੇ ਤਰਨ ਤਾਰਨ ਜ਼ਿਲ੍ਹੇ ਵਿੱਚ ਜਬਰੀ ਵਸੂਲੀ ਨਾਲ ਜੁੜੀਆਂ ਤਿੰਨ ਗੋਲੀਬਾਰੀ ਦੀਆਂ ਘਟਨਾਵਾਂ ਵਿੱਚ ਆਪਣੀ ਸ਼ਮੂਲੀਅਤ ਕਬੂਲ ਕੀਤੀ ਹੈ। ਇਸ ਤੋਂ ਪਹਿਲਾਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਗੁਜਰਾਤ ਪੁਲਸ ਨਾਲ ਮਿਲ ਕੇ ਮੁੱਖ ਸ਼ੂਟਰ ਨੂੰ ਗ੍ਰਿਫਤਾਰ ਕੀਤਾ ਸੀ ਅਤੇ ਉਸ ਦੇ ਦੋ ਹੋਰ ਸਾਥੀਆਂ ਨੂੰ ਮੰਗਲਵਾਰ ਗ੍ਰਿਫਤਾਰ ਕੀਤਾ ਸੀ। ਜੋਬਨਪ੍ਰੀਤ ਦੀ ਗ੍ਰਿਫਤਾਰੀ ਇਸ ਮਾਮਲੇ ਵਿੱਚ ਨੌਵੀਂ ਹੈ। ਮਧੂਸੂਦਨ ਉਰਫ ਮੈਡ ਸੰਧੂ ਨੂੰ 3 ਅਕਤੂਬਰ ਨੂੰ ਉਸ ਵੇਲੇ ਮਾਰ ਦਿੱਤਾ ਗਿਆ ਸੀ, ਜਦੋਂ ਉਹ ਸ਼ਾਮ ਵੇਲੇ ਆਪਣੀ ਕਾਰ ਧੁਆਉਣ ਵਾਸਤੇ ਲੁਹਾਰਕਾ ਰੋਡ 'ਤੇ ਗਿਆ ਸੀ।

## ਦੀਪਕੇ ਵੱਲੋਂ ਭਲਕੇ ਕਨਾਟ ਪਲੇਸ ਪੁੱਜਣ ਦਾ ਸੱਦਾ



**ਨਵੀਂ ਦਿੱਲੀ:** ਕਾਕਰੋਚ ਜਨਤਾ ਪਾਰਟੀ ਦੇ ਸੰਸਥਾਪਕ ਅਭਿਜੀਤ ਦੀਪਕੇ ਨੇ 'ਦੇਸ਼ ਭਗਤਾਂ' ਨੂੰ ਸ਼ੁੱਕਰਵਾਰ ਨੂੰ ਦਿੱਲੀ ਦੇ ਵਪਾਰਕ ਕੇਂਦਰ ਕਨਾਟ ਪਲੇਸ ਦੇ ਸੈਂਟਰਲ ਪਾਰਕ ਵਿੱਚ ਰਾਸ਼ਟਰੀ ਝੰਡੇ ਸਮੇਤ ਇਕੱਠੇ ਹੋਣ ਦਾ ਸੱਦਾ ਦਿੱਤਾ ਹੈ। ਦੀਪਕੇ ਨੇ ਬੁੱਧਵਾਰ ਨੂੰ ਐਕਸ 'ਤੇ ਕਿਹਾ ਹੈ ਕਿ ਸੀ ਜੇ ਪੀ ਮੈਂਬਰਾਂ ਸੌਰਵ ਦਾਸ ਅਤੇ ਆਸ਼ੂਤੋਸ਼ ਰਾਂਕਾ ਨੂੰ ਸਿਰਫ ਤਿਰੰਗੇ ਲਹਿਰਾਉਣ ਲਈ ਜੇਲ੍ਹ ਭੇਜਿਆ ਗਿਆ ਹੈ । ਉਨ੍ਹਾਂ ਕਿਹਾ ਕਿ ਅਸੀਂ ਦਿਖਾਵਾਂਗੇ ਕਿ ਤਿਰੰਗਾ ਲਹਿਰਾਉਣਾ ਕੋਈ ਅਪਰਾਧ ਨਹੀਂ ਹੈ। ਇਹ ਕਾਲ ਉਸ ਦਿਨ ਆਈ ਹੈ ਜਦੋਂ ਦਾਸ ਅਤੇ ਰੰਕਾ ਨੂੰ ਪੰਜ ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਭੇਜਿਆ ਗਿਆ ਹੈ। ਦੀਪਕੇ ਨੇ ਕਿਹਾ ਕਿ ਮੈਂ ਤਿਰੰਗਾ ਪਸੰਦ ਕਰਨ ਵਾਲੇ ਸਾਰੇ ਦੇਸ਼ ਭਗਤਾਂ ਨੂੰ ਅਪੀਲ ਕਰਦਾ ਹਾਂ ਕਿ ਉਹ 16 ਅਕਤੂਬਰ ਨੂੰ ਸ਼ਾਮ 5 ਵਜੇ ਰਾਸ਼ਟਰੀ ਝੰਡੇ ਦੇ ਨਾਲ ਸੈਂਟਰਲ ਪਾਰਕ, ਕਨਾਟ ਪਲੇਸ ਆਉਣ। ਉਸ ਨੇ ਕਿਹਾ ਕਿ ਇਸ ਤੋਂ ਬਾਅਦ ਮੈਨੂੰ ਵੀ ਜੇਲ੍ਹ ਹੋ ਸਕਦੀ ਹੈ, ਪਰ ਮੈਂ ਚਿੰਤਤ ਨਹੀਂ ਹਾਂ। ਤਿਰੰਗਾ ਮੇਰਾ ਮਾਣ ਹੈ ਅਤੇ ਮੈਂ ਇਸ ਨੂੰ ਉੱਚਾ ਚੁੱਕਾਂਗਾ।

### ਦੀਪਕੇ ਵੱਲੋਂ ਰਾਹੁਲ ਦਾ ਧੰਨਵਾਦ

**ਨਵੀਂ ਦਿੱਲੀ (ਨ ਜ਼ ਸ) :** ਜੰਤਰ-ਮੰਤਰ 'ਚ ਦਾਖਲ ਹੋਣ ਦੀ ਕੋਸ਼ਿਸ਼ ਕਰਨ ਵਾਲੇ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਆਗੂਆਂ ਦੀ ਗ੍ਰਿਫਤਾਰੀ ਦੀ ਨਿੰਦਾ ਕਰਦੇ ਹੋਏ ਰਾਹੁਲ ਗਾਂਧੀ ਨੇ ਬੁੱਧਵਾਰ ਕਿਹਾ ਕਿ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਵਿੱਚ ਜੰਤਰ-ਮੰਤਰ 'ਤੇ ਤਿਰੰਗਾ ਲਹਿਰਾਉਣਾ ਅਪਰਾਧ ਨਹੀਂ। ਨੌਜਵਾਨਾਂ ਨੂੰ ਇਸ ਲਈ ਜੇਲ੍ਹ ਵਿੱਚ ਸੁੱਟਣਾ ਬੁਜ਼ਦਿਲੀ ਦੀ ਨਿਸ਼ਾਨੀ ਹੈ। ਵਿਦਿਆਰਥੀ। ਨੌਜਵਾਨ। ਪੱਤਰਕਾਰ। ਭਾਰਤ ਬਲਾਕ। ਵੱਖ-ਵੱਖ ਬੈਨਰ, ਇੱਕ ਕਾਰਨ। ਸਾਰੇ ਵਿਰੋਧ ਪ੍ਰਦਰਸ਼ਨ ਇੱਕ ਹਨ : ਆਪਣੇ ਸੰਵਿਧਾਨਕ ਅਧਿਕਾਰਾਂ ਦੀ ਮੰਗ ਕਰਨ ਵਾਲੇ ਨਾਗਰਿਕ। ਜੰਤਰ-ਮੰਤਰ ਭਾਰਤ ਦੇ ਲੋਕਾਂ ਦਾ ਹੈ, ਅਸੀਂ ਇਸ ਨੂੰ ਵਾਪਸ ਪ੍ਰਾਪਤ ਕਰਾਂਗੇ। ਰਾਹੁਲ ਦੇ ਬਿਆਨ ਦੇ ਜਵਾਬ ਵਿੱਚ ਪਾਈ ਪੋਸਟ 'ਚ ਸੀ ਜੇ ਪੀ ਦੇ ਪ੍ਰਧਾਨ ਅਭਿਜੀਤ ਦੀਪਕੇ ਨੇ ਜਵਾਬ ਦਿੱਤਾ, 'ਧੰਨਵਾਦ ਰਾਹੁਲ ਸਰ, ਸੀ ਜੇ ਪੀ ਆਗੂ ਆਸ਼ੂਤੋਸ਼ ਰੰਕਾ ਤੇ ਸੌਰਵ ਦਾਸ ਦੀ ਗੈਰ-ਕਾਨੂੰਨੀ ਗ੍ਰਿਫਤਾਰੀ ਵਿਰੁੱਧ ਬੋਲਣ ਲਈ।

## ਨਸ਼ਾ ਕਾਰੋਬਾਰ ਨੂੰ ਠੱਲ੍ਹ ਪਾਉਣ 'ਚ ਕੇਂਦਰ ਤੇ ਪੰਜਾਬ ਸਰਕਾਰ ਨਾਕਾਮ : ਪ੍ਰਲੇਸ

**ਜਲੰਧਰ (ਨ ਜ਼ ਸ) :** ਪ੍ਰਗਤੀਸ਼ੀਲ ਲੇਖਕ ਸੰਘ (ਪ੍ਰਲੇਸ) ਪੰਜਾਬ ਨੇ ਨਸ਼ਾ ਵਿਰੋਧੀ ਮੁਹਿੰਮ ਦੇ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਦਿਨ-ਦਿਹਾੜੇ ਹੋਏ ਕਤਲ 'ਤੇ ਡੂੰਘੇ ਦੁੱਖ ਅਤੇ ਰੋਸ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਸੰਸਥਾ ਦੇ ਕੌਮੀ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ, ਸੂਬਾਈ ਪ੍ਰਧਾਨ ਸੁਰਜੀਤ ਜੱਜ, ਸੂਬਾਈ ਜਨਰਲ ਸਕੱਤਰ ਡਾ. ਕੁਲਦੀਪ ਸਿੰਘ ਦੀਪ, ਉੱਘੇ ਚਿੰਤਕ ਡਾ. ਸਵਰਾਜਬੀਰ ਅਤੇ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਜਦੋਂ ਮੌਜੂਦਾ ਪੰਜਾਬ ਸਰਕਾਰ ਚੋਣ ਜਿੱਤ ਕੇ ਆਈ ਸੀ ਤਾਂ ਉਸ ਦਾ ਸਭ ਤੋਂ ਅਹਿਮ ਏਜੰਡਾ ਪੰਜਾਬ ਵਿੱਚੋਂ ਨਸ਼ਿਆਂ ਦਾ ਖਾਤਮਾ ਕਰਨਾ ਸੀ, ਪਰ ਹੁਣ ਜਦੋਂ ਸਰਕਾਰ ਦਾ ਕਾਰਜਕਾਲ ਮੁਕੰਮਲ ਹੋਣ ਕਿਨਾਰੇ ਹੈ, ਪੰਜਾਬ ਵਿੱਚ ਨਸ਼ਾ ਆਪਣੇ ਹੁਣ ਤੱਕ ਦੇ ਸਭ ਤੋਂ ਭਿਆਨਕ ਦੌਰ ਵਿੱਚ ਹੈ। ਆਗੂਆਂ ਕਿਹਾ ਕਿ ਦੁਖਾਂਤ ਇਹ ਹੈ ਕਿ ਨਾ ਤਾਂ ਪੰਜਾਬ ਸਰਕਾਰ ਸਿੱਧੇ ਤੌਰ 'ਤੇ ਨਸ਼ਿਆਂ ਨੂੰ ਰੋਕਣ ਵਿੱਚ ਸਫ਼ਲ ਰਹੀ ਹੈ ਅਤੇ ਨਾ ਹੀ ਆਪਣੇ ਪੱਧਰ 'ਤੇ ਨਸ਼ਾ ਗਰੋਹਾਂ ਦਾ ਮੁਕਾਬਲਾ ਕਰਨ ਲਈ ਮੈਦਾਨ ਵਿੱਚ ਨਿੱਤਰੇ ਲੋਕਾਂ ਦੀ ਸੁਰੱਖਿਆ ਕਰਨ ਵਿੱਚ ਸਫ਼ਲ ਰਹੀ ਹੈ। ਸਿੱਟੇ ਵਜੋਂ ਦਿਨ-ਦਿਹਾੜੇ ਨਸ਼ੇ ਦੇ ਅਣਮਨੁੱਖੀ ਕਾਰੋਬਾਰ ਵਿੱਚ ਲੱਗੀਆਂ ਤਾਕਤਾਂ ਦੇ ਹੌਸਲੇ ਬੁਲੰਦ ਹੋ ਰਹੇ ਹਨ ਅਤੇ ਉਹ ਵਿਰੋਧ ਕਰਨ ਵਾਲੇ ਲੋਕਾਂ 'ਤੇ ਹਮਲੇ ਕਰ ਰਹੀਆਂ ਹਨ। ਸੰਸਥਾ ਦੇ ਅਹੁਦੇਦਾਰਾਂ ਡਾ. ਪਾਲ ਕੌਰ, ਡਾ. ਅਨੂਪ ਸਿੰਘ, ਗੁਰਨਾਮ ਕੰਵਰ, ਪ੍ਰੋ. ਬਲਦੇਵ ਸਿੰਘ ਬੱਲੀ, ਬਲਦੇਵ ਮੋਗਾ, ਡਾ. ਸੁਰਜੀਤ ਸਿੰਘ ਬਰਾੜ, ਡਾ. ਗੁਲਜ਼ਾਰ ਪੰਧੇਰ, ਰਮੇਸ਼ ਯਾਦਵ, ਜਸਪਾਲ ਮਾਨਖੇੜਾ, ਦਰਸ਼ਨ ਜੋਗਾ, ਹਰਮੀਤ ਵਿਦਿਆਰਥੀ, ਲਾਭ ਸਿੰਘ ਖੀਵਾ, ਸਰਬਜੀਤ ਕੌਰ ਸੋਹਲ, ਸੁਰਿੰਦਰ ਅਤੈ ਸਿੰਘ, ਸ਼ਬਦੀਸ਼, ਸਤਪਾਲ ਭੀਖੀ, ਭੋਲਾ ਸਿੰਘ ਸੰਘੇੜਾ, ਤਰਸੇਮ, ਸੁਖਵਿੰਦਰ ਪੱਪੀ, ਬੀਰਇੰਦਰ ਸਿੰਘ ਬਨਭੌਰੀ, ਡਾ. ਕੁਲਬੀਰ ਮਲਿਕ, ਪ੍ਰੋ. ਅਮੀਰ ਸੁਲਤਾਨਾ, ਡਾ. ਅਰਵਿੰਦਰ

• ਬਾਕੀ ਸਫਾ 2 'ਤੇ

## ਕੇਂਦਰੀ ਪੰਜਾਬੀ ਲੇਖਕ ਸਭਾ ਦੀਆਂ ਚੋਣਾਂ ਲਈ ਵੱਡੀ ਪੱਧਰ 'ਤੇ ਨਾਮਜ਼ਦਗੀਆਂ

### ਕਾਗਜ਼ਾਂ ਦੀ ਪੜਤਾਲ ਅੱਜ, ਚੋਣਾਂ 25 ਨੂੰ

**ਜਲੰਧਰ (ਕੇਸਰ) :** ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਵੱਲੋਂ ਨਿਰਧਾਰਤ ਕੀਤੇ ਗਏ ਚੋਣ ਅਧਿਕਾਰੀਆਂ ਨੇ ਇੱਕ ਸਾਂਝੇ ਬਿਆਨ ਵਿੱਚ ਦੱਸਿਆ ਕਿ 25 ਅਕਤੂਬਰ ਨੂੰ ਹੋਣ ਵਾਲੀਆਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਅਹੁਦੇਦਾਰਾਂ ਦੀਆਂ ਚੋਣਾਂ ਲਈ 14 ਅਕਤੂਬਰ ਸ਼ਾਮ 4 ਵਜੇ ਤੱਕ ਨਾਮਜ਼ਦਗੀ ਪ੍ਰਾਪਤ ਕਰਨ ਦਾ ਸਮਾਂ ਸੀ। ਇਸ ਸਮੇਂ ਦੌਰਾਨ ਵੱਡੀ ਗਿਣਤੀ ਵਿੱਚ ਨਾਮਜ਼ਦਗੀ ਪੱਤਰ ਪ੍ਰਾਪਤ ਹੋਏ। ਤਿੰਨਾਂ ਚੋਣ ਅਧਿਕਾਰੀਆਂ ਡਾ. ਲਖਵਿੰਦਰ ਜੌਹਲ, ਸਤਨਾਮ ਸਿੰਘ ਮਾਣਕ ਤੇ ਤੇਜਿੰਦਰ ਵਿਰਲੀ ਨੇ ਕਿਹਾ ਕਿ ਪ੍ਰਧਾਨਗੀ ਦੇ ਅਹੁਦੇ ਲਈ 4, ਸੀਨੀਅਰ ਮੀਤ ਪ੍ਰਧਾਨ ਲਈ 8, ਜਨਰਲ ਸਕੱਤਰ ਲਈ 6 ਅਤੇ ਸਕੱਤਰ ਲਈ 15 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖ਼ਲ ਕਰਵਾਏ, ਜਿਹਨਾਂ ਦੀ ਪੜਤਾਲ 15 ਅਕਤੂਬਰ ਨੂੰ ਕੀਤੀ ਜਾਵੇਗੀ।

ਮੁੱਖ ਚੋਣ ਅਧਿਕਾਰੀ ਡਾ. ਲਖਵਿੰਦਰ ਜੌਹਲ ਨੇ ਉਮੀਦਵਾਰਾਂ ਦੀ ਸੂਚੀ ਜਾਰੀ ਕਰਦਿਆਂ ਕਿਹਾ ਕਿ ਪੰਜਾਬੀ ਲੇਖਕ ਜਮਹੂਰੀ ਤਰੀਕੇ ਨਾਲ ਆਪਣੀ ਸਭਾ ਦੀ ਚੋਣ ਕਰਕੇ ਆਪਣੇ ਅਹੁਦੇਦਾਰਾਂ ਸੰਬੰਧੀ ਫੈਸਲੇ ਲੈਂਦੇ ਹਨ। ਇਹ ਮਾਣ ਵਾਲੀ ਗੱਲ ਹੈ ਕਿ ਇਸ ਸਾਲ ਇਹ ਚੋਣਾਂ ਗ਼ਦਰੀ ਦੇਸ਼ ਭਗਤਾਂ ਦੀ ਇਤਿਹਾਸਕ ਯਾਦਗਾਰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਣਗੀਆਂ। ਉਨ੍ਹਾ ਦੱਸਿਆ ਕਿ ਪ੍ਰਧਾਨਗੀ ਅਹੁਦੇ ਲਈ ਸੁਸ਼ੀਲ ਦੋਸਾਂਝ, ਸੁਰਜੀਤ ਜੱਜ, ਮੱਖਣ ਕੋਹਾੜ, ਜਸਪਾਲ ਮਾਣਖੇੜਾ, ਸੀਨੀਅਰ ਮੀਤ ਪ੍ਰਧਾਨ ਲਈ ਡਾ. ਅਨੂਪ ਸਿੰਘ, ਦਿਲਜੀਤ ਸਿੰਘ ਸ਼ਾਹੀ, ਮੱਖਣ ਕੋਹਾੜ, ਸ਼ਿੰਦਰਪਾਲ ਸਿੰਘ (ਪ੍ਰੋ.), ਸੁਸ਼ੀਲ ਦੁਸਾਂਝ, ਦੀਪ ਦਵਿੰਦਰ ਸਿੰਘ, ਅਮਰਿੰਦਰ ਸਿੰਘ ਸੋਹਲ, ਡਾ. ਗੁਰਵਿੰਦਰ ਅਮਨ, ਇਸੇ ਤਰ੍ਹਾਂ ਮੀਤ ਪ੍ਰਧਾਨ ਲਈ ਅਮਰਿੰਦਰ ਸਿੰਘ ਸੋਹਲ, ਸੁਰਿੰਦਰਜੀਤ ਚੌਹਾਨ, ਜੈਨਿੰਦਰ ਚੌਹਾਨ, ਸੁਰਿੰਦਰ ਗਿੱਲ ਜੈਪਾਲ, ਦੀਪ ਦਵਿੰਦਰ ਸਿੰਘ, ਸ਼ੈਲਿੰਦਰਜੀਤ ਸਿੰਘ ਰਾਜਨ, ਸੁਰਿੰਦਰਪ੍ਰੀਤ ਘਣੀਆ, ਜਸਵੰਤ ਰਾਏ, ਗੁਰਮੀਤ ਸਿੰਘ ਬਾਜਵਾ, ਗੁਰਸੇਵਕ ਸਿੰਘ ਢਿੱਲੋਂ, ਹਰਜੀਤ ਸਿੰਘ ਸੰਧੂ, ਬਲਦੇਵ ਸਿੰਘ ਬੱਲੀ, ਸ਼ਬਦੀਸ਼, ਤਰਲੋਚਨ ਝਾਂਡੇ, ਬਲਵਿੰਦਰ ਸਿੰਘ ਭੁੱਲਰ, ਮਨਪ੍ਰੀਤ ਰਿੰਪੀ, ਭੁਪਿੰਦਰ ਕੌਰ ਪ੍ਰੀਤ ਤੇ ਪਾਲ ਗੁਰਦਾਸਪੁਰੀ ਨੇ ਨਾਮਜ਼ਦਗੀ ਪੱਤਰ ਦਾਖ਼ਲ ਕਰਵਾਏ। ਇਸੇ ਤਰ੍ਹਾਂ ਜਨਰਲ ਸਕੱਤਰ ਲਈ ਸੁਸ਼ੀਲ ਦੁਸਾਂਝ, ਹਰਮੀਤ ਵਿਦਿਆਰਥੀ, ਹਰਵਿੰਦਰ

• ਬਾਕੀ ਸਫਾ 2 'ਤੇ

### ਨੀਲਾ ਡਰੰਮ ਕਤਲ ਮਾਮਲੇ 'ਚ ਔਰਤ ਤੇ ਸਾਥੀ ਨੂੰ ਫਾਂਸੀ ਦੀ ਸਜ਼ਾ



**ਮੇਰਠ :** ਜ਼ਿਲ੍ਹਾ ਜੱਜ ਅਰਵਿੰਦ ਕੁਮਾਰ ਮਿਸ਼ਰਾ ਨੇ ਬੁੱਧਵਾਰ ਨੂੰ ਚਰਚਿਤ 'ਨੀਲੇ ਡਰੰਮ' ਕੇਸ ਵਿੱਚ ਮਰਚੈਂਟ ਨੇਵੀ ਅਧਿਕਾਰੀ ਸੌਰਭ ਰਾਜਪੂਤ ਦੇ ਕਤਲ ਲਈ ਉਸ ਦੀ ਪਤਨੀ ਮੁਸਕਾਨ ਰਸਤੋਗੀ ਅਤੇ ਉਸ ਦੇ ਸਾਥੀ ਸਾਹਿਲ ਸ਼ੁਕਲਾ ਨੂੰ ਫਾਂਸੀ ਦੀ ਸਜ਼ਾ ਸੁਣਾਈ। ਮੁਸਕਾਨ ਅਤੇ ਸਾਹਿਲ ਦੋਵਾਂ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ। ਅਦਾਲਤ ਨੇ 30 ਸਤੰਬਰ ਨੂੰ ਇਨ੍ਹਾਂ ਦੋਵਾਂ ਨੂੰ ਕਤਲ ਕਰਨ ਅਤੇ ਰਾਜਪੂਤ ਦੀ ਲਾਸ਼ ਨੂੰ ਛੁਪਾਉਣ ਦੀ ਕੋਸ਼ਿਸ਼ ਕਰਨ ਦਾ ਦੋਸ਼ੀ ਠਹਿਰਾਇਆ ਸੀ।

### ਪੈਟਰੋਲ ਪੰਪ ਮਾਲਕਾਂ ਵੱਲੋਂ ਐੱਮ ਡੀ ਆਰ ਦਾ ਸਖਤ ਵਿਰੋਧ

**ਚੰਡੀਗੜ੍ਹ (ਨ ਜ਼ ਸ) :** ਪੰਜਾਬ ਅਤੇ ਹਰਿਆਣਾ ਦੇ ਪੈਟਰੋਲੀਅਮ ਡੀਲਰਾਂ ਨੇ ਯੂ ਪੀ ਆਈ 'ਤੇ ਲੱਗਣ ਵਾਲੇ ਐੱਮ ਡੀ ਆਰ 'ਤੇ ਨਾਰਾਜ਼ਗੀ ਦਾ ਪ੍ਰਗਟਾਵਾ ਕਰਦਿਆਂ ਆਉਣ ਵਾਲੇ ਦਿਨਾਂ ਵਿੱਚ ਯੂ ਪੀ ਆਈ ਰਾਹੀਂ ਪੈਸੇ ਨਾ ਲੈਣ ਦਾ ਐਲਾਨ ਕੀਤਾ ਹੈ। ਪੈਟਰੋਲ ਪੰਪਾਂ ਦੀ ਐਸੋਸੀਏਸ਼ਨ ਦੇ ਪੰਜਾਬ ਪ੍ਰਧਾਨ ਪਰਮਜੀਤ ਸਿੰਘ ਦੋਆਬਾ ਅਤੇ ਸੂਬਾ ਬੁਲਾਰੇ ਮੋਂਟੀ ਸਹਿਗਲ ਨੇ ਕਿਹਾ ਕਿ ਪੈਟਰੋਲੀਅਮ ਡੀਲਰ ਪਹਿਲਾਂ ਹੀ ਕਈ ਤਰ੍ਹਾਂ ਦੀਆਂ ਆਰਥਕ ਮੁਸ਼ਕਲਾਂ ਨਾਲ ਜੂਝ ਰਹੇ ਹਨ। ਡੀਲਰਾਂ ਨੂੰ ਪਹਿਲਾਂ ਹੀ ਤੇਲ ਦੀ ਵਿਕਰੀ 'ਤੇ ਬਹੁਤ ਘੱਟ ਕਮਿਸ਼ਨ ਮਿਲ ਰਿਹਾ ਹੈ ਅਤੇ ਤੇਲ ਕੰਪਨੀਆਂ ਦੀਆਂ ਮਨਮਾਨੀਆਂ ਕਾਰਨ ਪੰਪ ਚਲਾਉਣਾ ਔਖਾ ਹੋ ਚੁੱਕਾ ਹੈ। ਇਸ ਤੋਂ ਇਲਾਵਾ ਡਿਜੀਟਲ ਲੈਣ-ਦੇਣ 'ਤੇ ਕੱਟੇ ਜਾਣ ਵਾਲੇ ਐੱਮ ਡੀ ਆਰ ਚਾਰਜ ਦਾ ਸਿੱਧਾ ਅਸਰ ਡੀਲਰਾਂ ਦੇ ਸਿਰ ਪੈਣਾ ਹੈ। ਉਨ੍ਹਾਂ ਕਿਹਾ ਕਿ ਜੇ ਕੇਂਦਰ ਸਰਕਾਰ ਨੇ ਪੈਟਰੋਲ ਪੰਪ ਮਾਲਕਾਂ ਦੀ ਸੁਣਵਾਈ ਨਾ ਕੀਤੀ ਤਾਂ ਕੌਮੀ ਪੱਧਰ ਉੱਤੇ ਰਣਨੀਤੀ ਤਿਆਰ ਕਰਕੇ ਵੱਡਾ ਸੰਘਰਸ਼ ਉਲੀਕਿਆ ਜਾਵੇਗਾ। ਐਸੋਸੀਏਸ਼ਨ ਨੇ ਕਿਹਾ ਕਿ ਪੈਟਰੋਲ ਪੰਪ ਉੱਤੇ ਹਰ ਕਿਸੇ ਲਈ ਬਾਥਰੂਮ ਦੀ ਸਹੂਲਤ ਉਪਲੱਬਧ ਹੈ, ਪਰ ਕੁਝ ਨੌਜਵਾਨਾਂ ਵੱਲੋਂ ਪੈਟਰੋਲ ਪੰਪ ਦੇ ਬਾਥਰੂਮਾਂ ਨੂੰ ਨਸ਼ਿਆਂ ਲਈ ਵਰਤਿਆ ਜਾ ਰਿਹਾ ਹੈ। ਇਸ ਲਈ ਪੈਟਰੋਲ ਪੰਪ ਦੇ ਬਾਥਰੂਮ ਨੂੰ ਤਾਲਾ ਲਗਾਉਣ ਦੀ ਪ੍ਰਵਾਨਗੀ ਪੈਟਰੋਲ ਪੰਪ ਪ੍ਰਬੰਧਕਾਂ ਨੂੰ ਦਿੱਤੀ ਜਾਵੇ, ਤਾਂ ਜੋ ਨਸ਼ਿਆਂ ਨੂੰ ਰੋਕਿਆ ਜਾ ਸਕੇ।

## ਅੱਜ-ਨਾਮਾ

ਕਰੀ ਦਿੱਲੀ ਵਿੱਚ ਮੀਟਿੰਗ ਹੈ ਲੀਡਰਾਂ ਨੇ,  
ਧਿਰ ਵਿਰੋਧੀ ਦੇ ਜਿਹੜੇ ਹਨ ਖਾਸ ਬੇਲੀ।  
ਪਿਛਲੇ ਦਿਨਾਂ ਤੋਂ ਚੋਖੇ ਸਰਗਰਮ ਜਿਹੜੇ,  
ਹੋਇਆ ਸਿਸਟਮ ਨੇ ਆਖਦੇ ਨਾਸ ਬੇਲੀ।  
ਵਿਗੜੀ ਤਾਣੀ ਹਨ ਆਖਦੇ ਠੀਕ ਕਰਨੀ,  
ਦੇਂਦੇ ਈ ਲੋਕਾਂ ਨੂੰ ਇਹੀ ਧਰਵਾਸ ਬੇਲੀ।  
ਸਰਕਾਰ ਕੇਂਦਰ ਦੀ ਜਾਣਦੀ ਟਿੱਚ ਅੱਗੋਂ,  
ਕਰਦੀ ਭੁੱਲਾਂ ਦਾ ਨਹੀਂ ਅਹਿਸਾਸ ਬੇਲੀ।  
ਵਰਤਦੀ ਫਸੀ ਸਰਕਾਰ ਆ ਸਦਾ ਡੰਡਾ,  
ਕਰਨਾ ਡੰਡੇ ਨਾਲ ਚਾਹੇ ਕੰਟਰੋਲ ਬੇਲੀ।  
ਹੜ੍ਹ ਜਨਤਾ ਦਾ ਏਧਰ ਆ ਵਧੀ ਜਾਂਦਾ,  
ਬਣਦਾ-ਵਿਗੜਦਾ ਰੋਜ਼ ਸਮਤੋਲ ਬੇਲੀ।

-ਤੀਸ ਮਾਰ ਖਾਂ

## ਮਾਨ ਵੱਲੋਂ 154 ਹੋਰ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਤ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ) :** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ 154 ਨਵੇਂ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਤ ਕੀਤੇ, ਜਿਸ ਨਾਲ ਸੂਬੇ ਵਿੱਚ ਕਲੀਨਿਕਾਂ ਦੀ ਕੁੱਲ ਗਿਣਤੀ 1,244 ਹੋ ਗਈ ਹੈ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਉਨ੍ਹਾ ਦੀ ਸਰਕਾਰ ਦੀ ਤਰਜੀਹ ਨਾਅਰਿਆਂ ਦੀ ਰਾਜਨੀਤੀ ਕਰਨ ਦੀ ਬਜਾਏ ਮਿਆਰੀ ਸਿਹਤ ਸੰਭਾਲ, ਸਿੱਖਿਆ ਅਤੇ ਰੁਜ਼ਗਾਰ ਪ੍ਰਦਾਨ ਕਰਨਾ ਹੈ।ਚੱਬੇਵਾਲ ਦੇ ਪਿੰਡ ਹਰਖੋਵਾਲ ਵਿਖੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੇ ਕਲੀਨਿਕਾਂ ਵਿੱਚ 6.48 ਕਰੋੜ ਤੋਂ ਵੱਧ ਓ ਪੀ ਡੀ ਅਤੇ 54.20 ਲੱਖ ਪਰਵਾਰਾਂ ਲਈ 10 ਲੱਖ ਰੁਪਏ ਤੱਕ ਦੀ ਸਿਹਤ ਯੋਜਨਾ ਦਾ ਜ਼ਿਕਰ ਕੀਤਾ। ਉਨ੍ਹਾ ਲੋਕਾਂ ਨੂੰ ਸੁਚੇਤ ਕੀਤਾ ਕਿ ਸਰਕਾਰ ਬਦਲਣ ਨਾਲ ਔਰਤਾਂ ਲਈ ਮੁਫ਼ਤ ਬੱਸ ਸਫ਼ਰ ਅਤੇ ਸਤਿਕਾਰ ਯੋਜਨਾ ਸਮੇਤ ਹੋਰ ਕਲਿਆਣਕਾਰੀ ਪਹਿਲਕਦਮੀਆਂ ਖ਼ਤਰੇ ਵਿੱਚ ਪੈ ਸਕਦੀਆਂ ਹਨ। ਮਾਨ ਨੇ ਕਿਹਾ— ਨਵੇਂ ਸਮਰਪਤ ਕੀਤੇ ਗਏ ਕਲੀਨਿਕਾਂ ਵਿੱਚੋਂ 36 ਅੰਮ੍ਰਿਤਸਰ ਵਿੱਚ, 26 ਪਟਿਆਲਾ ਵਿੱਚ, 17 ਲੁਧਿਆਣਾ ਵਿੱਚ, 12 ਗੁਰਦਾਸਪੁਰ ਵਿੱਚ, 11 ਜਲੰਧਰ ਵਿੱਚ ਅਤੇ 10 ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ) ਜ਼ਿਲ੍ਹੇ ਵਿੱਚ ਹਨ, ਇਸ ਤੋਂ ਇਲਾਵਾ ਬਾਕੀ ਜ਼ਿਲ੍ਹਿਆਂ ਵਿੱਚ ਵੀ ਕਲੀਨਿਕ ਸਥਾਪਤ ਕੀਤੇ ਗਏ ਹਨ। ਇਹ ਕਲੀਨਿਕ 107 ਦਵਾਈਆਂ ਅਤੇ 47 ਤਰ੍ਹਾਂ ਦੇ ਡਾਇਗਨੋਸਟਿਕ ਟੈਸਟ ਬਿਲਕੁਲ ਮੁਫ਼ਤ ਮੁਹੱਈਆ ਕਰਵਾਉਂਦੇ ਹਨ, ਤਾਂ ਜੋ ਲੋਕਾਂ ਨੂੰ ਬਿਨਾਂ ਕਿਸੇ ਵਿੱਤੀ ਮੁਸ਼ਕਲ ਦੇ ਜ਼ਰੂਰੀ ਸਿਹਤ ਸੇਵਾਵਾਂ ਮਿਲ ਸਕਣ। ਮਾਨ ਨੇ ਰਵਾਇਤੀ ਸਿਆਸੀ ਪਾਰਟੀਆਂ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਉਹ ਆਮ ਆਦਮੀ ਕਲੀਨਿਕ, ਮੁੱਖ ਮੰਤਰੀ ਸਿਹਤ ਯੋਜਨਾ, ਔਰਤਾਂ ਲਈ 1,000 ਰੁਪਏ ਮਹੀਨਾਵਾਰ ਸਨਮਾਨ ਰਾਸ਼ੀ ਅਤੇ ਮੁਫ਼ਤ ਬੱਸ ਸਫ਼ਰ ਨੂੰ ਬੰਦ ਕਰਨਾ ਚਾਹੁੰਦੇ ਹਨ, ਕਿਉਂਕਿ ਇਨ੍ਹਾਂ ਨੂੰ ਉਨ੍ਹਾ ਦੀ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਲੋਕ-ਪੱਖੀ ਪਹਿਲਕਦਮੀਆਂ ਨੂੰ ਬਰਦਾਸ਼ਤ ਨਹੀਂ ਹੋ ਰਿਹਾ। ਉਨ੍ਹਾ ਕਿਹਾ ਕਿ ਜਿਨ੍ਹਾਂ ਪਾਰਟੀਆਂ ਨੇ ਦਹਾਕਿਆਂ ਤੱਕ ਪੰਜਾਬ 'ਤੇ ਰਾਜ ਕੀਤਾ, ਉਹ ਹੁਣ ਅੰਦਰੂਨੀ ਫੁੱਟ, ਭਰੋਸੇਯੋਗ ਲੀਡਰਸ਼ਿਪ ਦੀ ਘਾਟ ਅਤੇ ਸੂਬੇ ਲਈ ਸਾਕਾਰਾਤਮਕ ਏਜੰਡਾ ਪੇਸ਼ ਕਰਨ ਵਿੱਚ ਅਸਮਰੱਥ ਹਨ। ਮਾਨ ਨੇ ਕਿਹਾ, 'ਅਕਾਲੀ ਦਲ ਕਦੇ ਦਾਅਵਾ ਕਰਦਾ ਸੀ ਕਿ ਉਹ 25 ਸਾਲ ਪੰਜਾਬ 'ਤੇ ਰਾਜ ਕਰੇਗਾ, ਪਰ ਅੱਜ ਉਹ ਆਪਣੀ ਸਿਆਸੀ ਹੋਂਦ ਬਚਾਉਣ ਲਈ ਜੱਦੋ-ਜਹਿਦ ਕਰ ਰਿਹਾ ਹੈ। ਜਿਨ੍ਹਾਂ ਆਪਣੇ ਰਾਜਨੀਤਕ ਭਵਿੱਖ ਬਾਰੇ ਵੱਡੇ-ਵੱਡੇ ਦਾਅਵੇ ਕੀਤੇ ਸਨ, ਉਹ ਮਜ਼ਬੂਤ ਅਤੇ ਇਕਜੁਟ ਧਿਰ ਬਣਾਉਣ ਵਿੱਚ

• ਬਾਕੀ ਸਫਾ 2 'ਤੇ

## 429 ਕਰੋੜ ਦੇ ਜੀ ਐੱਸ ਟੀ ਧੋਖਾਧੜੀ ਨੈੱਟਵਰਕ ਦਾ ਪਰਦਾ ਫਾਸ਼: ਚੀਮਾ



**ਚੰਡੀਗੜ੍ਹ, (ਗੁਰਜੀਤ ਬਿੱਲਾ) :** ਵਿੱਤ, ਯੋਜਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਬੁੱਧਵਾਰ ਇੱਕ ਬਹੁਤ ਹੀ ਸੰਗਠਿਤ, ਬਹੁ-ਰਾਜੀ ਜੀ ਐੱਸ ਟੀ ਧੋਖਾਧੜੀ ਨੈੱਟਵਰਕ ਦਾ ਪਰਦਾ ਫਾਸ਼ ਕਰਨ ਦਾ ਐਲਾਨ ਕੀਤਾ। ਵੇਰਵੇ ਸਾਂਝੇ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਇਸ ਸ਼ੱਕੀ ਟੈਕਸ ਚੋਰੀ ਵਿੱਚ 2,410.22 ਕਰੋੜ ਰੁਪਏ ਦੀ ਵੱਡੀ ਟੈਕਸਯੋਗ ਰਕਮ ਸ਼ਾਮਲ ਹੈ, ਜਿਸ ਨਾਲ 429.30 ਕਰੋੜ ਰੁਪਏ ਦਾ ਜੀ.ਐਸ.ਟੀ. ਫਰਾਡ ਹੋਇਆ ਹੈ। ਚੀਮਾ ਨੇ ਖੁਲਾਸਾ ਕੀਤਾ ਕਿ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟ (ਸਿਪੂ) ਦੁਆਰਾ ਇਕੱਠੀ ਕੀਤੀ ਗਈ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਪੁਲਸ ਸਟੇਸ਼ਨ ਡਵੀਜ਼ਨ ਨੰਬਰ 4, ਲੁਧਿਆਣਾ ਵਿਖੇ ਇੱਕ ਐੱਫ ਆਈ ਆਰ ਦਰਜ ਕੀਤੀ ਗਈ ਹੈ। ਇਹ ਮਾਮਲਾ ਸ੍ਰੀ ਬਾਲਾਜੀ ਟਰਾਂਸਪੋਰਟ ਕੰਪਨੀ ਦੇ ਮਾਲਕ ਹਰਸ਼ ਥਾਪਰ ਅਤੇ ਉਸ ਦੇ ਸਾਥੀਆਂ ਸੰਮੀ ਧੀਮਾਨ, ਜੱਸ ਅਤੇ ਹੋਰਾਂ ਵਿਰੁੱਧ ਭਾਰਤੀ ਨਿਆਏ ਸੰਹਿਤਾ, 2023 ਦੀਆਂ ਸਬੰਧਤ ਧਾਰਾਵਾਂ ਅਤੇ ਕੇਂਦਰੀ ਵਸਤਾਂ ਅਤੇ ਸੇਵਾਵਾਂ ਕਰ (ਸੀ ਜੀ ਐੱਸ ਟੀ) ਐਕਟ, 2017 ਦੀ ਧਾਰਾ 132 ਤਹਿਤ ਦਰਜ ਕੀਤਾ ਗਿਆ ਹੈ। ਵਿੱਤ ਮੰਤਰੀ ਨੇ ਦੱਸਿਆ ਕਿ ਇਸ ਮਾਮਲੇ ਦੀ ਤਾਰ 30 ਸਤੰਬਰ ਨੂੰ ਜੁੜੀ, ਜਦੋਂ ਸਿਪੂ ਲੁਧਿਆਣਾ ਦੇ ਇੱਕ ਸਟੇਟ ਟੈਕਸ ਅਧਿਕਾਰੀ ਨੇ ਦਿੱਲੀ ਤੋਂ ਪੰਜਾਬ ਆ ਰਹੇ ਸਾਮਾਨ ਵਾਲੇ ਇੱਕ ਵਾਹਨ ਨੂੰ ਰੋਕਿਆ। ਉਨ੍ਹਾ ਕਿਹਾ ਕਿ ਇਹ ਕਾਰਵਾਈ ਇਕ ਵੱਡੇ ਨੈੱਟਵਰਕ ਦੀ

• ਬਾਕੀ ਸਫਾ 2 'ਤੇ

ਨਵਾਂ ਜ਼ਮਾਨਾ
ਵੀਰਵਾਰ, 15 ਅਕਤੂਬਰ 2026

# ਖਾਮੋਸ਼ ਪ੍ਰਦਰਸ਼ਨ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਮਾਸਕ ਪਹਿਨੀ ਮੁਟਿਆਰਾਂ ਦੇ ਇੱਕ ਗਰੁੱਪ ਨੇ ਮੰਗਲਵਾਰ ਦੀ ਰਾਤ ਚੇਨੱਈ ਦੇ ਕਾਠੀਪਾਰਾ ਇਲਾਕੇ ਵਿੱਚ ਇੱਕ ਖਾਮੋਸ਼ ਪ੍ਰੋਟੈਸਟ ਕੀਤਾ। ਉਹ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਆਲੋਚਨਾ ਕਰਨ ਵਾਲੀਆਂ ਤਖਤੀਆਂ ਫੜੀ ਵਿਅਸਤ ਫੂਡ ਕੋਰਟ ਵਿੱਚੋਂ ਲੰਘੀਆਂ। ਉਨ੍ਹਾਂ ਨੇ ਦਿੱਲੀ ਵਿੱਚ ਗਿਆਨੇਸ਼ ਕੁਮਾਰ ਦੇ ਅਸਤੀਫੇ ਦੀ ਮੰਗ ਕਰ ਰਹੇ ਲੋਕਾਂ 'ਤੇ ਪੁਲਸ ਕਾਰਵਾਈ ਦੀ ਨਿੰਦਾ ਕੀਤੀ। ਉਨ੍ਹਾਂ ਦੋਸ਼ ਲਗਾਇਆ ਕਿ ਸ਼ਾਂਤਮਈ ਪ੍ਰਦਰਸ਼ਨਕਾਰੀਆਂ ਵਿਰੁੱਧ ਰਾਜ ਸ਼ਕਤੀ ਦੀ ਵਰਤੋਂ ਇੱਕ ਅਣਐਲਾਨੀ ਐਮਰਜੈਂਸੀ ਦੇ ਬਰਾਬਰ ਹੈ। ਸੱਭਿਆਚਾਰਕ ਅਤੇ ਸਿਆਸੀ ਕਾਰਕੁੰਨ ਰਾਧਿਕਾ ਗਣੇਸ਼ ਨੇ ਕਿਹਾ, "ਇਹ ਵਿਰੋਧ ਪ੍ਰਦਰਸ਼ਨ ਕੇਂਦਰ ਸਰਕਾਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਰੁੱਧ ਸੀ। ਅਸੀਂ ਸ਼ਾਂਤਮਈ ਪ੍ਰਦਰਸ਼ਨਕਾਰੀਆਂ ਵਿਰੁੱਧ ਸਰਕਾਰ ਦੀ ਬੇਰਹਿਮੀ 'ਤੇ ਸਵਾਲ ਉਠਾਏ, ਜੋ ਕਿ ਸਾਡਾ ਮੰਨਣਾ ਹੈ ਕਿ ਗੈਰ-ਵਾਜਬ ਹੈ। ਪਿਛਲੇ ਹਫਤੇ ਬਸੰਤ ਨਗਰ ਵਿਖੇ ਵੀ ਅਜਿਹਾ ਪ੍ਰਦਰਸ਼ਨ ਕੀਤਾ ਸੀ। ਅਸੀਂ ਜਨਤਕ ਥਾਵਾਂ 'ਤੇ ਛੋਟੇ ਤੇ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਹਾਂ। ਸਾਡਾ ਉਦੇਸ਼ ਵੱਡੀਆਂ ਰੈਲੀਆਂ ਜਾਂ ਸੋਸ਼ਲ ਮੀਡੀਆ 'ਤੇ ਪ੍ਰਚਾਰ ਉੱਤੇ ਨਿਰਭਰ ਕਰਨ ਦੀ ਬਜਾਏ ਰੋਜ਼ਾਨਾ ਦੀ ਜਨਤਕ ਗੱਲਬਾਤ ਵਿੱਚ ਮੁੱਦੇ ਨੂੰ ਲਿਆਉਣਾ ਹੈ।"

ਹਾਲਾਂਕਿ ਵੋਟ ਚੋਰੀ ਖਿਲਾਫ ਦੇਸ਼ ਦੇ ਵੱਖ-ਵੱਖ ਸ਼ਹਿਰਾਂ ਵਿੱਚ ਪ੍ਰਦਰਸ਼ਨ ਹੋ ਰਹੇ ਹਨ, ਚੇਨੱਈ ਦੇ ਲੋਕਾਂ ਦਾ ਪ੍ਰਦਰਸ਼ਨ ਕਰਨ ਦਾ ਇਹ ਢੰਗ ਨਿਵੇਕਲਾ ਹੈ। ਵੱਡੀਆਂ ਰੈਲੀਆਂ ਕਰਨ ਲਈ ਕਾਫੀ ਤਿਆਰੀ ਕਰਨੀ ਪੈਂਦੀ ਹੈ। ਸ਼ਹਿਰਾਂ ਦੇ ਵਿਅਸਤ ਇਲਾਕਿਆਂ 'ਚ ਅਜਿਹੇ ਖਾਮੋਸ਼ ਪ੍ਰਦਰਸ਼ਨ ਉਦੇਸ਼ ਪ੍ਰਾਪਤੀ ਵਿੱਚ ਕਾਫੀ ਸਹਾਈ ਹੋ ਸਕਦੇ ਹਨ। ਇਨ੍ਹਾਂ ਪ੍ਰਦਰਸ਼ਨਾਂ ਨਾਲ ਲੋਕਾਂ ਨੂੰ ਜਾਗਰਤ ਕਰਨ ਵਿੱਚ ਕਾਫੀ ਮਦਦ ਮਿਲ ਸਕਦੀ ਹੈ। ਇਹ ਲੋਕਾਂ ਦੀ ਆਮ ਜ਼ਿੰਦਗੀ ਵਿੱਚ ਖਲਲ ਵੀ ਨਹੀਂ ਪਾਉਣਗੇ। ਪ੍ਰਦਰਸ਼ਨਕਾਰੀਆਂ ਦੀ ਗੱਲ ਵੀ ਲੋਕਾਂ ਤੱਕ ਪਹੁੰਚ ਜਾਵੇਗੀ।

ਇੰਡੀਆ ਗੱਠਜੋੜ ਨੇ ਵੀ ਸਿਵਲ ਸੁਸਾਇਟੀ ਨੂੰ ਨਾਲ ਲੈ ਕੇ ਚੱਲਣ ਦਾ ਫੈਸਲਾ ਕੀਤਾ ਹੈ। ਸਿਵਲ ਸੁਸਾਇਟੀ ਦੇ ਵੱਖ-ਵੱਖ ਛੋਟੇ-ਛੋਟੇ ਗਰੁੱਪ ਪਾਰਕਾਂ ਤੇ ਮਾਲਾਂ ਆਦਿ ਵਿਚ ਅਜਿਹੇ ਖਾਮੋਸ਼ ਪ੍ਰਦਰਸ਼ਨ ਕਰਕੇ ਸਰਕਾਰੀ ਧੱਕੇਸ਼ਾਹੀ ਵਿਰੁੱਧ ਤਕੜਾ ਮਾਹੌਲ ਬਣਾ ਸਕਦੇ ਹਨ, ਜਿਹੜਾ ਕਿ ਵੱਡੀ ਲਹਿਰ ਖੜ੍ਹੀ ਕਰਨ ਵਿੱਚ ਸਹਾਈ ਹੋ ਸਕਦਾ ਹੈ।

# ਕੀ ਸੱਤਾ ਨਾਗਰਿਕਾਂ ਦੀ ਗੱਲ ਸੁਣੇਗੀ ?



ਗੁਰਮੀਤ ਸਿੰਘ ਪਲਾਹੀ

ਆਰਥਿਕ ਅਸੁਰੱਖਿਆ, ਸੰਸਥਾਵਾਂ ਵਿੱਚ ਘਟਦਾ ਭਰੋਸਾ ਨਾਗਰਿਕਾਂ ਨੂੰ ਅੱਜ ਨਿਰਾਸ਼ ਕਰ ਰਿਹਾ ਹੈ। ਮਹਿੰਗਾਈ, ਬੇਰੁਜ਼ਗਾਰੀ, ਬਦਹਾਲ ਸਿੱਖਿਆ ਅਤੇ ਸਿਹਤ ਸਹੂਲਤਾਂ ਜਨਤਾ ਵਿੱਚ ਰੋਸ ਪੈਦਾ ਕਰ ਰਹੀਆਂ ਹਨ। ਇਹ ਨਿਰਾਸ਼ਾ ਅਤੇ ਇਹ ਰੋਸ ਵੱਡੇ ਅੰਦੋਲਨ ਪੈਦਾ ਕਰਨ ਦਾ ਕਾਰਨ ਬਣ ਰਹੇ ਹਨ। ਆਜ਼ਾਦੀ ਤੋਂ ਬਾਅਦ ਭਾਰਤ ਦਾ ਹਰ ਵੱਡਾ ਅੰਦੋਲਨ ਇਸੇ ਬੁਨਿਆਦੀ ਸਵਾਲ ਦੇ ਆਸੇ-ਪਾਸੇ ਘੁੰਮਦਾ ਰਿਹਾ ਹੈ ਕਿ ਕੀ ਸੱਤਾ ਨਾਗਰਿਕਾਂ ਦੀ ਗੱਲ ਸੁਣੇਗੀ ?

ਦੇਸ਼ ਵਿੱਚ ਆਜ਼ਾਦੀ ਤੋਂ ਬਾਅਦ ਹਰ ਦਹਾਕੇ ਨੇ ਆਪਣਾ ਇਤਿਹਾਸਕ ਅੰਦੋਲਨ ਵੇਖਿਆ ਹੈ। ਜੰਗਲਾਂ ਦੀ ਰਾਖੀ ਲਈ ਚਲਿਆ 'ਚਿਪਕੋ ਅੰਦੋਲਨ' ਹੋਵੇ, ਵਾਤਾਵਰਣ ਅਤੇ ਵਿਕਾਸ ਦੇ ਸਵਾਲਾਂ ਨੂੰ ਉਠਾਉਂਦਾ 'ਨਰਮਦਾ ਬਚਾਓ ਅੰਦੋਲਨ' ਹੋਵੇ, ਸਮਾਜਿਕ ਨਿਆਂ ਲਈ 'ਮੰਡਲ ਅੰਦੋਲਨ' ਹੋਵੇ ਜਾਂ ਫਿਰ ਆਪਣੇ ਹੱਕਾਂ ਅਤੇ ਪਛਾਣ ਦੀ ਲੜਾਈ ਨਾਲ ਜੁੜੇ ਹੋਰ ਸੰਘਰਸ਼ ਹੋਣ, ਇਨ੍ਹਾਂ ਸਾਰਿਆਂ ਨੇ ਸੱਤਾ ਨੂੰ ਹਲੂਣਾ ਦਿੱਤਾ ਹੈ। ਖਾਣੇ ਦੀ ਥਾਲੀ ਦੀ ਮਹਿੰਗਾਈ ਅਤੇ ਭ੍ਰਿਸ਼ਟਾਚਾਰ ਵਿਰੁੱਧ 1973 ਦਾ ਗੁਜਰਾਤ ਦਾ 'ਨਵ ਨਿਰਮਾਣ ਅੰਦੋਲਨ', ਜੈ ਪ੍ਰਕਾਸ਼ ਨਰਾਇਣ ਦੀ ਅਗਵਾਈ ਹੇਠ ਚਲਿਆ 'ਸੰਪੂਰਨ ਕ੍ਰਾਂਤੀ ਅੰਦੋਲਨ', ਲੋਕਪਾਲ ਦੀ ਸਥਾਪਨਾ ਲਈ ਅੰਨਾ ਹਜ਼ਾਰੇ ਵੱਲੋਂ ਕੀਤਾ ਗਿਆ ਭ੍ਰਿਸ਼ਟਾਚਾਰ ਵਿਰੋਧੀ ਅੰਦੋਲਨ, ਪੂਰੇ ਇੱਕ ਸਾਲ ਤੱਕ ਕੇਂਦਰ ਸਰਕਾਰ ਵਿਰੁੱਧ ਅਡੋਲ ਡਟਿਆ ਰਿਹਾ ਇਤਿਹਾਸਕ 'ਕਿਸਾਨ ਅੰਦੋਲਨ', ਅਤੇ ਨਾਗਰਿਕਤਾ ਕਾਨੂੰਨ ਖਿਲਾਫ਼ ਔਰਤਾਂ ਦਾ 'ਸ਼ਾਹੀਨ ਬਾਗ' ਦਾ ਮੋਰਚਾ-ਇਹ ਸਾਰੇ ਅਸਲ ਵਿੱਚ ਆਮ ਨਾਗਰਿਕਾਂ ਦੀ ਡੂੰਘੀ ਨਾਰਾਜ਼ਗੀ ਅਤੇ ਹੱਕਾਂ ਦੀ ਪ੍ਰਾਪਤੀ ਦੇ ਪ੍ਰਤੀਕ ਸਨ। ਇਨ੍ਹਾਂ ਅੰਦੋਲਨਾਂ ਨੇ ਵੱਖ-ਵੱਖ ਦੌਰ ਵਿੱਚ ਇਹ ਸਾਬਤ ਕੀਤਾ ਕਿ ਜਦੋਂ ਲੋਕ ਲਾਮਬੰਦ ਹੁੰਦੇ ਹਨ ਤਾਂ ਸਰਕਾਰਾਂ ਨੂੰ ਵੀ ਉਨ੍ਹਾਂ ਦੀ ਗੱਲ ਸੁਣਨ ਲਈ ਮਜਬੂਰ ਹੋਣਾ ਪੈਂਦਾ ਹੈ।

ਸਾਲ 1974 ਵਿੱਚ ਵਿਦਿਆਰਥੀਆਂ ਨੇ ਮਹਿੰਗਾਈ ਤੇ ਭ੍ਰਿਸ਼ਟਾਚਾਰ 'ਤੇ ਸਵਾਲ ਪੁੱਛਿਆ। ਸਾਲ 2011 ਵਿੱਚ ਲੋਕਪਾਲ ਦੇ ਲਈ ਭੁੱਖ ਹੜਤਾਲ 'ਤੇ ਬੈਠੇ ਲੋਕਾਂ ਨੇ ਸਵਾਲ ਪੁੱਛਿਆ। ਸ਼ਾਹੀਨ ਬਾਗ ਵਿੱਚ ਔਰਤਾਂ ਨੇ ਨਾਗਰਿਕਤਾ ਉੱਤੇ ਸਵਾਲ ਪੁੱਛੇ, ਕਿਸਾਨਾਂ ਨੇ ਖੇਤੀ ਉੱਤੇ ਅਤੇ ਅੱਜ ਨੌਜਵਾਨ ਪ੍ਰੀਖਿਆਵਾਂ ਦੀ ਇਮਾਨਦਾਰੀ ਅਤੇ ਮਤਦਾਨ ਸੂਚੀ ਦੀ ਸ਼ੁੱਧਤਾ 'ਤੇ ਸਵਾਲ ਪੁੱਛ ਰਹੇ ਹਨ।

ਹਰ ਵੇਰ ਸਰਕਾਰਾਂ ਦਾ ਜਵਾਬ ਵੱਖਰਾ ਰਿਹਾ ਹੈ- ਕਦੇ ਅਸਤੀਫ਼ੇ, ਕਦੇ ਕਾਨੂੰਨ ਦੀ ਵਾਪਸੀ, ਕਦੇ ਵਾਅਦੇ, ਕਦੇ ਪੁਲਸ ਦੀ ਲਾਠੀ ਅਤੇ ਕਦੇ ਇੰਟਰਨੈੱਟ ਬੰਦੀ। ਇਤਿਹਾਸ ਗਵਾਹ ਹੈ ਕਿ ਜੋ ਸਰਕਾਰਾਂ ਅਸਹਿਮਤੀ ਨੂੰ ਦੁਸ਼ਮਣੀ ਨਹੀਂ, ਸਗੋਂ ਲੋਕਾਂ ਦੀ ਅਵਾਜ਼ ਮੰਨਦੀਆਂ ਹਨ, ਉਹ ਟਕਰਾਅ ਨੂੰ ਜਲਦੀ ਸੁਲਝਾ ਲੈਂਦੀਆਂ ਹਨ। ਜੋ ਅੰਦੋਲਨ ਆਪਣੀ ਮੰਗ ਨੂੰ ਸਰਲ ਅਤੇ ਸਪੱਸ਼ਟ ਰੱਖਦੇ ਹਨ ਅਤੇ ਹਿੰਸਾ ਤੋਂ ਪੂਰੀ ਤਰ੍ਹਾਂ ਕਿਨਾਰਾ ਕਰਦੇ ਹਨ, ਉਹ ਜ਼ਿਆਦਾ ਟਿਕਾਊ ਅਤੇ ਸਫਲ ਹੁੰਦੇ ਹਨ।

ਭਾਰਤ ਦੀ ਸੁਪਰੀਮ ਕੋਰਟ ਦਾ ਸ਼ਾਹੀਨ ਬਾਗ ਉੱਤੇ ਇਹ ਕਹਿਣਾ ਯਾਦ ਰੱਖਣ ਵਾਲਾ ਹੈ ਕਿ ਅਸਹਿਮਤੀ ਅਤੇ ਲੋਕਤੰਤਰ ਨਾਲ-ਨਾਲ ਚੱਲਦੇ ਹਨ, ਪਰ ਵਿਰੋਧ ਦੇ ਅਧਿਕਾਰ ਦੀਆਂ ਆਪਣੀਆਂ ਸੰਵਿਧਾਨਕ ਹੱਦਾਂ ਹਨ। ਨੌਜਵਾਨ ਪਰੇਸ਼ਾਨ ਹਨ ਕਿ ਭਾਰਤ ਵਿੱਚ ਰੁਜ਼ਗਾਰ ਦਾ ਭਾਰੀ ਸੰਕਟ ਹੈ। ਵੱਡੀ ਗਿਣਤੀ ਵਿੱਚ ਲੋਕ ਮਹਿਸੂਸ ਕਰਦੇ ਹਨ ਕਿ ਜਿਸ ਰਸਤੇ 'ਤੇ ਪਿਛਲੀ ਪੀੜ੍ਹੀ ਅੱਗੇ ਵਧੀ, ਉਹ ਉਨ੍ਹਾਂ ਲਈ ਬੰਦ ਹੋ ਰਿਹਾ ਹੈ। ਸਰਕਾਰੀ ਨੌਕਰੀ ਹੈ ਨਹੀਂ, ਕਾਰਪੋਰੇਟੀ ਨੌਕਰੀ ਉਨ੍ਹਾਂ ਦੀ ਵੱਡੀ ਲੁੱਟ ਕਰਦੀ ਹੈ। ਨੌਜਵਾਨ ਪੀੜ੍ਹੀ ਚੁੱਪ-ਚਾਪ ਆਪਣੇ ਭਵਿੱਖ ਨੂੰ ਦੂਸਰਿਆਂ ਦੇ ਭਰੋਸੇ ਛੱਡਣ ਲਈ ਤਿਆਰ ਨਹੀਂ ਹੈ। ਇਸੇ ਕਰਕੇ ਮੌਜੂਦਾ ਦੌਰ ਵਿਦਿਆਰਥੀਆਂ ਦੇ ਅਤੇ ਨੌਜਵਾਨਾਂ ਦੇ ਆਪਣੇ ਜੀਵਨ ਨੂੰ ਚੰਗੇਰਾ ਬਣਾਉਣ ਅਤੇ ਹੱਕਾਂ ਦੀ ਪ੍ਰਾਪਤੀ ਲਈ ਨਿਰੰਤਰ ਸੰਘਰਸ਼ ਹੈ।

ਇਹ ਸਥਿਤੀ ਇੱਕ ਪਾਸੇ ਚੁਣੌਤੀ ਹੈ ਅਤੇ ਦੂਜੇ ਪਾਸੇ ਮੌਕਾ ਵੀ। ਚੁਣੌਤੀ ਸੱਤਾ ਲਈ ਹੈ ਕਿ ਉਹ ਇਸ ਪੀੜ੍ਹੀ ਦਾ ਭਰੋਸਾ ਕਿਵੇਂ ਜਿੱਤੇ। ਨੌਜਵਾਨਾਂ ਨੇ ਦੇਖਿਆ ਹੈ ਕਿ ਅਨੁਸ਼ਾਸਿਤ ਅੰਦੋਲਨ ਕਿਵੇਂ ਸਫਲਤਾ ਹਾਸਿਲ ਕਰਦੇ ਹਨ। ਸੋਸ਼ਲ ਮੀਡੀਆ ਉਨ੍ਹਾਂ ਦੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਤਾਕਤ ਬਣ ਚੁੱਕਾ ਹੈ। ਜਦੋਂ ਕਿਸਾਨ ਅੰਦੋਲਨ ਦੌਰਾਨ ਕਾਲੇ ਕਾਨੂੰਨ ਵਾਪਸ ਹੋਏ ਅਤੇ ਨੀਟ ਵਰਗੇ ਵਿਦਿਆਰਥੀ ਅੰਦੋਲਨਾਂ ਵਿੱਚ ਮੰਤਰੀਆਂ ਨੂੰ ਜਵਾਬਦੇਹ ਹੋਣਾ ਪਿਆ, ਤਾਂ ਇਹੋ ਸੰਦੇਸ਼ ਗਿਆ ਕਿ ਸੜਕ ਦੀ ਭਾਸ਼ਾ ਸੱਤਾ ਤੱਕ ਸਹੀ ਤਰੀਕੇ ਨਾਲ ਪੁੱਜਦੀ ਹੈ। ਇਹ ਸਫਲਤਾਵਾਂ ਇਨ੍ਹਾਂ ਅੰਦੋਲਨਾਂ ਨੂੰ ਨਵੀਂ ਹਿੰਮਤ ਦਿੰਦੀਆਂ ਹਨ। ਇਸੇ ਕਰਕੇ ਸੱਤਾ ਨੂੰ ਝੁਕਣਾ ਪਿਆ।

ਸਵਾਲਾਂ ਦਾ ਸਵਾਲ ਤਾਂ ਇਹ ਹੈ ਕਿ ਕੀ ਨੌਜਵਾਨ ਨਿਰਾਸ਼ਾ ਦੇ ਇਸ ਦੌਰ ਵਿੱਚ ਨਰਿੰਦਰ ਮੋਦੀ ਜਾਂ ਮੌਜੂਦਾ ਸੱਤਾ 'ਤੇ ਵਿਸ਼ਵਾਸ ਕਰਦੇ ਹਨ ? ਮੋਦੀ ਜੀ ਜੋਸ਼ ਨਾਲ ਲਗਾਤਾਰ ਇਹ ਦਾਅਵੇ ਕਰਦੇ ਹਨ ਕਿ ਉਹ ਦੇਸ਼ ਵਿੱਚ ਇਹ ਕੁਝ ਕਰ ਦੇਣਗੇ ਅਤੇ ਉਹ ਕੁਝ ਕਰ ਦੇਣਗੇ। ਉਹ ਵੱਡੇ-ਵੱਡੇ ਪ੍ਰਾਜੈਕਟਾਂ ਦੀ ਗੱਲ ਕਰਦੇ ਹਨ। ਮਾਲਜ਼, ਹਾਈਵੇਅ, ਫਾਸਟ ਟ੍ਰੇਨਾਂ ਦੀ ਬਾਤ ਪਾਉਂਦੇ ਹਨ। ਉਹ ਸੁਪਨੇ ਪੂਰੇ ਹੋਣ ਦੀ ਗੱਲ ਕਹਿੰਦੇ ਹਨ- ਜਿਵੇਂ 2047 ਤੱਕ ਭਾਰਤ ਨੂੰ ਹਰ ਖੇਤਰ ਵਿੱਚ ਵਿਕਸਤ ਅਤੇ 'ਵਿਸ਼ਵ ਗੁਰੂ' ਬਣਾਉਣਾ, ਖੇਡਾਂ ਵਿੱਚ ਓਲੰਪਿਕ ਦੀ ਮੇਜ਼ਬਾਨੀ ਕਰਨਾ, ਸਿਹਤ ਅਤੇ ਸਿੱਖਿਆ ਵਿੱਚ ਬਿਹਤਰੀਨ ਬਣਾਉਣਾ ਅਤੇ ਅਕਾਸ ਮੰਡਲ ਵਿੱਚ ਉਚਾਈਆਂ ਹਾਸਿਲ ਕਰਨਾ, ਪਰ ਜ਼ਮੀਨੀ ਹਕੀਕਤ ਇਹ ਹੈ ਕਿ ਨਰਿੰਦਰ ਮੋਦੀ ਦੀ ਸਰਕਾਰ ਆਰਥਿਕ ਮੋਰਚੇ 'ਤੇ ਅਤੇ ਹੋਰ ਕਈ ਅਹਿਮ ਮਸਲਿਆਂ 'ਤੇ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ । ਇਸ ਦੇ ਨਾਲ ਹੀ, ਸਰਕਾਰ ਦਾ 'ਹਿੰਦੀ, ਹਿੰਦੂ, ਹਿੰਦੋਸਤਾਨ' ਵਾਲਾ ਤੰਗ ਨਜ਼ਰੀਏ ਵਾਲਾ ਸੰਕਲਪ ਦੇਸ਼ ਨੂੰ ਅੱਗੇ ਲਿਜਾਣ ਦੀ ਬਜਾਏ ਲਗਾਤਾਰ ਪਿੱਛੇ ਵੱਲ ਧੱਕ ਰਿਹਾ ਹੈ। ਇਸ ਸੋਚ ਕਾਰਨ ਦੇਸ਼ ਦੀਆਂ ਘੱਟ ਗਿਣਤੀਆਂ ਅਤੇ ਦੂਜੇ ਧਰਮਾਂ ਦੇ ਲੋਕਾਂ ਵਿੱਚ ਡੂੰਘਾ ਅਵਿਸ਼ਵਾਸ ਅਤੇ ਬੇਚੈਨੀ ਪੈਦਾ ਹੋਈ ਹੈ। ਇਹ ਅਵਿਸ਼ਵਾਸ ਅਤੇ ਤਣਾਅ ਨਾਗਰਿਕਾਂ ਦੇ ਅੰਦਰ ਨਿਰਾਸ਼ਾ ਅਤੇ ਰੋਸ ਨੂੰ ਹੋਰ ਜ਼ਿਆਦਾ ਹਵਾ ਦੇ ਰਿਹਾ ਹੈ, ਜਿਸ ਨਾਲ ਸਮਾਜਿਕ ਤਾਣਾ-ਬਾਣਾ ਕਮਜ਼ੋਰ ਹੋ ਰਿਹਾ ਹੈ। ਸਿੱਟਾ ਥਾਂ-ਥਾਂ ਦੇਸ਼ 'ਚ ਦੰਗੇ ਹੋਏ।

ਪਰ ਜ਼ਮੀਨੀ ਹਕੀਕਤ ਇਹ ਹੈ ਕਿ ਨਿਰਾਸ਼ਾ ਦੇ ਇਸ ਮਾਹੌਲ ਵਿੱਚ ਦੇਸ਼ ਦੀ ਸੱਤਾ ਦਾ ਇਰਾਦਾ ਆਰਥਿਕ ਦਿਸ਼ਾ ਬਦਲਣ ਦਾ ਨਹੀਂ ਦਿਖਾਈ ਦਿੰਦਾ। ਦੇਸ਼ ਦਾ ਆਰਥਿਕ ਢਾਂਚਾ ਉਹੀ ਹੈ, ਜੋ ਪਹਿਲਾਂ ਸੀ, ਇਸੇ ਲਈ ਕਰੋੜਾਂ ਨੌਕਰੀਆਂ ਨਹੀਂ ਬਣ ਰਹੀਆਂ ਅਤੇ ਨੌਜਵਾਨ ਸੜਕਾਂ 'ਤੇ ਆਉਣ ਲਈ ਮਜਬੂਰ ਹਨ। ਆਮ ਲੋਕਾਂ ਦਾ ਜੀਵਨ ਪਹਿਲਾਂ ਵਾਂਗ ਹੀ ਸੰਘਰਸ਼ਾਂ ਭਰਿਆ ਹੈ। ਇਹੀ ਕਾਰਨ ਹੈ ਕਿ ਅੱਜ ਆਮ ਲੋਕ ਸੱਤਾ ਦੇ ਨਾਲ ਨਹੀਂ, ਸਗੋਂ ਆਪਣੇ ਹੱਕਾਂ ਲਈ ਖੜ੍ਹੇ ਅੰਦੋਲਨਾਂ ਨਾਲ ਖੜ੍ਹੇ ਹਨ।

ਅੱਜ ਮੁੱਦਾ 13 ਕਰੋੜ ਵੋਟਰਾਂ ਤੋਂ ਵੋਟ ਦਾ ਹੱਕ ਖੋਹਣ ਦਾ ਹੈ। ਮੁੱਦਾ ਵੋਟ ਚੋਰੀ ਦਾ ਵੀ ਹੈ ਅਤੇ ਮੁੱਦਾ ਲੋਕਤੰਤਰ ਨੂੰ ਲੁੱਟਣ ਅਤੇ ਲੋਕਾਂ ਦੇ ਸੰਵਿਧਾਨਕ ਹੱਕ ਖੋਹਣ ਦਾ ਵੀ ਹੈ, ਪਰ ਜਿਸ ਤਰ੍ਹਾਂ 10 ਅਕਤੂਬਰ 2026 ਨੂੰ ਕਾਕਰੋਚ ਜਨਤਾ ਪਾਰਟੀ ਅੰਦੋਲਨ ਦੌਰਾਨ ਸੱਤਾ ਨੇ ਨਾਗਰਿਕਾਂ ਦੀ ਗੱਲ ਸੁਣਨ ਦੀ ਬਜਾਏ ਜੰਤਰ-ਮੰਤਰ ਨੂੰ ਛਾਉਣੀ ਵਿੱਚ ਬਦਲ ਦਿੱਤਾ, ਸੁਰੱਖਿਆ ਬਲ ਲਗਾਏ, ਟਰੇਨਾਂ ਬੰਦ ਕੀਤੀਆਂ, ਅੰਦੋਲਨ ਨੂੰ ਅਰਾਜਕਤਾ ਫੈਲਾਉਣ ਵਾਲਾ ਦਰਸਾਇਆ ਅਤੇ ਹਜ਼ਾਰਾਂ ਨੌਜਵਾਨਾਂ ਨੂੰ ਹਿਰਾਸਤ ਵਿੱਚ ਲਿਆ, ਉਹ ਸੱਤਾ ਦਾ ਅੰਦੋਲਨਕਾਰੀਆਂ ਨਾਲ ਸਿੱਧਾ ਟਕਰਾਅ ਵਿਖਾਉਂਦਾ ਹੈ। ਇਹ ਵਰਤਾਰਾ ਨਾਗਰਿਕਾਂ ਦੀ ਅਤੇ ਉਹ ਵੀ ਜਾਗਰੂਕ ਨਾਗਰਿਕਾਂ ਦੀ ਗੱਲ ਸੁਨਣ ਵਾਲਾ ਨਹੀਂ ਹੈ।

ਭਾਰਤ ਵਿੱਚ ਹੀ ਨਹੀਂ, ਦੇਸ਼ ਦੇ ਬਾਹਰ ਵੀ ਬਹੁਤ ਸਾਰੇ ਹਾਲਾਤ ਇਹੋ ਜਿਹੇ ਹੀ ਬਣੇ ਹੋਏ ਹਨ। ਅੱਜ ਫਰਾਂਸ ਦੇ ਸਕੂਲੀ ਬੱਚੇ ਸੜਕਾਂ 'ਤੇ ਹਨ ਅਤੇ ਸੈਂਕੜੇ ਸਕੂਲ ਬੰਦ ਹਨ। ਸਕੂਲੀ ਬੱਚਿਆਂ ਤੋਂ ਸ਼ੁਰੂ ਹੋਇਆ ਅੰਦੋਲਨ ਜਦੋਂ ਨਾਗਰਿਕਾਂ ਤੱਕ ਪਹੁੰਚਿਆ ਤਾਂ ਰਿਪੋਰਟਾਂ ਅਨੁਸਾਰ ਲੱਖਾਂ ਦੀ ਗਿਣਤੀ ਵਿੱਚ ਫਰਾਂਸੀਸੀ ਲੋਕ ਪ੍ਰਦਰਸ਼ਨਾਂ ਵਿੱਚ ਸ਼ਾਮਲ ਹੋਏ। ਇਹੋ ਕੁਝ ਸਪੇਨ ਤੇ ਯੂਕਰੇਨ ਵਿੱਚ ਵੀ ਦੇਖਣ ਨੂੰ ਮਿਲ ਰਿਹਾ ਹੈ। ਦੁਨੀਆ ਦੇ ਕਈ ਸ਼ਹਿਰਾਂ ਵਿੱਚ ਨੌਜਵਾਨ ਸਰਕਾਰੀ ਭ੍ਰਿਸ਼ਟਾਚਾਰ ਦੇ ਖਿਲਾਫ ਸੜਕਾਂ 'ਤੇ ਉਤਰ ਰਹੇ ਹਨ। ਸਤੰਬਰ 2025 ਵਿੱਚ ਨੇਪਾਲ ਵਿੱਚ ਇਸ ਦੀ ਸ਼ੁਰੂਆਤ ਹੋਈ, ਮਰਾਕੋ ਵਿੱਚ ਨਾਗਰਿਕਾਂ ਦੀ ਅਣਦੇਖੀ ਉੱਤੇ ਗੁੱਸਾ ਫੁੱਟਿਆ, ਕੀਨੀਆ, ਇੰਡੋਨੇਸ਼ੀਆ, ਫਿਲਪੀਨਜ਼ ਵਿੱਚ ਪ੍ਰਦਰਸ਼ਨ ਹੋਏ।

ਅੱਜ ਖ਼ਾਸ ਕਰਕੇ ਭਾਰਤ ਵਿੱਚ ਇਹ ਗੰਭੀਰ ਸਵਾਲ ਉਠ ਰਿਹਾ ਹੈ ਕਿ ਜੇਕਰ ਸੱਤਾ ਪਾਰਲੀਮੈਂਟ ਨੂੰ ਹਥਿਆਈ ਰੱਖੇਗੀ, ਵੋਟ ਚੋਰੀ ਹੁੰਦੀ ਰਹੇਗੀ, ਅਤੇ ਐਸ ਆਈ ਆਰ ਵਰਗੀਆਂ ਨੀਤੀਆਂ ਨਾਲ ਲੋਕਾਂ ਨੂੰ ਵਰਗਲਾਇਆ ਅਤੇ ਪਰੇਸ਼ਾਨ ਕੀਤਾ ਜਾਏਗਾ, ਤਾਂ ਕੀ ਲੋਕ ਆਪਣੇ ਮਸਲਿਆਂ ਦਾ ਹੱਲ ਸੜਕਾਂ 'ਤੇ ਉੱਤਰ ਕੇ ਹੀ ਕਰਨਗੇ ? ਜੇਕਰ ਹਰ ਅਸਹਿਮਤੀ ਦਾ ਹੱਲ ਸੜਕਾਂ 'ਤੇ ਹੀ ਹੋਵੇਗਾ ਤਾਂ ਸੰਸਦ ਅਤੇ ਅਦਾਲਤ ਵਰਗੀਆਂ ਲੋਕਤੰਤਰੀ ਸੰਸਥਾਵਾਂ ਦੀ ਭੂਮਿਕਾ ਘੱਟ ਜਾਵੇਗੀ। ਇਹੋ ਕਾਰਨ ਹੈ ਕਿ ਜਾਣਕਾਰ ਲੋਕ ਵਾਰ-ਵਾਰ ਅਤੇ ਲਗਾਤਾਰ ਕਹਿੰਦੇ ਹਨ ਕਿ ਸੜਕ ਅਤੇ ਸੰਸਦ ਇੱਕ ਦੂਜੇ ਦੇ ਪੂਰਕ ਹਨ, ਕੋਈ ਵੀ ਇੱਕ-ਦੂਜੇ ਦਾ ਬਦਲ ਨਹੀਂ ਹੋ ਸਕਦਾ।

ਦੇਸ਼ ਵਿੱਚ ਲੋਕਤੰਤਰ ਦਾ ਖਾਤਮਾ ਕਰਨਾ, ਵਿਰੋਧੀਆਂ ਦੀ ਆਵਾਜ਼ ਨੂੰ ਦਬਾਉਣਾ ਅਤੇ ਇੱਕ ਪੁਰਖੀ ਜਾਂ ਇੱਕ ਪਾਰਟੀ ਰਾਜ ਵੱਲ ਵਧ ਰਹੇ ਕਦਮ ਦੇਸ਼ ਦੇ ਭਵਿੱਖ ਲਈ ਵੱਡੇ ਖਤਰੇ ਦੇ ਸੂਚਕ ਬਣਨਗੇ। ਭਾਰਤ ਦੇ ਜਨ-ਅੰਦੋਲਨਾਂ ਦਾ ਲੰਮਾ ਇਤਿਹਾਸ ਇਹੀ ਗਵਾਹੀ ਦਿੰਦਾ ਹੈ ਕਿ ਅੰਤ ਵਿੱਚ ਸੜਕ ਉੱਤੇ ਲੋਕਾਂ ਦੀ ਹੀ ਜਿੱਤ ਹੁੰਦੀ ਹੈ ਅਤੇ ਤਾਕਤਵਰ ਸੱਤਾ ਨੂੰ ਵੀ ਲੋਕਾਂ ਦੀ ਅਵਾਜ਼ ਅੱਗੇ ਝੁਕਣਾ ਹੀ ਪੈਂਦਾ ਹੈ।

**# ਸੰਪਰਕ : 98158-02070**

# ਪੰਜਾਬ ਦੀ ਜਵਾਨੀ ਅਤੇ ਮਾਨਸਿਕ ਸਿਹਤ ਦਾ ਸੰਕਟ



ਵਿਕਰਮਜੀਤ ਸਿੰਘ ਸਰਾ

ਪੰਜਾਬ, ਜਿਸ ਨੂੰ ਹਮੇਸ਼ਾ ਜਿੰਦਾਦਿਲੀ, ਬਹਾਦਰੀ ਅਤੇ ਖੁਸ਼ਹਾਲੀ ਦਾ ਪ੍ਰਤੀਕ ਮੰਨਿਆ ਜਾਂਦਾ ਰਿਹਾ ਹੈ, ਅੱਜ ਇੱਕ ਚੁੱਪ-ਚੁਪੀਤੇ ਸੰਕਟ ਦੀ ਗ੍ਰਿਫ਼ਤ ਵਿੱਚ ਹੈ। ਇਹ ਸੰਕਟ ਨਾ ਤਾਂ ਖੇਤਾਂ ਵਿੱਚ ਦਿਸਦਾ ਹੈ ਅਤੇ ਨਾ ਹੀ ਸਰਹੱਦਾਂ 'ਤੇ, ਸਗੋਂ ਇਹ ਪੰਜਾਬ ਦੇ ਘਰਾਂ ਵਿੱਚ, ਨੌਜਵਾਨ ਮੁੰਡੇ-ਕੁੜੀਆਂ ਦੇ ਮਨਾਂ ਵਿੱਚ ਪਲ ਰਿਹਾ ਹੈ। ਇਹ ਹੈ ਮਾਨਸਿਕ ਸਿਹਤ ਦਾ ਸੰਕਟ। ਬਾਹਰੋਂ ਹੱਸਦੇ-ਖੇਡਦੇ, ਸੋਸ਼ਲ ਮੀਡੀਆ 'ਤੇ 'ਪਰਫੈਕਟ' ਜ਼ਿੰਦਗੀ ਦਾ ਦਿਖਾਵਾ ਕਰਦੇ ਇਹ ਨੌਜਵਾਨ ਅੰਦਰੋਂ-ਅੰਦਰੀ ਟੁੱਟੇ, ਨਿਰਾਸ਼ਾ, ਚਿੰਤਾ ਅਤੇ ਇਕਲਾਪੇ ਦਾ ਸ਼ਿਕਾਰ ਹੋ ਰਹੇ ਹਨ। ਇਹ ਕੋਈ ਮਾਮੂਲੀ ਉਦਾਸੀ ਜਾਂ ਜਵਾਨੀ ਦੇ ਆਮ ਮੂਡ-ਬਦਲਾਅ ਨਹੀਂ, ਸਗੋਂ ਇੱਕ ਗੰਭੀਰ ਮਹਾਂਮਾਰੀ ਦਾ ਰੂਪ ਧਾਰਨ ਕਰ ਰਿਹਾ ਹੈ।

ਸੰਕਟ ਦੇ ਬਹੁਪੱਖੀ ਕਾਰਨ, ਇੱਕ ਸੰਪੂਰਨ ਤੂਫ਼ਾਨ: ਪੰਜਾਬ ਦੇ ਨੌਜਵਾਨਾਂ ਵਿੱਚ ਵਧ ਰਹੇ ਮਾਨਸਿਕ ਤਣਾਅ ਪਿੱਛੇ ਕੋਈ ਇੱਕ ਕਾਰਨ ਨਹੀਂ, ਸਗੋਂ ਕਈ ਆਰਥਿਕ, ਸਮਾਜਿਕ ਅਤੇ ਨਿੱਜੀ ਕਾਰਕਾਂ ਦਾ ਇੱਕ 'ਸੰਪੂਰਨ ਤੂਫ਼ਾਨ' (Perfect Storm) ਜ਼ਿੰਮੇਵਾਰ ਹੈ

**ਬੇਰੁਜ਼ਗਾਰੀ ਅਤੇ ਅਨਿਸਚਿਤ ਭਵਿੱਖ:** ਡਿਗਰੀਆਂ ਹੱਥਾਂ ਵਿੱਚ ਫੜੀ ਨੌਜਵਾਨਾਂ ਦੀ ਵੱਡੀ ਗਿਣਤੀ ਲਈ ਪੰਜਾਬ ਵਿੱਚ ਸਨਮਾਨਜਨਕ ਰੁਜ਼ਗਾਰ ਦੇ ਮੌਕੇ ਬਹੁਤ ਘੱਟ ਹਨ। ਸਰਕਾਰੀ ਨੌਕਰੀ ਦੀ ਉਡੀਕ ਅਤੇ ਪ੍ਰਾਈਵੇਟ ਸੈਕਟਰ ਵਿੱਚ ਘੱਟ ਤਨਖਾਹਾਂ ਕਾਰਨ ਭਵਿੱਖ ਦੀ ਅਨਿਸਚਿਤਤਾ ਉਨ੍ਹਾਂ ਨੂੰ ਨਿਰਾਸ਼ਾ ਦੇ ਹਨੇਰੇ ਵਿੱਚ ਧੱਕ ਰਹੀ ਹੈ।

**ਪੜ੍ਹਾਈ ਦਾ ਦਬਾਅ ਅਤੇ ਮਾਪਿਆਂ ਦੀਆਂ ਉਮੀਦਾਂ:** ਹਾਲ ਹੀ ਵਿੱਚ ਹੋਏ ਅਧਿਐਨਾਂ ਨੇ ਹੈਰਾਨ ਕਰਨ ਵਾਲੇ ਤੱਥ ਸਾਹਮਣੇ ਰੱਖੇ ਹਨ। ਇੱਕ ਅਧਿਐਨ ਮੁਤਾਬਕ, ਪੰਜਾਬ ਦੀਆਂ ਸਕੂਲੀ ਵਿਦਿਆਰਥਣਾਂ ਵਿੱਚੋਂ 68 ਫੀਸਦੀ ਤਣਾਅ, 50.8 ਫੀਸਦੀ ਡਿਪਰੈਸ਼ਨ ਅਤੇ 58.7 ਫੀਸਦੀ ਚਿੰਤਾ ਦੀਆਂ ਵੱਖ-ਵੱਖ ਪੱਧਰਾਂ ਤੋਂ ਪੀੜਤ ਹਨ। ਮਾਪਿਆਂ ਅਤੇ ਅਧਿਆਪਕਾਂ ਦੁਆਰਾ ਚੰਗੇ ਨੰਬਰ ਲਿਆਉਣ ਅਤੇ ਮੁਕਾਬਲੇ ਦੀ ਦੌੜ ਵਿੱਚ ਅੱਗੇ ਰਹਿਣ ਦਾ ਦਬਾਅ ਉਨ੍ਹਾਂ ਦੇ ਮਾਸੂਮ ਮਨਾਂ 'ਤੇ ਇੱਕ ਅਸਹਿ ਬੋਝ ਪਾ ਰਿਹਾ ਹੈ।

**ਪਰਵਾਸ ਦਾ ਸੁਪਨਾ ਅਤੇ 'ਆਈਲੈਟਸ' (IELTS) ਦਾ ਤਣਾਅ:** ਵਿਦੇਸ਼ ਜਾਣ ਦਾ ਸੁਪਨਾ ਪੂਰਾ ਕਰਨ ਲਈ 'ਆਈਲੈਟਸ' ਦੀ ਪ੍ਰੀਖਿਆ ਪਾਸ ਕਰਨਾ ਹੁਣ ਇੱਕ ਜਨੂੰਨ ਬਣ ਗਿਆ ਹੈ। ਇਸ ਵਿੱਚ ਵਾਰ-ਵਾਰ ਅਸਫ਼ਲ ਰਹਿਣ 'ਤੇ ਨੌਜਵਾਨ ਡੂੰਘੀ ਨਿਰਾਸ਼ਾ ਵਿੱਚ ਚਲੇ ਜਾਂਦੇ ਹਨ। ਇਹ ਸਿਰਫ਼ ਇੱਕ ਟੈਸਟ ਨਹੀਂ, ਸਗੋਂ ਉਨ੍ਹਾਂ ਲਈ 'ਇੱਜ਼ਤ' ਅਤੇ 'ਭਵਿੱਖ' ਦਾ ਸਵਾਲ ਬਣ ਜਾਂਦਾ ਹੈ।

**ਸੋਸ਼ਲ ਮੀਡੀਆ ਦਾ ਜਾਲ, ਦਿਖਾਵੇ ਦੀ ਦੁਨੀਆ ਦਾ ਦਬਾਅ:** ਸੋਸ਼ਲ ਮੀਡੀਆ, ਖਾਸ ਕਰਕੇ ਇੰਸਟਾਗ੍ਰਾਮ, ਫੇਸਬੁਕ, ਵਟਸਐਪ ਅਤੇ ਸਨੈਪਚੈਟ, ਇਸ ਸੰਕਟ ਨੂੰ ਹੋਰ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।

ਤੁਲਨਾ ਦਾ ਸੱਭਿਆਚਾਰ: ਜਦੋਂ ਇੱਕ ਨੌਜਵਾਨ ਆਪਣੇ ਦੋਸਤਾਂ ਅਤੇ ਰਿਸ਼ਤੇਦਾਰਾਂ ਦੀਆਂ ਵਿਦੇਸ਼ਾਂ ਵਿੱਚ 'ਸਫ਼ਲ' ਅਤੇ 'ਖੁਸ਼ਹਾਲ' ਜ਼ਿੰਦਗੀ ਦੀਆਂ ਤਸਵੀਰਾਂ ਦੇਖਦਾ ਹੈ, ਤਾਂ ਉਸ ਦੇ ਮਨ ਵਿੱਚ ਤੁਲਨਾ ਅਤੇ ਹੀਣ ਭਾਵਨਾ ਪੈਦਾ ਹੁੰਦੀ ਹੈ। ਉਹ ਆਪਣੀ ਜ਼ਿੰਦਗੀ ਨੂੰ ਅਸਫ਼ਲ ਸਮਝਣ ਲੱਗਦਾ ਹੈ।

**ਨਕਲੀ ਸੰਪੂਰਨਤਾ ਦਾ ਦਬਾਅ:** ਸੋਸ਼ਲ ਮੀਡੀਆ 'ਤੇ ਹਰ ਕੋਈ ਆਪਣੀ ਜ਼ਿੰਦਗੀ ਦਾ ਸਭ ਤੋਂ ਵਧੀਆ ਪੱਖ ਦਿਖਾਉਂਦਾ ਹੈ। ਇਸ 'ਨਕਲੀ ਸੰਪੂਰਨਤਾ' ਨੂੰ ਦੇਖ ਕੇ ਦੂਜਿਆਂ ਨੂੰ ਲੱਗਦਾ ਹੈ ਕਿ ਸਿਰਫ਼ ਉਹੀ ਆਪਣੀ ਜ਼ਿੰਦਗੀ ਵਿੱਚ ਦੁਖੀ ਹਨ, ਜਿਸ ਨਾਲ ਉਨ੍ਹਾਂ ਦਾ ਇਕਲਾਪਨ ਅਤੇ ਉਦਾਸੀ ਹੋਰ ਵਧ ਜਾਂਦੀ ਹੈ।

**ਸਾਈਬਰਬੁਲਿੰਗ ਅਤੇ ਆਨਲਾਈਨ ਸ਼ੋਸ਼ਣ:** ਸੋਸ਼ਲ ਮੀਡੀਆ 'ਤੇ ਹੋਣ ਵਾਲੀ ਟਰੋਲਿੰਗ ਅਤੇ ਨਕਾਰਾਤਮਕ ਟਿੱਪਣੀਆਂ ਵੀ ਨੌਜਵਾਨਾਂ ਦੀ ਮਾਨਸਿਕ ਸ਼ਾਂਤੀ ਨੂੰ ਭੰਗ ਕਰਦੀਆਂ ਹਨ।

**ਪੰਜਾਬ ਦੀਆਂ ਕੁੜੀਆਂ ਦਾ ਅਣਕਿਹਾ ਬੋਝ:** ਮਾਨਸਿਕ ਸਿਹਤ ਦੇ ਇਸ ਸੰਕਟ ਦਾ ਸਭ ਤੋਂ ਵੱਡਾ ਸ਼ਿਕਾਰ ਪੰਜਾਬ ਦੀਆਂ ਕੁੜੀਆਂ ਹੋ ਰਹੀਆਂ ਹਨ। ਉਨ੍ਹਾਂ 'ਤੇ ਦੋਹਰਾ ਦਬਾਅ ਹੈ। ਇੱਕ ਪਾਸੇ, ਉਨ੍ਹਾਂ ਨੂੰ ਪੜ੍ਹ-ਲਿਖ ਕੇ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਅਤੇ ਦੂਜੇ ਪਾਸੇ ਉਨ੍ਹਾ 'ਤੇ ਸਮਾਜਿਕ ਅਤੇ ਪਰਿਵਾਰਕ ਰਵਾਇਤਾਂ, ਜਲਦੀ ਵਿਆਹ ਅਤੇ ਹੋਰ ਬੰਦਿਸ਼ਾਂ ਦਾ ਬੋਝ ਵੀ ਹੁੰਦਾ ਹੈ। ਆਪਣੀਆਂ ਇੱਛਾਵਾਂ ਅਤੇ ਸਮਾਜ ਦੀਆਂ ਉਮੀਦਾਂ ਵਿਚਕਾਰ ਪੀਸਦੀ ਹੋਈ ਕੁੜੀ ਅਕਸਰ ਗੰਭੀਰ ਮਾਨਸਿਕ ਤਣਾਅ ਦਾ ਸ਼ਿਕਾਰ ਹੋ ਜਾਂਦੀ ਹੈ।

**ਚੁੱਪ ਦੀ ਕੰਧ, ਮਦਦ ਮੰਗਣ ਤੋਂ ਝਿਜਕ:** ਇਸ ਸੰਕਟ ਦਾ ਸਭ ਤੋਂ ਖਤਰਨਾਕ ਪਹਿਲੂ ਹੈ 'ਚੁੱਪ ਦੀ ਕੰਧ' ਸਾਡੇ ਸਮਾਜ ਵਿੱਚ ਅੱਜ ਵੀ ਮਾਨਸਿਕ ਬਿਮਾਰੀ ਨੂੰ ਇੱਕ ਦਾਗ ਸਮਝਿਆ ਜਾਂਦਾ ਹੈ।

**ਬਦਨਾਮੀ ਦਾ ਡਰ:** ਨੌਜਵਾਨ ਇਸ ਡਰ ਕਾਰਨ ਆਪਣੇ ਮਾਪਿਆਂ ਜਾਂ ਦੋਸਤਾਂ ਨਾਲ ਗੱਲ ਕਰਨ ਤੋਂ ਡਰਦੇ ਹਨ ਕਿ ਕਿਤੇ ਲੋਕ ਉਨ੍ਹਾਂ ਨੂੰ 'ਪਾਗਲ' ਜਾਂ 'ਕਮਜ਼ੋਰ' ਨਾ ਸਮਝਣ, ਜਿਸ ਦਾ ਖਮਿਆਜ਼ਾ ਮਾਪਿਆਂ ਨੂੰ ਆਪਣੇ ਬਚੇ ਗੁਆ ਕੇ ਵੀ ਭਰਨਾ ਪੈਂਦਾ ਹੈ।

ਮਦਦ ਦੀ ਘਾਟ: ਪੰਜਾਬ, ਖਾਸ ਕਰਕੇ ਪੇਂਡੂ ਖੇਤਰਾਂ ਵਿੱਚ, ਸਿਖਲਾਈ ਪ੍ਰਾਪਤ ਮਾਨਸਿਕ ਸਿਹਤ ਮਾਹਿਰਾਂ (ਕਾਊਂਸਲਰਾਂ ਅਤੇ ਮਨੋਵਿਗਿਆਨੀਆਂ) ਦੀ ਬਹੁਤ ਵੱਡੀ ਘਾਟ ਹੈ। ਲੋਕਾਂ ਨੂੰ ਪਤਾ ਹੀ ਨਹੀਂ ਕਿ ਜੇਕਰ ਉਹ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਹਨ ਤਾਂ ਮਦਦ ਲਈ ਕਿੱਥੇ ਜਾਣ।

ਪੰਜਾਬ ਦੀ ਜਵਾਨੀ ਇੱਕ ਟਾਈਮ ਬੰਬ 'ਤੇ ਬੈਠੀ ਹੈ। ਜੇਕਰ ਇਸ ਮਾਨਸਿਕ ਸਿਹਤ ਸੰਕਟ ਨੂੰ ਤੁਰੰਤ ਸੰਬੋਧਨ ਨਾ ਕੀਤਾ ਗਿਆ ਤਾਂ ਇਸ ਦੇ ਨਤੀਜੇ ਨਸ਼ਿਆਂ ਦੀ ਸਮੱਸਿਆ ਤੋਂ ਵੀ ਭਿਆਨਕ ਹੋ ਸਕਦੇ ਹਨ, ਜਿਸ ਵਿੱਚ ਖੁਦਕੁਸ਼ੀ ਦੀਆਂ ਦਰਾਂ ਦਾ ਵਾਧਾ ਵੀ ਸ਼ਾਮਲ ਹੈ। ਇਸ ਲਈ, ਲੋੜ ਹੈ ਇੱਕ ਬਹੁ-ਪੱਧਰੀ ਪਹੁੰਚ ਦੀ।

**ਪਰਿਵਾਰਕ ਪੱਧਰ 'ਤੇ:** ਮਾਪਿਆਂ ਨੂੰ ਆਪਣੇ ਬੱਚਿਆਂ 'ਤੇ ਬੇਲੋੜਾ ਦਬਾਅ ਪਾਉਣ ਦੀ ਬਜਾਏ, ਉਨ੍ਹਾਂ ਨਾਲ ਦੋਸਤਾਂ ਵਾਂਗ ਗੱਲ ਕਰਨੀ ਚਾਹੀਦੀ ਹੈ ਅਤੇ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਸਮਝਣਾ ਚਾਹੀਦਾ ਹੈ।

**ਸਕੂਲਾਂ ਅਤੇ ਕਾਲਜਾਂ ਵਿੱਚ:** ਮਾਨਸਿਕ ਸਿਹਤ ਨੂੰ ਪਾਠਕ੍ਰਮ ਦਾ ਹਿੱਸਾ ਬਣਾਉਣਾ ਅਤੇ ਨਿਯਮਤ ਤੌਰ 'ਤੇ ਸਿਖਲਾਈ ਪ੍ਰਾਪਤ ਕਾਊਂਸਲਰਾਂ ਦੀ ਉਪਲੱਬਧਤਾ ਨੂੰ ਯਕੀਨੀ ਬਣਾਉਣਾ ਜ਼ਰੂਰੀ ਹੈ।

**ਸਰਕਾਰੀ ਪੱਧਰ 'ਤੇ:** ਸਰਕਾਰ ਨੂੰ ਜ਼ਿਲ੍ਹਾ ਅਤੇ ਬਲਾਕ ਪੱਧਰ 'ਤੇ ਮਾਨਸਿਕ ਸਿਹਤ ਕੇਂਦਰ ਖੋਲ੍ਹਣੇ ਚਾਹੀਦੇ ਹਨ ਅਤੇ ਇਸ ਵਿਸ਼ੇ ਨਾਲ ਜੁੜੀ ਬਦਨਾਮੀ ਜਾਂ ਡਰ ਨੂੰ ਦੂਰ ਕਰਨ ਲਈ ਜਾਗਰੂਕਤਾ ਮੁਹਿੰਮਾਂ ਚਲਾਉਣੀਆਂ ਚਾਹੀਦੀਆਂ ਹਨ।

ਪੰਜਾਬ ਦਾ ਭਵਿੱਖ ਇਸ ਦੀ ਨੌਜਵਾਨ ਪੀੜ੍ਹੀ ਦੇ ਹੱਥਾਂ ਵਿੱਚ ਹੈ। ਜੇਕਰ ਅਸੀਂ ਉਨ੍ਹਾਂ ਦੇ ਮਨਾਂ ਨੂੰ ਸਿਹਤਮੰਦ ਅਤੇ ਮਜ਼ਬੂਤ ਨਹੀਂ ਬਣਾ ਸਕੇ ਤਾਂ ਆਉਣ ਵਾਲੇ ਸਮੇਂ 'ਚ ਬਹੁਤ ਮਾੜੇ ਹਾਲਾਤ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

**# ਸੰਪਰਕ : 95014-77889**

## ਪਾਠਕ-ਸੱਥ

### ਨਸ਼ਾ ਵਿਰੋਧੀ ਕਾਰਕੁਨ ਦਾ ਕਤਲ

ਨਸ਼ਿਆਂ ਖਿਲਾਫ ਜੰਗ ਅਜੇ ਖਤਮ ਨਹੀਂ ਹੋਈ ਹੈ। ਮਾਨਸਾ ਵਿੱਚ ਦਿਨ-ਦਿਹਾੜੇ ਪਰਵਿੰਦਰ ਸਿੰਘ ਝੋਟਾ ਨੂੰ ਕੈਮਿਸਟ ਨੇ ਸ਼ਰੇਆਮ ਗੋਲੀ ਮਾਰ ਦਿੱਤੀ। ਨਸ਼ਿਆਂ ਦੀ ਸਮੱਸਿਆ ਖਿਲਾਫ਼ ਆਵਾਜ਼ ਚੁੱਕਣ ਵਾਲਿਆਂ ਦੀ ਸੁਰੱਖਿਆ ਸੰਬੰਧੀ ਪ੍ਰਸ਼ਾਸਨ ਦੀ ਸਮਰਥਾ 'ਤੇ ਸਵਾਲੀਆ ਨਿਸ਼ਾਨ ਲਗਾਉਂਦੀ ਹੈ। ਹਾਲਾਂਕਿ ਪਿਛਲੇ ਲੰਮੇ ਸਮੇਂ ਤੋਂ ਪਰਵਿੰਦਰ ਸਿੰਘ ਝੋਟਾ ਦੇ ਪਿਤਾ ਕਹਿ ਰਹੇ ਸਨ ਕਿ ਮੇਰੇ ਪੁੱਤ ਦੀ ਜਾਨ ਨੂੰ ਖਤਰਾ ਹੈ। ਪਹਿਲਾਂ ਵੀ ਇਸ ਤਰ੍ਹਾਂ ਦੇ ਨਸ਼ਾ ਵਿਰੋਧੀ ਕਾਰਕੁਨਾਂ ਦੇ ਕਤਲ ਹੋ ਚੁੱਕੇ ਹਨ। 2023 ਵਿੱਚ ਇਸੇ ਪਰਮਿੰਦਰ ਨੇ ਕੈਮਿਸਟ ਦੇ ਖਿਲਾਫ ਪਾਬੰਦੀਸ਼ੁਦਾ ਕੈਪਸੂਲ ਵੇਚਣ ਦਾ ਦੋਸ਼ ਲਗਾਉਂਦਿਆਂ ਸ਼ਿਕਾਇਤ ਦਰਜ ਕਰਵਾਈ ਸੀ। ਉਸੇ ਵੇਲੇ ਪ੍ਰਸ਼ਾਸਨ ਨੂੰ ਇਸ ਕੈਮਿਸਟ ਦੇ ਖਿਲਾਫ ਸਖਤ ਕਾਰਵਾਈ ਕਰ ਦੇਣੀ ਚਾਹੀਦੀ ਸੀ। ਡਰੱਗ ਇੰਸਪੈਕਟਰ ਨੂੰ ਇਸ ਦਾ ਲਾਇਸੈਂਸ ਮੁਅੱਤਲ ਕਰ ਦੇਣਾ ਚਾਹੀਦਾ ਸੀ, ਤਾਂ ਜੋ ਹੋਰਨਾਂ ਨੂੰ ਵੀ ਕੰਨ ਹੋ ਜਾਂਦੇ। ਡਰੱਗ ਇੰਸਪੈਕਟਰ ਨੇ ਉਸ ਵੇਲੇ ਸਖਤ ਕਾਰਵਾਈ ਕਿਉਂ ਨਹੀਂ ਕੀਤੀ ? ਸਵਾਲੀਆ ਨਿਸ਼ਾਨ ਖੜ੍ਹੇ ਕਰਦਾ ਹੈ। ਉਧਰ ਪੁਲਸ ਦਾ ਦਾਅਵਾ ਸੀ ਕਿ ਅਸੀਂ ਦੁਕਾਨਦਾਰ ਦੇ ਖਿਲਾਫ਼ ਕੇਸ ਦਰਜ ਕਰ ਲਿਆ ਸੀ, ਪਰ ਇਸ ਪਰਵਿੰਦਰ ਨੇ ਕੈਮਿਸਟ ਦੇ ਗਲੇ ਵਿੱਚ ਜੁੱਤੀਆਂ ਦਾ ਹਾਰ ਪਾ ਕੇ ਸ਼ਰੇਆਮ ਉਸ ਨੂੰ ਬਾਜ਼ਾਰ ਵਿੱਚ ਘੁਮਾਇਆ ਸੀ। ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਵਿਰੋਧ ਕਰਨ ਵਾਲਿਆਂ ਨਾਲ ਲਗਾਤਾਰ ਵਾਰਦਾਤਾਂ ਹੋ ਰਹੀਆਂ ਹਨ। ਛੋਟੀ ਉਮਰ ਦੇ ਨੌਜਵਾਨ ਨਸ਼ਿਆਂ ਦੀ ਲਪੇਟ ਵਿੱਚ ਆ ਗਏ ਹਨ। ਕੁੜੀਆਂ ਵੀ ਇਸ ਦੀਆਂ ਆਦੀ ਹੋ ਚੁੱਕੀਆਂ ਹਨ। ਨਸ਼ੇੜੀਆਂ ਨੇ ਤਾਂ ਆਪਣੇ ਘਰ ਦੀਆਂ ਚੁਗਾਠਾਂ ਤੱਕ ਵੇਚ ਦਿੱਤੀਆਂ ਹਨ । ਨਸ਼ੇ ਦੀ ਭਰਪਾਈ ਲਈ ਇਥੋਂ ਤੱਕ ਕਿ ਆਪਣੇ ਮਾਪਿਆਂ ਦੇ ਵੀ ਕਾਤਲ ਬਣ ਰਹੇ ਹਨ। ਕੱਲ੍ਹ ਇਹ ਵਾਰਦਾਤ ਤੋਂ ਬਾਅਦ ਸੂਬੇ ਦੇ ਮੁੱਖ ਮੰਤਰੀ ਨੇ ਆਗਾਮੀ ਮੀਟਿੰਗ ਸੱਦ ਲਈ ਹੈ। ਨਜਾਇਜ਼ ਨਸ਼ੀਲੇ ਪਦਾਰਥਾਂ ਦੀ ਵਿਕਰੀ ਨਾਲ ਸੰਬੰਧਤ ਸ਼ਿਕਾਇਤਾਂ ਦੀ ਸਮੇਂ ਸਿਰ ਜਾਂਚ ਹੋਣੀ ਚਾਹੀਦੀ ਹੈ। ਹਰ ਰੋਜ਼ ਪੁਲਸ ਦੇ ਵੱਡੇ ਅਧਿਕਾਰੀ ਨਾਕਾ ਲਗਾ ਕੇ ਸਮਗਲਰਾਂ ਨੂੰ ਫੜ ਰਹੇ ਹਨ ।ਵੱਡੀ ਤਾਦਾਦ ਵਿੱਚ ਹੈਰੋਇਨ ਗੁਆਂਢੀ ਦੇਸ਼ ਪਾਕਿਸਤਾਨ ਰਾਹੀਂ ਬੀ ਐੱਸ ਐੱਫ ਵੱਲੋਂ ਫੜੀ ਜਾਂਦੀ ਹੈ। ਲਾਪਰਵਾਹੀ ਵਰਤਣ ਵਾਲੇ ਅਫਸਰਾਂ ਨੂੰ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ। ਨਸ਼ੀਲੇ ਪਦਾਰਥਾਂ ਖਿਲਾਫ ਮੁਹਿੰਮ ਦਾ ਲੇਖਾ-ਜੋਖਾ ਸਿਰਫ ਗ੍ਰਿਫਤਾਰੀਆਂ ਨਹੀਂ। ਹਾਲਾਂਕਿ ਸੂਬਾ ਸਰਕਾਰ ਵੱਲੋਂ ਸਰਚ ਅਪਰੇਸ਼ਨ ਚਲਾ ਕੇ ਨਸ਼ਾ ਤਸਕਰਾਂ ਨੂੰ ਲਗਾਤਾਰ ਗ੍ਰਿਫਤਾਰ ਕੀਤਾ ਜਾ ਰਿਹਾ ਹੈ।

**-ਸੰਜੀਵ ਸਿੰਘ ਸੈਣੀ, ਮੋਹਾਲੀ , ਸਟੇਟ ਐਵਾਰਡੀ, 78889-66168**

ਜਨਮ ਦਿਨ 'ਤੇ ਵਿਸ਼ੇਸ਼

# ਡਾ. ਏ ਪੀ ਜੇ ਅਬਦੁਲ ਕਲਾਮ-ਮਿਜ਼ਾਈਲ ਮੈਨ ਤੋਂ ਰਾਸ਼ਟਰਪਤੀ ਤੱਕ ਦਾ ਸਫ਼ਰ

ਜਗਤਾਰ ਸਿੰਘ ਭੂੰਗਾਰਨੀ



ਭਾਰਤ ਦੇ ਇਤਿਹਾਸ ਵਿੱਚ ਕੁਝ ਸ਼ਖਸੀਅਤਾਂ ਅਜਿਹੀਆਂ ਹਨ, ਜਿਨ੍ਹਾਂ ਗਰੀਬੀ ਵਿੱਚ ਜਨਮ ਲੈ ਕੇ ਆਪਣੀ ਮਿਹਨਤ ਨਾਲ ਦੇਸ਼ ਦਾ ਸਭ ਤੋਂ ਉੱਚਾ ਅਹੁਦਾ ਹਾਸਲ ਕੀਤਾ। ਡਾ. ਅਵੁਲ ਪਕੀਰ ਜੈਨੁਲਾਬਦੀਨ ਅਬਦੁਲ ਕਲਾਮ ਉਨ੍ਹਾਂ ਵਿੱਚੋਂ ਸਭ ਤੋਂ ਚਮਕਦਾ ਨਾਂਅ ਹੈ । ਜਨਮ ਅਤੇ ਬਚਪਨ (1931-1950) ਜਿਨ੍ਹਾਂ ਦਾ ਜਨਮ 15 ਅਕਤੂਬਰ 1931 ਨੂੰ ਤਾਮਿਲਨਾਡੂ ਦੇ ਰਾਮੇਸ਼ਵਰਮ ਕਸਬੇ ਵਿੱਚ ਇੱਕ ਗਰੀਬ ਮੁਸਲਮਾਨ ਪਰਵਾਰ ਵਿੱਚ ਹੋਇਆ। ਪਿਤਾ ਜੈਨੁਲਾਬਦੀਨ ਇੱਕ ਕਿਸ਼ਤੀ ਦੇ ਮਾਲਕ ਸਨ ਅਤੇ ਮਾਤਾ ਆਸ਼ੀਅੰਮਾ ਘਰ ਸੰਭਾਲਦੀ ਸੀ । ਘਰ ਵਿੱਚ ਪੈਸਾ ਘੱਟ ਸੀ, ਪਰ ਸੰਸਕਾਰ ਬਹੁਤ ਸਨ ।

ਬਚਪਨ ਵਿੱਚ ਕਲਾਮ ਨੂੰ ਪੜ੍ਹਾਈ ਲਈ ਬਹੁਤ ਸੰਘਰਸ਼ ਕਰਨਾ ਪਿਆ । ਸਵੇਰੇ 4 ਵਜੇ ਉਠ ਕੇ ਉਹ ਗਣਿਤ ਪੜ੍ਹਦੇ ਸਨ । ਅਖਬਾਰ ਵੰਡਣ ਦਾ ਕੰਮ ਵੀ ਕਰਦੇ ਸਨ ਤਾਂ ਜੋ ਫੀਸ ਦੇ ਸਕਣ । ਉਨ੍ਹਾ ਦੇ ਅਧਿਆਪਕ ਇਯਾਦੁਰਾਈ ਸੋਲੋਮਨ ਨੇ ਕਿਹਾ ਸੀ-ਸਫਲਤਾ ਲਈ ਤਿੰਨ ਚੀਜ਼ਾਂ ਚਾਹੀਦੀਆਂ ਹਨ - ਇੱਛਾ, ਵਿਸ਼ਵਾਸ ਅਤੇ ਉਮੀਦ। ਇਹ ਗੱਲ ਕਲਾਮ ਨੇ ਸਾਰੀ ਉਮਰ ਯਾਦ ਰੱਖੀ।

**ਪੜ੍ਹਾਈ ਅਤੇ ਸੰਘਰਸ਼** (1950-1960):- ਰਾਮੇਸ਼ਵਰਮ ਤੋਂ ਸਕੂਲ ਦੀ ਪੜ੍ਹਾਈ ਪੂਰੀ ਕਰਕੇ ਉਹ ਤਿਰੂਚਿਰਾਪੱਲੀ ਦੇ ਸੇਂਟ ਜੋਸਫ਼ ਕਾਲਜ ਗਏ। ਇੱਥੋਂ ਉਨ੍ਹਾਂ ਨੇ ਭੌਤਿਕ ਵਿਗਿਆਨ ਵਿੱਚ ਡਿਗਰੀ ਲਈ, ਪਰ ਉਨ੍ਹਾਂ ਦਾ ਸੁਪਨਾ ਹਵਾਈ ਜਹਾਜ਼ ਉਡਾਉਣਾ ਸੀ। ਇਸ ਲਈ ਉਹ ਮਦਰਾਸ ਇੰਸਟੀਚਿਊਟ ਆਫ਼ ਟੈਕਨਾਲੋਜੀ ਵਿੱਚ ਏਅਰੋਨਾਟੀਕਲ ਇੰਜੀਨੀਅਰਿੰਗ ਪੜ੍ਹਨ ਗਏ।

MIT ਵਿੱਚ ਫੀਸ ਬਹੁਤ ਸੀ । ਉਨ੍ਹਾ ਦੀ ਭੈਣ ਜ਼ੋਹਰਾ ਨੇ ਆਪਣੇ ਗਹਿਣੇ ਗਹਿਣੇ ਰੱਖ ਕੇ ਉਨ੍ਹਾਂ ਦੀ ਫੀਸ ਭਰੀ। ਕਲਾਮ ਨੇ ਵਾਅਦਾ ਕੀਤਾ ਕਿ ਉਹ ਭੈਣ ਦਾ ਇਹ ਕਰਜ਼ਾ ਜ਼ਰੂਰ ਉਤਾਰਨਗੇ। ਦਿਨ-ਰਾਤ ਮਿਹਨਤ ਕਰਕੇ ਉਨ੍ਹਾ 1960 ਵਿੱਚ ਇੰਜੀਨੀਅਰਿੰਗ ਪੂਰੀ ਕੀਤੀ।

ਵਿਗਿਆਨੀ ਦਾ ਸਫ਼ਰ (1960-1990 ):-1960 ਵਿੱਚ ਉਹ DRDO (ਰੱਖਿਆ ਖੋਜ ਸੰਸਥਾ) ਵਿੱਚ ਵਿਗਿਆਨੀ ਬਣੇ। ਫਿਰ 1969 ਵਿੱਚ ISRO (ਭਾਰਤੀ ਪੁਲਾੜ ਸੰਸਥਾ) ਵਿੱਚ ਆ ਗਏ। ਇੱਥੇ ਉਨ੍ਹਾ ਭਾਰਤ ਦਾ ਪਹਿਲਾ ਸੈਟੇਲਾਈਟ ਲਾਂਚ ਵਹੀਕਲ SLV-C ਬਣਾਇਆ। 18 ਜੁਲਾਈ 1980 ਨੂੰ ਜਦੋਂ ਰੋਹਿਣੀ ਸੈਟੇਲਾਈਟ ਸਫਲਤਾਪੂਰਵਕ ਪੁਲਾੜ ਵਿੱਚ ਪਹੁੰਚਿਆ, ਤਾਂ ਭਾਰਤ ਦੁਨੀਆ ਦਾ 7 ਵਾਂ ਦੇਸ਼ ਬਣ ਗਿਆ। ਇਸ ਤੋਂ ਬਾਅਦ ਉਨ੍ਹਾ ਅਗਨੀ ਅਤੇ ਪ੍ਰਿਥਵੀ ਮਿਜ਼ਾਈਲਾਂ ਬਣਾਈਆਂ। ਇਸੇ ਕਰਕੇ ਉਨ੍ਹਾਂ ਨੂੰ ਮਿਜ਼ਾਈਲ ਮੈਨ ਆਫ਼ ਇੰਡੀਆ ਕਿਹਾ ਜਾਣ ਲੱਗਾ। 1998 ਵਿੱਚ ਜਦੋਂ ਪੋਖਰਨ ਵਿੱਚ ਪਰਮਾਣੂ ਧਮਾਕਾ ਹੋਇਆ, ਤਾਂ ਉਸ ਦੇ ਪਿੱਛੇ ਕਲਾਮ ਜੀ ਦੀ ਮੁੱਖ ਭੂਮਿਕਾ ਸੀ।

**ਰਾਸ਼ਟਰਪਤੀ ਬਣਨਾ** (2002-2007):- 2002 ਵਿੱਚ ਉਨ੍ਹਾ ਨੂੰ ਭਾਰਤ ਦਾ 11ਵਾਂ ਰਾਸ਼ਟਰਪਤੀ ਬਣਾਇਆ ਗਿਆ। ਰਾਸ਼ਟਰਪਤੀ ਭਵਨ ਵਿੱਚ ਰਹਿੰਦੇ ਹੋਏ ਵੀ ਉਹ ਬਹੁਤ ਸਾਦਾ ਜੀਵਨ ਜੀਂਦੇ ਸਨ। ਡਾ. ਕਲਾਮ ਜੀ ਦੀ ਸਾਦਗੀ ਦੀ ਸਭ ਤੋਂ ਵੱਡੀ ਮਿਸਾਲ ਹੈ। ਜਦੋਂ ਕਲਾਮ ਜੀ ਦੇ ਪਿੰਡ ਵਾਲੇ ਦਿੱਲੀ ਰਾਸ਼ਟਰਪਤੀ ਭਵਨ ਵਿੱਚ ਮਿਲਣ ਆਏ।

2002 ਵਿੱਚ ਜਦੋਂ ਡਾ. ਏ ਪੀ ਜੇ ਅਬਦੁਲ ਕਲਾਮ ਭਾਰਤ ਦੇ ਰਾਸ਼ਟਰਪਤੀ ਬਣੇ, ਤਾਂ ਰਾਮੇਸ਼ਵਰਮ ਵਿੱਚ ਉਨ੍ਹਾਂ ਦੇ ਪਿੰਡ ਵਾਲਿਆਂ ਦੀ ਖੁਸ਼ੀ ਦਾ ਕੋਈ ਟਿਕਾਣਾ ਨਾ ਰਿਹਾ। ਉਹ ਬਾਲ ਜੋ ਕਦੇ ਉਨ੍ਹਾਂ ਦੀਆਂ ਗਲੀਆਂ ਵਿੱਚ ਅਖਬਾਰ ਵੰਡਦਾ ਸੀ, ਅੱਜ ਦੇਸ਼ ਦੇ ਸਭ ਤੋਂ ਵੱਡੇ ਭਵਨ ਵਿੱਚ ਬੈਠਾ ਸੀ। ਇੱਕ ਦਿਨ ਕਲਾਮ ਸਾਹਿਬ ਨੂੰ ਖਬਰ ਮਿਲੀ ਕਿ ਉਨ੍ਹਾ ਦੇ ਪਿੰਡ ਤੋਂ ਕਰੀਬ 30-35 ਰਿਸ਼ਤੇਦਾਰ ਅਤੇ ਪੁਰਾਣੇ ਗੁਆਂਢੀ ਉਨ੍ਹਾ ਨੂੰ ਮਿਲਣ ਦਿੱਲੀ ਆਉਣਾ ਚਾਹੁੰਦੇ ਹਨ । ਇਹ ਸਾਰੇ ਬਹੁਤ ਗਰੀਬ ਅਤੇ ਸਾਦੇ ਲੋਕ ਸਨ । ਕਈਆਂ ਨੇ ਪਹਿਲੀ ਵਾਰ ਰੇਲ ਗੱਡੀ ਵਿੱਚ ਸਫਰ ਕੀਤਾ ਸੀ । ਰਾਸ਼ਟਰਪਤੀ ਭਵਨ ਦੇ ਅਧਿਕਾਰੀਆਂ ਨੇ ਸੋਚਿਆ ਕਿ ਮਹਿਮਾਨਾਂ ਲਈ ਕੋਈ ਵੱਡੇ ਹੋਟਲ ਵਿੱਚ ਪ੍ਰਬੰਧ ਕੀਤਾ ਜਾਵੇ, ਪਰ ਕਲਾਮ ਜੀ ਨੇ ਸਾਫ਼ ਮਨ੍ਹਾ ਕਰ ਦਿੱਤਾ । ਉਨ੍ਹਾ ਕਿਹਾ - ਇਹ ਮੇਰੇ ਪਰਿਵਾਰ ਦੇ ਲੋਕ ਹਨ, ਮਹਿਮਾਨ ਨਹੀਂ । ਇਹ ਮੇਰੇ ਨਾਲ ਹੀ ਰਾਸ਼ਟਰਪਤੀ ਭਵਨ ਵਿੱਚ ਰਹਿਣਗੇ। ਉਨ੍ਹਾ ਖੁਦ ਆਪਣੇ ਮਹਿਮਾਨਾਂ ਦਾ ਸਵਾਗਤ ਕੀਤਾ। ਵੱਡੇ-ਵੱਡੇ ਕਮਰਿਆਂ ਨੂੰ ਦੇਖ ਕੇ ਪਿੰਡ ਵਾਲੇ ਘਬਰਾ ਰਹੇ ਸਨ। ਕਲਾਮ ਜੀ ਨੇ ਉਨ੍ਹਾ ਨੂੰ ਹੱਸ ਕੇ ਕਿਹਾ-ਘਬਰਾਓ ਨਾ, ਇਹ ਤੁਹਾਡਾ ਹੀ ਘਰ ਹੈ। ਖਾਣੇ ਵੇਲੇ ਸਭ ਤੋਂ ਛੋਹਣ ਵਾਲੀ ਘਟਨਾ ਵਾਪਰੀ। ਰਾਸ਼ਟਰਪਤੀ ਭਵਨ ਦੇ ਰਸੋਈਏ ਨੇ ਪੁੱਛਿਆ ਕਿ ਮਹਿਮਾਨਾਂ ਲਈ ਕੀ ਬਣਾਇਆ ਜਾਵੇ। ਕਲਾਮ ਜੀ ਨੇ ਕਿਹਾ-ਮੇਰੇ ਪਿੰਡ ਵਾਲੇ ਸਾਦਾ ਖਾਣਾ ਖਾਂਦੇ ਹਨ। ਦਾਲ, ਚੌਲ, ਸਾਂਭਰ ਅਤੇ ਇਡਲੀ ਬਣਾਓ। ਉਹ ਖੁਦ ਜ਼ਮੀਨ ਤੇ ਬੈਠ ਕੇ ਉਨ੍ਹਾਂ ਨਾਲ ਖਾਣਾ ਖਾਣ ਲੱਗੇ। ਇੱਕ ਬਜ਼ੁਰਗ ਰਿਸ਼ਤੇਦਾਰ ਦੀਆਂ ਅੱਖਾਂ ਵਿੱਚ ਹੰਝੂ ਆ ਗਏ। ਉਸ ਨੇ ਕਿਹਾ-ਅਬਦੁਲ, ਤੂੰ ਰਾਸ਼ਟਰਪਤੀ ਬਣ ਗਿਆ ਹੈਂ, ਪਰ ਤੂੰ ਬਦਲਿਆ ਨਹੀਂ। ਕਲਾਮ ਜੀ ਨੇ ਆਪਣੇ ਖਾਸ ਸਹਾਇਕ ਨੂੰ ਬੁਲਾ ਕੇ ਕਿਹਾ ਕਿ ਇਨ੍ਹਾਂ ਸਾਰਿਆਂ ਨੂੰ ਦਿੱਲੀ ਦਰਸ਼ਨ ਕਰਵਾਏ ਜਾਣ। ਸਰਕਾਰੀ ਗੱਡੀਆਂ ਵਿੱਚ ਜਦੋਂ ਪਿੰਡ ਵਾਲੇ ਇੰਡੀਆ ਗੇਟ ਅਤੇ ਕੁਤਬ ਮੀਨਾਰ ਦੇਖਣ ਗਏ, ਤਾਂ ਉਨ੍ਹਾਂ ਦੀ ਖੁਸ਼ੀ ਦੇਖਣ ਵਾਲੀ ਸੀ। ਵਾਪਸ ਜਾਂਦੇ ਸਮੇਂ ਕਲਾਮ ਜੀ ਨੇ ਹਰ ਇੱਕ ਨੂੰ ਤੋਹਫ਼ੇ ਵਜੋਂ ਆਪਣੀ ਕਿਤਾਬ ਦਿੱਤੀ ਅਤੇ ਉਨ੍ਹਾਂ ਦੇ ਪੈਰ ਛੂਹੇ।

**ਇਸੇ ਤਰ੍ਹਾਂ ਡਾ. ਏ ਪੀ ਜੇ ਅਬਦੁਲ ਕਲਾਮ ਜੀ ਦੀਆਂ ਸਾਦਗੀ ਦੀਆਂ ਬਹੁਤ ਘਟਨਾਵਾਂ ਹਨ, ਇੱਕ ਹੋਰ ਬਹੁਤ ਮਸ਼ਹੂਰ ਘਟਨਾ ਇਹ ਹੈ :** -ਜਦੋਂ ਉਹ ਰਾਸ਼ਟਰਪਤੀ ਬਣੇ ਤਾਂ ਰਾਸ਼ਟਰਪਤੀ ਭਵਨ ਦੇ ਸਟਾਫ ਨੇ ਉਹਨਾਂ ਲਈ ਵੱਡਾ ਸੂਟ ਅਤੇ ਸਾਰਾ ਸ਼ਾਹੀ ਸਮਾਨ ਤਿਆਰ ਕੀਤਾ। ਕਲਾਮ ਸਾਹਿਬ ਨੇ ਕਿਹਾ -ਮੈਨੂੰ ਏਨਾ ਵੱਡਾ ਕਮਰਾ ਨਹੀਂ ਚਾਹੀਦਾ, ਮੈਨੂੰ ਇੱਕ ਛੋਟਾ ਕਮਰਾ ਦੇ ਦਿਓ, ਬਾਕੀ ਮਹਿਮਾਨਾਂ ਲਈ ਰਹਿਣ ਦਿਓ। ਉਹ ਆਪਣੇ ਨਾਲ ਰਾਮੇਸ਼ਵਰਮ ਤੋਂ ਸਿਰਫ ਦੋ ਸੂਟਕੇਸ ਲਿਆਏ ਸਨ - ਇੱਕ ਵਿੱਚ ਕਿਤਾਬਾਂ ਅਤੇ ਦੂਜੇ ਵਿੱਚ ਕੱਪੜੇ।

**ਮੋਚੀ ਨੂੰ ਖਾਣੇ 'ਤੇ ਬੁਲਾਉਣਾ :** -ਇੱਕ ਵਾਰ ਉਹਨਾਂ ਦਾ ਜੁੱਤਾ ਟੁੱਟ ਗਿਆ, ਇੱਕ ਗਰੀਬ ਮੋਚੀ ਨੇ ਉਹਨਾ ਦਾ ਜੁੱਤਾ ਠੀਕ ਕੀਤਾ ਅਤੇ ਪੈਸੇ ਲੈਣ ਤੋਂ ਇਨਕਾਰ ਕਰ ਦਿੱਤਾ। ਕਲਾਮ ਸਾਹਿਬ ਨੇ ਜ਼ੋਰ ਦੇ ਕੇ ਪੈਸੇ ਦਿੱਤੇ ਅਤੇ ਅਗਲੇ ਦਿਨ ਉਸ ਮੋਚੀ ਨੂੰ ਰਾਸ਼ਟਰਪਤੀ ਭਵਨ ਵਿੱਚ ਖਾਣੇ 'ਤੇ ਬੁਲਾਇਆ । ਸਟਾਫ ਹੈਰਾਨ ਰਹਿ ਗਿਆ ਕਿ ਇੱਕ ਰਾਸ਼ਟਰਪਤੀ ਇੱਕ ਮੋਚੀ ਨਾਲ ਇਕੱਠੇ ਬੈਠ ਕੇ ਖਾਣਾ ਖਾ ਰਿਹਾ ਹੈ।

**ਕੁਰਸੀ ਵਾਲੀ ਘਟਨਾ** :-ਇੱਕ ਯੂਨੀਵਰਸਿਟੀ ਵਿੱਚ ਉਹਨਾਂ ਲਈ ਸਟੇਜ 'ਤੇ ਵੱਡੀ ਕੁਰਸੀ ਲਗਾਈ ਗਈ ਅਤੇ ਬਾਕੀ ਪ੍ਰੋਫੈਸਰਾਂ ਲਈ ਛੋਟੀਆਂ। ਉਹਨਾਂ ਨੇ ਉਹ ਵੱਡੀ ਕੁਰਸੀ ਹਟਵਾ ਦਿੱਤੀ ਅਤੇ ਕਿਹਾ - ਮੈਂ ਵੀ ਇੱਕ ਅਧਿਆਪਕ ਹਾਂ, ਮੈਨੂੰ ਵੀ ਉਹੀ ਕੁਰਸੀ ਚਾਹੀਦੀ ਹੈ ਜੋ ਬਾਕੀਆਂ ਨੂੰ ਮਿਲੀ ਹੈ।

**ਆਖਰੀ ਦਿਨ ਅਤੇ ਵਿਰਾਸਤ** :-ਰਾਸ਼ਟਰਪਤੀ ਦਾ ਕਾਰਜਕਾਲ ਖਤਮ ਹੋਣ ਤੋਂ ਬਾਅਦ ਵੀ ਉਹ ਪੜ੍ਹਾਉਂਦੇ ਰਹੇ। 27 ਜੁਲਾਈ 2015 ਨੂੰ ਸ਼ਿਲਾਂਗ ਵਿੱਚ ਵਿਦਿਆਰਥੀਆਂ ਨੂੰ ਭਾਸ਼ਣ ਦਿੰਦੇ ਹੋਏ ਅਚਾਨਕ ਉਨ੍ਹਾ ਨੂੰ ਦਿਲ ਦਾ ਦੌਰਾ ਪਿਆ ਅਤੇ ਉਹ ਇਸ ਦੁਨੀਆ ਤੋਂ ਚਲੇ ਗਏ । ਉਨ੍ਹਾ ਦੀ ਮੌਤ ਵੀ ਉਸੇ ਤਰ੍ਹਾਂ ਹੋਈ, ਜਿਵੇਂ ਉਨ੍ਹਾਂ ਦਾ ਜੀਵਨ ਸੀ - ਬੱਚਿਆਂ ਵਿੱਚ, ਪੜ੍ਹਾਉਂਦੇ ਹੋਏ।

ਉਨ੍ਹਾ ਨੂੰ ਭਾਰਤ ਰਤਨ, ਪਦਮ ਭੂਸ਼ਣ ਅਤੇ ਪਦਮ ਵਿਭੂਸ਼ਣ ਨਾਲ ਸਨਮਾਨਿਆ ਗਿਆ । ਉਨ੍ਹਾ ਦੀਆਂ ਕਿਤਾਬਾਂ 'ਵਿੰਗਜ਼ ਆਫ਼ ਫਾਇਰ' ਅਤੇ 'ਇਗਨਾਈਟਿਡ ਮਾਈਂਡਜ਼' ਅੱਜ ਵੀ ਨੌਜਵਾਨਾਂ ਨੂੰ ਪ੍ਰੇਰਨਾ ਦਿੰਦੀਆਂ ਹਨ ।

ਕਲਾਮ ਕਹਿ ਗਿਆ, ਬੱਚਿਓ ਮਿਹਨਤ ਤੋਂ ਨਾ ਡਰੋ,
ਸਾਦਗੀ ਵਿੱਚ ਹੀ ਜੀਵਨ ਦਾ ਅਸਲੀ ਰੰਗ ਹੈ।

ਕਲਾਮ ਸਾਹਿਬ ਦਾ ਜੀਵਨ ਸਿਖਾਉਂਦਾ ਹੈ ਕਿ ਜਨਮ ਗਰੀਬ ਘਰ ਵਿੱਚ ਹੋਣਾ ਕੋਈ ਰੁਕਾਵਟ ਨਹੀਂ। ਮਿਹਨਤ, ਇਮਾਨਦਾਰੀ ਅਤੇ ਸੁਪਨੇ ਇਨਸਾਨ ਨੂੰ ਅਸਮਾਨ ਤੱਕ ਪਹੁੰਚਾ ਸਕਦੇ ਹਨ।

## ਹਾਰਮਨੀ ਆਯੁਰਵੈਦਿਕ ਕਾਲਜ 'ਚ ਇੰਟਰਨਜ਼ ਓਰੀਐਂਟੇਸ਼ਨ ਪ੍ਰੋਗਰਾਮ ਸੰਪੰਨ

**ਫਿਰੋਜ਼ਪੁਰ, (ਅਸ਼ੋਕ ਸ਼ਰਮਾ) :** ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਐਂਡ ਹਸਪਤਾਲ ਫਿਰੋਜ਼ਪੁਰ ਵਿਖੇ ਇੰਟਰਨਜ਼ ਲਈ ਕਰਵਾਏ ਗਏ ਓਰੀਐਂਟੇਸ਼ਨ ਪ੍ਰੋਗਰਾਮ ਦਾ ਸਫ਼ਲਤਾਪੂਰਵਕ ਸਮਾਪਤੀ ਸਮਾਰੋਹ ਕੀਤਾ ਗਿਆ। ਇਹ ਸੱਤ ਦਿਨਾਂ ਪ੍ਰੋਗਰਾਮ ਨੈਸ਼ਨਲ ਕਮਿਸ਼ਨ ਫਾਰ ਇੰਡੀਅਨ



ਸਿਸਟਮ ਆਫ਼ ਮੈਡੀਸਨ ਵੱਲੋਂ ਨਿਰਧਾਰਤ 42 ਘੰਟਿਆਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੂਰਾ ਕੀਤਾ ਗਿਆ। ਇਸ ਸੱਤ ਦਿਨਾਂ ਪ੍ਰੋਗਰਾਮ ਦੌਰਾਨ ਕਾਲਜ ਦੇ ਕਲੀਨਿਕਲ ਤੇ ਨਾਨ-ਕਲੀਨਿਕਲ ਵਿਭਾਗਾਂ ਦੇ ਸਾਰੇ ਅਧਿਆਪਕਾਂ ਨੇ ਇੰਟਰਨਜ਼ ਨੂੰ ਵੱਖ-ਵੱਖ ਵਿਸ਼ਿਆਂ 'ਤੇ ਮਹੱਤਵਪੂਰਨ ਜਾਣਕਾਰੀ, ਵਿਵਹਾਰਕ ਗਿਆਨ, ਮਾਰਗਦਰਸ਼ਨ ਤੇ ਪ੍ਰੇਰਨਾਦਾਇਕ ਭਾਸ਼ਣ ਪ੍ਰਦਾਨ ਕੀਤੇ। ਇਸ ਤੋਂ ਇਲਾਵਾ ਵੱਖ-ਵੱਖ ਖੇਤਰਾਂ ਦੇ ਤਜ਼ਰਬੇਕਾਰ ਡਾਕਟਰਾਂ ਤੇ ਮਾਹਰਾਂ ਨੂੰ ਮਹਿਮਾਨ ਵਕਤਾ ਵਜੋਂ ਸੱਦਾ ਦਿੱਤਾ ਗਿਆ, ਜਿਨ੍ਹਾਂ ਨੇ ਆਪਣੇ ਤਜ਼ਰਬੇ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਮੈਡੀਕਲ ਖੇਤਰ ਵਿੱਚ ਬਿਹਤਰ ਭਵਿੱਖ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਇੰਟਰਨਜ਼ ਨੂੰ ਉਨ੍ਹਾਂ ਦੇ ਆਉਣ ਵਾਲੇ ਡਾਕਟਰੀ ਫਰਜ਼ਾਂ, ਵਿਵਹਾਰਕ ਸਿਖਲਾਈ, ਮਰੀਜ਼ਾਂ ਪ੍ਰਤੀ ਸੰਵੇਦਨਸ਼ੀਲ ਵਿਵਹਾਰ ਤੇ ਪੇਸ਼ੇਵਰ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰਨਾ ਸੀ। ਸਮਾਪਤੀ ਸਮਾਰੋਹ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਐੱਮ. ਪੀ. ਸਿੰਘ ਨੇ ਇੰਟਰਨਜ਼ ਨੂੰ ਸੰਬੋਧਨ ਕਰਦਿਆਂ ਪ੍ਰੇਰਨਾਦਾਇਕ ਸੁਨੇਹਾ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਮਿਹਨਤ, ਸਮਰਪਣ ਤੇ ਇਮਾਨਦਾਰੀ ਨਾਲ ਅੱਗੇ ਵਧ ਕੇ ਆਪਣੇ ਸੰਸਥਾਨ ਤੇ ਪਰਵਾਰ ਦਾ ਨਾਂ ਰੋਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੈਡੀਕਲ ਸੁਪਰਡੈਂਟ ਡਾ. ਪ੍ਰਵੀਨ ਗੋਇਲ ਨੇ ਵੀ ਸਾਰੇ ਇੰਟਰਨਜ਼ ਨੂੰ ਸ਼ੁਭ-ਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਇੰਟਰਨਜ਼ ਨੂੰ ਉਨ੍ਹਾਂ ਦੇ ਆਉਣ ਵਾਲੇ ਡਾਕਟਰੀ ਜੀਵਨ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ ਤੇ ਇਸ ਮੌਕੇ ਕਾਲਜ ਦਾ ਸਮੁੱਚਾ ਕਲੀਨਿਕਲ ਤੇ ਨਾਨ-ਕਲੀਨਿਕਲ ਸਟਾਫ਼ ਹਾਜ਼ਰ ਰਿਹਾ।

## ਮੁੱਖ ਮੰਤਰੀ ਨਾਲ ਦਲਬੀਰ ਗਿੱਲ ਯੂ ਕੇ ਨੇ ਕੀਤੀ ਮੁਲਾਕਾਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ) :** ਆਮ ਆਦਮੀ ਪਾਰਟੀ ਹਲਕਾ ਘਨੌਰ ਨਾਲ ਸਬੰਧਤ ਦਲਬੀਰ ਗਿੱਲ ਯੂਕੇ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਕੀਤੀ।ਇਸ ਦੌਰਾਨ ਹਲਕਾ ਘਨੌਰ ਦੇ ਸਰਬਪੱਖੀ ਵਿਕਾਸ, ਇਲਾਕੇ ਦੀ ਖੁਸ਼ਹਾਲੀ ਤੇ ਤਰੱਕੀ ਨੂੰ ਹੋਰ ਗਤੀ ਦੇਣ ਸਬੰਧੀ ਅਹਿਮ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਦੇ ਨਾਲ ਹੀ ਪੰਜਾਬ ਦੇ ਮੌਜੂਦਾ ਰਾਜਨੀਤਕ ਹਾਲਾਤਾਂ ਤੇ ਹੋਰ ਕਈ ਅਹਿਮ ਵਿਸ਼ਿਆਂ 'ਤੇ ਵੀ ਗੱਲਬਾਤ ਹੋਈ। ਦਲਬੀਰ ਗਿੱਲ ਯੂਕੇ ਨੇ ਕਿਹਾ ਕਿ ਹਲਕਾ ਘਨੌਰ ਦੀ ਤਰੱਕੀ ਤੇ ਲੋਕਾਂ ਦੀ ਬਿਹਤਰੀ ਉਨ੍ਹਾਂ ਦੀ ਮੁੱਖ ਤਰਜੀਹ ਹੈ। ਇਲਾਕੇ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਾ ਤੇ ਉਨ੍ਹਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣਾ ਸਮੇਂ ਦੀ ਅਹਿਮ ਲੋੜ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਇਲਾਕੇ ਦੀ ਅਸਲ ਤਰੱਕੀ ਉਦੋਂ ਹੀ ਸੰਭਵ ਹੈ, ਜਦੋਂ ਵਿਕਾਸ ਦੇ ਨਾਲ-ਨਾਲ ਲੋਕਾਂ ਦੀ ਖੁਸ਼ਹਾਲੀ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਵੀ ਤਰਜ਼ੀਹ ਦਿੱਤੀ ਜਾਵੇ। ਉਨ੍ਹਾਂ ਅਨੁਸਾਰ ਮੁੱਖ ਮੰਤਰੀ ਨਾਲ ਹੋਈ ਮੁਲਾਕਾਤ ਦੌਰਾਨ ਹਲਕੇ ਦੀ ਬਿਹਤਰੀ ਨਾਲ ਜੁੜੇ ਵੱਖ-ਵੱਖ ਪਹਿਲੂਆਂ 'ਤੇ ਵਿਚਾਰ ਸਾਂਝੇ ਕੀਤੇ ਗਏ।ਇਸ ਤੋਂ ਇਲਾਵਾ ਸੂਬੇ ਦੀ ਰਾਜਨੀਤਕ ਸਥਿਤੀ ਤੇ ਹੋਰ ਅਹਿਮ ਮਾਮਲਿਆਂ ਬਾਰੇ ਵੀ ਚਰਚਾ ਹੋਈ।

## ਭੂੰਦੜ 'ਚ ਕਬੱਡੀ ਟੂਰਨਾਮੈਂਟ ਕਰਾਇਆ

**ਰਾਮਪੁਰਾ ਫੂਲ (ਦਰਸ਼ਨ ਜਿੰਦਲ) :** ਪਿੰਡ ਭੂੰਦੜ 'ਚ ਜਿਮ ਕਮੇਟੀ, ਗ੍ਰਾਮ ਪੰਚਾਇਤ, ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਮੂਹ ਨਗਰ ਨਿਵਾਸੀਆਂ ਦੇ ਸਾਂਝੇ ਸਹਿਯੋਗ ਨਾਲ ਤੀਜੇ ਸ਼ਾਨਦਾਰ ਕਬੱਡੀ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ।ਇਸ ਖੇਡ ਮਹਾਕੁੰਭ 'ਚ ਗਲੋਬਲ



ਡਿਸਕਵਰੀ ਸਕੂਲ ਦੇ ਵਾਇਸ-ਚੇਅਰਮੈਨ ਸ਼੍ਰੀ ਅਮਿਤ ਸਰਾਫ਼ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਪੇਂਡੂ ਖੇਡ ਸੱਭਿਆਚਾਰ ਨੂੰ ਉਤਸ਼ਾਹਤ ਕਰਨ ਤੇ ਨੌਜਵਾਨਾਂ 'ਚ ਖੇਡ ਭਾਵਨਾ ਦਾ ਸੰਚਾਰ ਕਰਨ ਦੇ ਉਦੇਸ਼ ਨਾਲ ਆਯੋਜਤ ਇਸ ਟੂਰਨਾਮੈਂਟ ਵਿੱਚ ਖਿਡਾਰੀਆਂ ਨੇ ਪੂਰੇ ਉਤਸ਼ਾਹ, ਜੋਸ਼ ਤੇ ਉਮੰਗ ਨਾਲ ਹਿੱਸਾ ਲਿਆ।ਇਸ ਮੌਕੇ ਖੇਡ ਪ੍ਰੇਮੀਆਂ ਤੇ ਇਲਾਕਾ ਨਿਵਾਸੀਆਂ ਨੇ ਤਾਲੀਆਂ ਤੇ ਨਾਅਰਿਆਂ ਨਾਲ ਖਿਡਾਰੀਆਂ ਦਾ ਉਤਸ਼ਾਹ ਵਧਾਇਆ।38, 60 ਤੇ 75 ਕਿਲੋਗ੍ਰਾਮ ਭਾਰ ਵਰਗਾਂ ਵਿੱਚ ਖਿਡਾਰੀਆਂ ਨੇ ਸ਼ਾਨਦਾਰ ਖੇਡ ਕਲਾ, ਫੁਰਤੀ ਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ। ਆਯੋਜਕਾਂ ਨੇ ਦੱਸਿਆ ਕਿ ਟੂਰਨਾਮੈਂਟ ਦਾ ਉਦੇਸ਼ ਖੇਡ ਖੇਤਰਾਂ ਵਿੱਚ ਕਬੱਡੀ ਨੂੰ ਬੜ੍ਹਾਵਾ ਦੇਣਾ, ਉੱਭਰਦੀ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨਾ ਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਵੱਲ ਪ੍ਰੇਰਿਤ ਕਰਨਾ ਹੈ।ਇਹ ਆਯੋਜਨ ਆਪਸੀ ਭਾਈਚਾਰੇ ਅਤੇ ਸਮਾਜਿਕ ਸਹਿਯੋਗ ਦਾ ਪ੍ਰਤੀਕ ਬਣਿਆ।ਅੰਤ ਵਿੱਚ ਪ੍ਰਬੰਧਕਾਂ ਨੇ ਸਾਰੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਸਕੂਲ ਦੇ ਵਾਈਸ-ਚੇਅਰਮੈਨ ਸ਼੍ਰੀ ਅਮਿਤ ਸਰਾਫ਼ ਨੇ ਕਬੱਡੀ ਟੂਰਨਾਮੈਂਟ ਦੌਰਾਨ ਕਿਹਾ ਕਿ ਕਬੱਡੀ ਪੰਜਾਬ ਦੀ ਸ਼ਾਨ ਤੇ ਸਾਡੀ ਅਮੀਰ ਵਿਰਾਸਤ ਦਾ ਪ੍ਰਤੀਕ ਹੈ।ਖੇਡਾਂ ਨੌਜਵਾਨਾਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਅਤੇ ਟੀਮ ਭਾਵਨਾ ਵਿਕਸਿਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਦੀਆਂ ਹਨ।ਉਨ੍ਹਾਂ ਨੇ ਗੌਰਵ ਮਹਿਸੂਸ ਕਰਦਿਆਂ ਦੱਸਿਆ ਕਿ ਸਾਡੇ ਸਕੂਲ ਦੇ ਵਿਦਿਆਰਥੀਆਂ ਨੇ 70ਵੀਂ ਸਕੂਲ ਰਾਜ ਪੱਧਰੀ ਖੇਡ ਪ੍ਰਤੀਯੋਗਤਾਵਾਂ ਵਿੱਚ ਜ਼ੋਨਲ ਪੱਧਰ 'ਤੇ 354 ਅਤੇ ਜ਼ਿਲ੍ਹਾ ਪੱਧਰ 'ਤੇ 130 ਮੈਡਲ ਜਿੱਤੇ ਹਨ।ਇਨ੍ਹਾਂ ਵਿੱਚੋਂ ਹੀ 34 ਵਿਦਿਆਰਥੀਆਂ ਦੀ ਚੋਣ ਰਾਜ ਪੱਧਰੀ ਪ੍ਰਤੀਯੋਗਤਾਵਾਂ ਲਈ ਹੋਈ ਹੈ। ਉਨ੍ਹਾਂ ਨੇ ਖਿਡਾਰੀਆਂ ਨੂੰ ਮਿਹਨਤ ਅਤੇ ਖੇਡ ਭਾਵਨਾ ਨਾਲ ਅੱਗੇ ਵਧ ਕੇ ਆਪਣੇ ਮਾਤਾ-ਪਿਤਾ, ਪਿੰਡ ਅਤੇ ਦੇਸ਼ ਦਾ ਨਾਂ ਰੋਸ਼ਨ ਕਰਨ ਲਈ ਪ੍ਰੇਰਿਤ ਕੀਤਾ।

## ਕਾਲਜ ਕੈਂਪਸ 'ਚ ਰੁੱਖ ਲਾਏ

**ਸਮਾਣਾ, (ਗੁਰਪਿਆਰ ਸਿੰਘ ਬੱਲ) :** ਪਬਲਿਕ ਕਾਲਜ ਦੇ ਡਿਜ਼ਾਸ਼ਟਰ ਰਿਸਕ ਰਿਡਕਸ਼ਨ ਐਂਡ ਮੈਨੇਜਮੈਂਟ ਕਲੱਬ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਦੀ ਅਗਵਾਈ ਹੇਠ



ਅੰਤਰਰਾਸ਼ਟਰੀ ਡਿਜਾਸਟਰ ਰਿਡਕਸ਼ਨ ਦਿਵਸ ਮੌਕੇ ਰੁੱਖ ਲਾਏ ਗਏ। ਵਿਦਿਆਰਥੀਆਂ ਤੇ ਕਲੱਬ ਦੇ ਮੈਂਬਰਾਂ ਨੇ ਕਾਲਜ ਕੈਂਪਸ ਵਿੱਚ ਵੱਖ-ਵੱਖ ਕਿਸਮਾਂ ਦੇ ਪੌਦੇ ਲਾਏ।ਉਨ੍ਹਾਂ ਪੌਦਿਆਂ ਦੀ ਸੰਭਾਲ ਕਰਨ ਅਤੇ ਉਨ੍ਹਾਂ ਨੂੰ ਨਿਯਮਿਤ ਤੌਰ 'ਤੇ ਪਾਣੀ ਦੇਣ ਦਾ ਸੰਕਲਪ ਵੀ ਲਿਆ।ਇਸ ਗਤੀਵਿਧੀ ਦੌਰਾਨ ਕਲੱਬ ਦੇ ਕੋਆਰਡੀਨੇਟਰ ਡਾ. ਸ਼ੇਰ ਸਿੰਘ ਨੇ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਰੁੱਖ ਵਾਤਾਵਰਨ ਨੂੰ ਸਾਫ਼ ਰੱਖਣ, ਹਵਾ ਦੀ ਗੁਣਵੱਤਾ ਸੁਧਾਰਨ, ਮਿੱਟੀ ਦੇ ਕਟਾਅ ਨੂੰ ਰੋਕਣ ਤੇ ਜਲਵਾਯੂ ਸੰਤੁਲਨ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਵਿਦਿਆਰਥੀਆਂ ਨੂੰ ਵਾਤਾਵਰਨ ਦੀ ਸੁਰੱਖਿਆ ਲਈ ਵੱਧ ਤੋਂ ਵੱਧ ਰੁੱਖ ਲਾਉਣ ਤੇ ਉਨ੍ਹਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਹਰਿਆਵਲ ਨੂੰ ਉਤਸ਼ਾਹਤ ਕਰਨਾ ਅਤੇ ਕੁਦਰਤੀ ਸਰੋਤਾਂ ਦੀ ਰੱਖਿਆ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

## ਪੰਜਾਬ 'ਚ ਨਸ਼ਿਆਂ ਖ਼ਿਲਾਫ਼ ਬੋਲਣਾ ਗੁਨਾਹ ਬਣਿਆ : ਦੌਲਤਪੁਰ



**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ) :** ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਕਿਸਾਨ ਵਿੰਗ ਦੇ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਹਰਦੀਪ ਸਿੰਘ ਦੌਲਤਪੁਰ ਨੇ ਨਸ਼ਾ ਵਿਰੋਧੀ ਕਾਰਕੁੰਨ ਪਰਮਿੰਦਰ ਸਿੰਘ ਝੋਟਾ ਦੇ ਦਿਨ-ਦਿਹਾੜੇ ਹੋਏ ਕਤਲ 'ਤੇ ਡੂੰਘੇ ਦੁੱਖ ਤੇ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ।ਉਨ੍ਹਾਂ ਕਿਹਾ ਕਿ ਇਸ ਦੁਖਦਾਈ ਘਟਨਾ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਮੌਜੂਦਾ ਸਰਕਾਰ ਦੇ ਰਾਜ 'ਚ ਹੁਣ ਪੰਜਾਬ ਅੰਦਰ ਨਸ਼ਿਆਂ ਖ਼ਿਲਾਫ਼ ਆਵਾਜ਼ ਬੁਲੰਦ ਕਰਨਾ ਜਾਂ ਸੱਚਾ ਬੋਲਣਾ ਵੀ ਇੱਕ ਵੱਡਾ ਗੁਨਾਹ ਬਣ ਚੁੱਕਾ ਹੈ। ਆਪਣੇ ਬਿਆਨ 'ਚ ਸਖ਼ਤ ਸਵਾਲ ਉਠਾਉਂਦਿਆਂ ਹਰਦੀਪ ਸਿੰਘ ਦੌਲਤਪੁਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਆਖ਼ਰ ਗੈਂਗਸਟਰਾਂ, ਨਸ਼ਾ ਤਸਕਰਾਂ ਤੇ ਸਮਾਜ ਵਿਰੋਧੀ ਤਾਕਤਾਂ ਦੇ ਹੌਸਲੇ ਇਨੇ ਬੁਲੰਦ ਕਿਉਂ ਹੋ ਚੁੱਕੇ ਹਨ? ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਤੇ ਸੂਬੇ ਦੇ ਹੱਕਾਂ ਲਈ ਡਟ ਕੇ ਲੜਨ ਵਾਲੇ ਨੌਜਵਾਨਾਂ ਤੇ ਪੁੱਤਰਾਂ ਨੂੰ ਸਰਕਾਰ ਵੱਲੋਂ ਸੁਰੱਖਿਆ ਕਿਉਂ ਨਹੀਂ ਮੁਹੱਈਆ ਕਰਾਈ ਜਾਂਦੀ? ਉਨ੍ਹਾਂ ਆਖਿਆ ਕਿ ਅੱਜ ਪੰਜਾਬ ਅੰਦਰ ਸਿਆਸਤ, ਪੁਲਸ ਤੇ ਨਸ਼ਾ ਮਾਫ਼ੀਆ ਦਾ ਇੱਕ ਘਾਤਕ ਗਠਜੋੜ ਬਣ ਚੁੱਕਿਆ ਹੈ, ਜੋ ਸੂਬੇ ਦੇ ਨੌਜਵਾਨਾਂ ਨੂੰ ਲਗਾਤਾਰ ਮੌਤ ਦੇ ਮੂੰਹ ਵੱਲ ਧੱਕ ਰਿਹਾ ਹੈ ਤੇ ਨਸ਼ਾ ਵਿਰੋਧੀਆਂ ਨੂੰ ਖ਼ਤਮ ਕਰ ਰਿਹਾ ਹੈ।ਦੌਲਤਪੁਰ ਨੇ ਅੱਗੇ ਕਿਹਾ ਕਿ ਪਰਮਿੰਦਰ ਸਿੰਘ ਝੋਟਾ ਵਰਗੇ ਨਿਧੜਕ ਕਾਰਕੁੰਨਾਂ ਦਾ ਇਸ ਤਰ੍ਹਾਂ ਸ਼ਰੇਆਮ ਕਤਲ ਹੋਣਾ ਸੂਬੇ ਦੀ ਵਿਗੜ ਰਹੀ ਅਪਰਾਧਿਕ ਸਥਿਤੀ ਤੇ ਲਾਅ ਐਂਡ ਆਰਡਰ ਦੇ ਦਾਅਵਿਆਂ ਦੀ ਫੂਕ ਕੱਢ ਰਿਹਾ ਹੈ।

## ਝੋਟਾ ਦੇ ਕਤਲ ਨੇ ਪੰਜਾਬ ਦੀ ਕਾਨੂੰਨ ਵਿਵਸਥਾ 'ਤੇ ਖੜੇ ਕੀਤੇ ਸਵਾਲ : ਅਰਵਿੰਦ ਖੰਨਾ

**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਸਵਾਲ ਉਠਾਉਂਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਅਰਵਿੰਦ ਖੰਨਾ ਨੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੀ ਘਟਨਾ ਨੂੰ ਲੈ ਕੇ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ 'ਤੇ ਨਿਸ਼ਾਨਾ



ਸਾਧਿਆ ਹੈ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਹੋ ਰਹੇ ਹਨ। ਪ੍ਰੈੱਸ ਦੇ ਨਾਂਅ ਜਾਰੀ ਬਿਆਨ ਵਿੱਚ ਅਰਵਿੰਦ ਖੰਨਾ ਨੇ ਕਿਹਾ ਕਿ ਸੋਸ਼ਲ ਮੀਡੀਆ 'ਤੇ ਸਾਹਮਣੇ ਆਈ ਵੀਡੀਓ 'ਚ ਕਥਿਤ ਤੌਰ 'ਤੇ ਨਸ਼ਾ ਤਸਕਰ ਵੱਲੋਂ ਪਰਵਿੰਦਰ ਸਿੰਘ ਝੋਟਾ ਨੂੰ ਗੋਲੀਆਂ ਮਾਰਨ ਦੀ ਘਟਨਾ ਦਿਖਾਈ ਦੇਣ ਦਾ ਦਾਅਵਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਘਟਨਾ ਬੇਹੱਦ ਚਿੰਤਾਜਨਕ ਹੈ ਤੇ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਜਿੱਥੇ ਸਮਾਜ ਦੇ ਹਰ ਵਰਗ ਨੂੰ ਅੱਗੇ ਆਉਣ ਦੀ ਲੋੜ ਹੈ, ਉੱਥੇ ਹੀ ਨਸ਼ਿਆਂ ਵਿਰੁੱਧ ਮੁਹਿੰਮ ਚਲਾਉਣ ਵਾਲਿਆਂ ਦੀ ਸੁਰੱਖਿਆ ਯਕੀਨੀ ਬਣਾਉਣਾ ਵੀ ਸਰਕਾਰ ਦੀ ਜ਼ਿੰਮੇਵਾਰੀ ਹੈ।ਖੰਨਾ ਨੇ ਦੋਸ਼ ਲਾਇਆ ਕਿ ਸੂਬੇ 'ਚ ਨਸ਼ਿਆਂ ਤੇ ਅਪਰਾਧਾਂ ਦੀਆਂ ਘਟਨਾਵਾਂ ਕਾਰਨ ਲੋਕਾਂ ਵਿੱਚ ਚਿੰਤਾ ਵਧ ਰਹੀ ਹੈ।ਮੁੱਖ ਮੰਤਰੀ ਭਗਵੰਤ ਮਾਨ ਦੀਆਂ ਲੋਕ ਮਿਲਣੀਆਂ 'ਤੇ ਟਿੱਪਣੀ ਕਰਦਿਆਂ ਅਰਵਿੰਦ ਖੰਨਾ ਨੇ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਦਾ ਅਸਲ ਮਕਸਦ ਲੋਕਾਂ ਦੀਆਂ ਸਮੱਸਿਆਵਾਂ ਸੁਣਨਾ ਅਤੇ ਉਨ੍ਹਾਂ ਦਾ ਹੱਲ ਕਰਨਾ ਹੋਣਾ ਚਾਹੀਦਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਵਿੱਚ ਕਤਲ, ਲੁੱਟ-ਖੋਹ ਤੇ ਹੋਰ ਅਪਰਾਧਾਂ ਦੀਆਂ ਘਟਨਾਵਾਂ ਨੂੰ ਰੋਕਣ ਵੱਲ ਧਿਆਨ ਦੇਣ ਦੀ ਬਜਾਏ ਸਰਕਾਰ ਲੋਕ ਮਿਲਣੀਆਂ ਰਾਹੀਂ ਆਪਣੀ ਕਾਰਗੁਜ਼ਾਰੀ ਦਾ ਪ੍ਰਚਾਰ ਕਰ ਰਹੀ ਹੈ।

## ਬਗੀਚਾ ਸਿੰਘ ਬੜੈਚ ਨੇ ਤਰਸੇਮ ਸਿੰਘ ਨਾਲ ਕੀਤੀ ਮੁਲਾਕਾਤ

**ਸਮਾਣਾ, (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਕੌਮੀ ਮਸਲਿਆਂ ਤੇ ਸਿੱਖ ਸੰਘਰਸ਼ ਦੌਰਾਨ ਕਈ ਵਾਰ ਜੇਲ੍ਹ ਯਾਤਰਾ ਕਰ ਚੁੱਕੇ ਭਾਈ ਬਗੀਚਾ ਸਿੰਘ ਵੜੈਚ ਨੇ ਆਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਲਈ 'ਵਾਰਿਸ ਪੰਜਾਬ ਦੇ' ਪਾਰਟੀ ਦੀ ਟਿਕਟ 'ਤੇ ਹਲਕਾ ਸਮਾਣਾ ਤੋਂ ਚੋਣ ਲੜਨ ਦੀ ਇੱਛਾ ਜ਼ਾਹਰ ਕੀਤੀ ਹੈ। ਉਨ੍ਹਾਂ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਨਾਲ ਉਚੇਚੇ ਤੌਰ 'ਤੇ ਮੁਲਾਕਾਤ ਕਰਕੇ ਹਲਕਾ ਸਮਾਣਾ ਤੋਂ ਪਾਰਟੀ ਟਿਕਟ ਦੀ ਰਸਮੀ ਮੰਗ ਕੀਤੀ। ?ਭਾਈ ਵੜੈਚ ਨੇ ਦੱਸਿਆ ਕਿ ਉਹ ਲੰਮੇ ਸਮੇਂ ਤੋਂ ਕੌਮੀ ਮਸਲਿਆਂ, ਬੰਦੀ ਸਿੰਘਾਂ ਦੀ ਰਿਹਾਈ ਲਈ ਚੱਲ ਰਹੇ ਸੰਘਰਸ਼ਾਂ ਵਿੱਚ ਸਰਗਰਮ ਭੂਮਿਕਾ ਨਿਭਾਉਂਦੇ ਆ ਰਹੇ ਹਨ ਤੇ ਬੰਦੀ ਸਿੰਘਾਂ ਦੇ ਪਰਵਾਰਾਂ ਦੀ ਹਰ ਪੱਖੋਂ ਆਰਥਿਕ ਤੇ ਸਮਾਜਿਕ ਮਦਦ ਲਈ ਵਚਨਬੱਧ ਹਨ। ?ਉਨ੍ਹਾਂ ਦੱਸਿਆ ਕਿ ਬਾਪੂ ਤਰਸੇਮ ਸਿੰਘ ਨਾਲ ਹੋਈ ਇਸ ਸੁਖਾਵੇਂ ਮਾਹੌਲ ਵਿਚਲੀ ਮੁਲਾਕਾਤ ਦੌਰਾਨ ਉਨ੍ਹਾਂ ਨੂੰ ਪੂਰਾ ਭਰੋਸਾ ਦਿਵਾਇਆ ਗਿਆ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਉਹਨਾਂ ਨੂੰ ਪਾਰਟੀ ਵੱਲੋਂ ਸੇਵਾ ਕਰਨ ਦਾ ਮੌਕਾ ਦਿੱਤਾ ਜਾਵੇਗਾ।

## ਨਸ਼ਿਆਂ ਦੇ ਹਨੇਰੇ ਨੂੰ ਮਿਟਾਉਣ ਲਈ ਪਿੰਡਾਂ 'ਚ ਵਿਕਾਸ ਦੀ ਰੌਸ਼ਨੀ ਫੈਲਾਏਗਾ ਪ੍ਰਸ਼ਾਸਨ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਨਸ਼ਿਆਂ ਦੇ ਖਾਤਮੇ ਲਈ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਸ ਵੱਲੋਂ ਸਾਂਝੇ ਤੌਰ 'ਤੇ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਸਿਵਲ ਤੇ ਪੁਲਸ ਵਿਭਾਗਾਂ ਦੇ ਅਧਿਕਾਰੀਆਂ ਦੀ ਮੀਟਿੰਗ ਹੋਈ, ਜਿਸ ਵਿੱਚ ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਤੇ ਐੱਸਐੱਸਪੀ ਸ੍ਰੀ ਗਗਨਜੀਤ ਸਿੰਘ ਨੇ ਸ਼ਿਰਕਤ



ਕਰਦਿਆਂ ਨਸ਼ਿਆਂ ਦੀ ਰੋਕਥਾਮ ਲਈ ਠੋਸ ਕਦਮ ਚੁੱਕਣ ਅਤੇ ਪਿੰਡਾਂ ਵਿੱਚ ਸਿਹਤਮੰਦ ਸਮਾਜਿਕ ਮਾਹੌਲ ਸਿਰਜਣ 'ਤੇ ਜ਼ੋਰ ਦਿੱਤਾ। ਮੀਟਿੰਗ ਦੌਰਾਨ ਫ਼ੈਸਲਾ ਕੀਤਾ ਗਿਆ ਕਿ ਜ਼ਿਲ੍ਹੇ ਦੇ 21 ਪਿੰਡਾਂ ਵਿੱਚ 21 ਹੌਟਸਪੌਟ ਚਿੰਨ੍ਹਤ ਕੀਤੇ ਜਾਣਗੇ, ਜਿੱਥੇ ਨਸ਼ਿਆਂ ਦੀ ਸਮੱਸਿਆ ਨੂੰ ਠੱਲ੍ਹ ਪਾਉਣ ਲਈ ਵਿਸ਼ੇਸ਼ ਯੋਜਨਾਬੰਦੀ ਕਰਕੇ ਕਾਰਵਾਈ ਕੀਤੀ ਜਾਵੇਗੀ।ਇਸ ਮੁਹਿੰਮ ਦਾ ਮਕਸਦ ਸਿਰਫ਼ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣਾ ਹੀ ਨਹੀਂ, ਸਗੋਂ ਨੌਜਵਾਨਾਂ ਨੂੰ ਖੇਡਾਂ, ਸੱਭਿਆਚਾਰਕ ਸਰਗਰਮੀਆਂ ਤੇ ਉਸਾਰੂ ਸਮਾਜਿਕ ਗਤੀਵਿਧੀਆਂ ਨਾਲ ਜੋੜਨਾ ਵੀ ਹੈ।ਪਿੰਡਾਂ ਵਿੱਚ ਨੌਜਵਾਨਾਂ ਲਈ ਖੇਡ ਸਹੂਲਤਾਂ ਵਿਕਸਿਤ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਇਸ ਤਹਿਤ ਪਾਰਕਾਂ ਦੀ ਉਸਾਰੀ ਤੇ ਵਿਕਾਸ ਲਈ ਫੰਡ ਮੁਹੱਈਆ ਕਰਾਉਣ ਦੇ ਨਾਲ-ਨਾਲ ਵਾਲੀਬਾਲ ਦੇ ਮੈਦਾਨ ਵੀ ਤਿਆਰ ਕੀਤੇ ਜਾ ਸਕਦੇ ਹਨ। ਪਿੰਡਾਂ ਦੀ ਸੁੰਦਰਤਾ ਵਧਾਉਣ, ਵੱਧ ਤੋਂ ਵੱਧ ਬੂਟੇ ਲਾਉਣ ਅਤੇ ਨੌਜਵਾਨਾਂ ਦੀ ਸ਼ਮੂਲੀਅਤ ਨਾਲ ਵਾਤਾਵਰਨ ਪੱਖੀ ਗਤੀਵਿਧੀਆਂ ਚਲਾਉਣ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਤੋਂ ਇਲਾਵਾ, ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਲਈ ਸੱਭਿਆਚਾਰਕ ਪ੍ਰੋਗਰਾਮ ਕਰਾਉਣ ਦੀ ਯੋਜਨਾ ਵੀ ਉਲੀਕੀ ਜਾਵੇਗੀ।ਮੀਟਿੰਗ ਵਿੱਚ ਪਿੰਡਾਂ ਦੇ ਉਨ੍ਹਾਂ ਸੁੰਨਸਾਨ ਅਤੇ ਖੰਡਰ ਇਮਾਰਤਾਂ ਵਾਲੇ ਸਥਾਨਾਂ ਦੀ ਪਛਾਣ ਕਰਨ ਬਾਰੇ ਵੀ ਵਿਚਾਰ ਕੀਤਾ ਗਿਆ, ਜਿੱਥੇ ਨਸ਼ਾ ਕਰਨ ਵਾਲੇ ਵਿਅਕਤੀਆਂ ਦੇ ਲੁਕਣ ਦੀ ਸੰਭਾਵਨਾ ਹੋ ਸਕਦੀ ਹੈ।ਅਜਿਹੀਆਂ ਥਾਵਾਂ ਨੂੰ ਸਾਫ਼-ਸੁਥਰਾ ਬਣਾਉਣ ਲਈ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰਾਂ (ਬੀਡੀਓਜ਼) ਨੂੰ ਲੋੜੀਂਦੇ ਕਦਮ ਚੁੱਕਣ ਲਈ ਕਿਹਾ ਜਾਵੇਗਾ, ਜਿੱਥੇ ਜ਼ਰੂਰੀ ਹੋਵੇ, ਉੱਥੇ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਵੀ ਕੀਤੀ ਜਾਵੇਗੀ।ਐੱਸਐੱਸਪੀ ਸ੍ਰੀ ਗਗਨਅਜੀਤ ਸਿੰਘ ਨੇ ਸੁਝਾਅ ਦਿੱਤਾ ਕਿ ਪ੍ਰਭਾਵਿਤ ਪਿੰਡਾਂ ਵਿੱਚ ਮੈਡੀਕਲ ਕੈਂਪ ਲਗਾਏ ਜਾਣ, ਤਾਂ ਜੁ ਲੋੜਵੰਦ ਵਿਅਕਤੀਆਂ ਦੀ ਸਿਹਤ ਜਾਂਚ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਇਲਾਜ ਅਤੇ ਨਸ਼ਾ ਛੁਡਾਊ ਸਹੂਲਤਾਂ ਨਾਲ ਜੋੜਿਆ ਜਾ ਸਕੇ।

## ਸ਼ਹਿਰ ਸਾਫ-ਸੁਥਰਾ ਬਣਾਉਣ ਲਈ ਸ਼ਹਿਰ ਵਾਸੀ ਕਰਨ ਸਹਿਯੋਗ : ਕਾਕਾ ਬਰਾੜ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ):** ਨਗਰ ਕੌਂਸਲ ਆਮ ਆਦਮੀ ਪਾਰਟੀ ਦੀ ਬਨਣ ਉਪਰੰਤ ਸ਼ੁਰੂ ਹੋਇਆ ਸਫਾਈ ਅਭਿਆਨ ਲਗਾਤਾਰ ਜਾਰੀ ਹੈ। ਇਸੇ ਕੜੀ ਤਹਿਤ ਅੱਜ ਵੱਡੇ ਪੱਧਰ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੀ ਅਗਵਾਈ ਹੇਠ ਸ਼ਹਿਰ ਦੇ ਮੇਨ ਬਠਿੰਡਾ ਰੋਡ, ਜਲਾਲਾਬਾਦ ਰੋਡ ਤੇ ਰੇਲਵੇ ਪੁਲ ਦੇ ਹੇਠਾਂ ਤੋਂ ਇਲਾਵਾ ਮੋੜ ਰੋਡ ਰੇਲਵੇ ਫਾਟਕ ਤੋਂ ਲੈ ਕੇ ਜਲਾਲਾਬਾਦ ਰੋਡ ਰੇਲਵੇ ਫਾਟਕ ਤੱਕ ਸਫਾਈ ਅਭਿਆਨ ਚੱਲਿਆ। ਨਗਰ ਕੌਂਸਲ ਦੇ ਪ੍ਰਧਾਨ ਯੋਗਿਤਾ ਗੁੰਬਰ ਦੇ ਪਤੀ ਤੇ ਬਲਾਕ ਪ੍ਰਧਾਨ ਵਿੱਕੀ ਗੁੰਬਰ, ਸੀ ਮੀਤ ਪ੍ਰਧਾਨ ਹਰਦੀਪ ਸਿੰਘ ਕਾਲਾ, ਮੀਤ ਪ੍ਰਧਾਨ ਗੁਰਪਿੰਦਰ ਸਿੰਘ ਸ਼ੈਲੀ ਤੋਂ ਇਲਾਵਾ ਸਮੂਹ ਆਮ ਆਦਮੀ ਪਾਰਟੀ ਦੇ ਕੌਂਸਲਰ ਵੀ ਵੱਖੋ ਵੱਖਰੇ ਰੋਡ 'ਤੇ ਨਿਗਰਾਨੀ ਕਰ ਰਹੇ ਸਨ। ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਨਣ ਤੋਂ ਬਾਅਦ ਸਰਕਾਰ ਵੱਲੋਂ ਸ਼ਹਿਰ ਵਿੱਚ ਵੱਡੇ ਵਿਕਾਸ ਦੇ ਪ੍ਰੋਜੈਕਟ ਚੱਲ ਰਹੇ ਹਨ।ਹਲਕੇ ਦੇ ਪਿੰਡਾਂ ਤੋਂ



ਇਲਾਵਾ ਸ਼ਹਿਰ ਦੇ ਚਾਰੇ ਪਾਸਿਓ ਵਿਕਾਸ ਕਾਰਜ਼ ਚੱਲ ਰਹੇ ਹਨ, ਜਿਸ ਕਾਰਨ ਸ਼ਹਿਰ ਵਾਸੀਆਂ ਨੂੰ ਆਉਣ ਵਾਲੇ ਕਰੀਬ 50 ਸਾਲਾਂ ਤੱਕ ਕੋਈ ਸਮੱਸਿਆ ਪੇਸ਼ ਨਹੀਂ ਆਵੇਗੀ।ਦੂਜੇ ਪਾਸੇ ਨਗਰ ਕੌਂਸਲ ਵੀ ਆਮ ਆਦਮੀ ਪਾਰਟੀ ਦੀ ਬਨਣ ਤੋਂ ਬਾਅਦ ਸ਼ਹਿਰ ਵਿੱਚ ਸਫਾਈ ਅਭਿਆਨ ਲਗਾਤਾਰ ਚੱਲ ਰਿਹਾ ਹੈ।ਉਨ੍ਹਾਂ ਕਿਹਾ ਕਿ ਜਦੋਂ ਤੋਂ ਆਪ ਦੀ ਕਮੇਟੀ ਬਣੀ ਹੈ, ਉਦੋਂ ਤੋਂ ਹਰ ਵਾਰਡ ਵਿੱਚ ਦੋ ਸਫਾਈ ਕ੍ਰਮਚਾਰੀ ਪੱਕੇ ਤੌਰ 'ਤੇ ਲਾਏ ਗਏ ਹਨ, ਜਿਸਦਾ ਵੱਡਾ ਫਾਇਦਾ ਸਾਹਮਣੇ ਆ ਰਿਹਾ ਹੈ।ਹੁਣ ਇਸ ਵਿੱਚ ਥੋੜਾ ਬਦਲਾਅ ਕਰਦਿਆਂ ਹਫਤੇ ਦੇ ਹਰ ਮੰਗਲਵਾਰ ਨੂੰ ਸ਼ਹਿਰ ਵਿੱਚ ਵੱਡੇ ਪੱਧਰ 'ਤੇ ਮੇਨ ਰੋਡ 'ਤੇ ਸਫਾਈ ਅਭਿਆਨ ਚਲਾਇਆ ਜਾਵੇਗਾ, ਜਿਸ ਨਾਲ ਸ਼ਹਿਰ ਦੇ ਮੇਨ ਰੋਡਾਂ ਦੀ ਸਾਫ ਸਫਾਈ ਹੋ ਜਾਵੇਗੀ।

## ਦਿੱਲੀ 'ਚ ਪੱਤਰਕਾਰਾਂ ਨਾਲ ਪੁਲਸ ਦੁਰਵਿਹਾਰ ਅਤਿ ਨਿੰਦਣਯੋਗ : ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ

**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ)**-ਦਿੱਲੀ ਵਿਖੇ ਇੱਕ ਪ੍ਰਦਰਸ਼ਨ ਤੇ ਧਰਨੇ ਨੂੰ ਕਵਰ ਕਰ ਰਹੇ ਪੱਤਰਕਾਰਾਂ ਨਾਲ ਦਿੱਲੀ ਪੁਲਸ ਵੱਲੋਂ ਕੀਤੇ ਗਏ ਧੱਕੇਸ਼ਾਹੀ ਤੇ ਦੁਰਵਿਹਾਰ ਦੇ ਮਾਮਲੇ ਨੂੰ ਲੈ ਕੇ ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ ਦੇ ਕੌਮੀ ਚੇਅਰਮੈਨ ਵਿਵੇਕ ਸਿੰਧਵਾਨੀ, ਪ੍ਰਧਾਨ ਐਡਵੋਕੇਟ ਰਾਜੇਸ਼ਵਰ ਚੌਧਰੀ ਤੇ ਸਕੱਤਰ ਜਨਰਲ ਵਿਜੈ ਸਿੰਗਲਾ ਨੇ ਇਸ ਘਟਨਾ ਨੂੰ ਲੋਕਤੰਤਰ ਦੇ ਚੌਥੇ ਥੰਮ੍ਹ 'ਤੇ ਸਿੱਧਾ ਹਮਲਾ ਕਰਾਰ ਦਿੰਦਿਆਂ ਇਸ ਦੀ ਪੁਰਜ਼ੋਰ ਨਿੰਦਾ ਕੀਤੀ ਹੈ।ਆਗੂਆਂ ਨੇ ਕਿਹਾ ਕਿ ਪੱਤਰਕਾਰ ਆਪਣੀ ਪੇਸ਼ੇਵਰ ਡਿਊਟੀ ਨਿਭਾਉਂਦਿਆਂ ਸਮਾਜ ਦੀ ਸੱਚੀ ਤਸਵੀਰ ਲੋਕਾਂ ਤੱਕ ਪਹੁੰਚਾਉਂਦੇ ਹਨ, ਪਰ ਪੁਲਸ ਪ੍ਰਸ਼ਾਸਨ ਵੱਲੋਂ ਮੀਡੀਆ ਕਰਮੀਆਂ ਨਾਲ ਅਜਿਹਾ ਘਟੀਆ ਤੇ ਹਿੰਸਕ ਵਿਵਹਾਰ ਬਰਦਾਸ਼ਤਯੋਗ ਨਹੀਂ ਹੈ।ਉਨ੍ਹਾਂ ਕਿਹਾ ਕਿ ਸੰਵਿਧਾਨ ਵੱਲੋਂ ਮਿਲੇ



ਵਿਚਾਰਾਂ ਦੀ ਆਜ਼ਾਦੀ ਤੇ ਪ੍ਰੈੱਸ ਦੀ ਆਜ਼ਾਦੀ ਨੂੰ ਕੁਚਲਣ ਦੀਆਂ ਅਜਿਹੀਆਂ ਕੋਸ਼ਿਸ਼ਾਂ ਦੇਸ਼ ਦੇ ਲੋਕਤੰਤਰੀ ਢਾਂਚੇ ਲਈ ਵੱਡਾ ਖ਼ਤਰਾ ਹਨ।ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ ਦੇ ਆਗੂਆਂ ਨੇ ਮੰਗ ਕੀਤੀ ਕਿ ਇਸ ਘਟਨਾ ਲਈ ਜ਼ਿੰਮੇਵਾਰੀ ਤੈਅ ਕਰਦਿਆਂ ਸਬੰਧਤ ਪੁਲਸ ਕਰਮਚਾਰੀਆਂ ਵਿਰੁੱਧ ਸਖ਼ਤ ਤੋਂ ਸਖ਼ਤ ਵਿਭਾਗੀ ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪੱਤਰਕਾਰਾਂ ਦੀ ਸੁਰੱਖਿਆ ਨੂੰ ਯਕੀਨੀ ਨਾ ਬਣਾਇਆ ਗਿਆ ਤੇ ਦੋਸ਼ੀ ਪੁਲਸ ਵਾਲਿਆਂ ਵਿਰੁੱਧ ਕਾਰਵਾਈ ਨਾ ਹੋਈ, ਤਾਂ ਫੈਡਰੇਸ਼ਨ ਵੱਲੋਂ ਦੇਸ਼ ਭਰ ਵਿੱਚ ਤਿੱਖੇ ਸੰਘਰਸ਼ ਦਾ ਆਗਾਜ਼ ਕੀਤਾ ਜਾਵੇਗਾ।

## ਅਗਰਸੈਨ ਜਯੰਤੀ ਮੌਕੇ ਡਾ. ਪ੍ਰਦੀਪ ਜੈਨ ਓਸਵਾਲ ਦਾ ਵਿਸ਼ੇਸ਼ ਸਨਮਾਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਅਗਰਸੈਨ ਜਯੰਤੀ ਦੇ ਸ਼ੁਭ ਅਵਸਰ 'ਤੇ ਸ੍ਰੀ ਹਨੂੰਮਾਨ ਮੰਦਰ ਪਰਿਸਰ ਵਿਖੇ ਇੱਕ ਵਿਸ਼ੇਸ਼ ਸਮਾਗਮ ਕੀਤਾ ਗਿਆ।ਇਸ ਸਮਾਗਮ ਦੌਰਾਨ ਮਹਾਵੀਰ ਇੰਟਰਨੈਸ਼ਨਲ ਵੱਲੋਂ ਸਮਾਜ ਪ੍ਰਤੀ ਨਿਭਾਈਆਂ ਜਾ ਰਹੀਆਂ ਬੇਮਿਸਾਲ ਸੇਵਾਵਾਂ ਤੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਸੰਸਥਾ ਦੇ ਚੇਅਰਮੈਨ ਡਾ. ਪ੍ਰਦੀਪ ਜੈਨ ਓਸਵਾਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਹ ਸਨਮਾਨ ਮਹਾਵੀਰ ਇੰਟਰਨੈਸ਼ਨਲ ਸੰਸਥਾ ਤੇ ਇਸ ਦੇ ਸਾਰੇ ਮੈਂਬਰਾਂ ਲਈ ਬਹੁਤ ਮਾਣ ਵਾਲੀ ਗੱਲ ਹੈ।ਇਸ ਮੌਕੇ ਸਾਬਕਾ ਕੇਂਦਰੀ ਮੰਤਰੀ ਸ੍ਰੀ ਰਵਨੀਤ ਸਿੰਘ ਬਿੱਟੂ, ਸ੍ਰੀ ਗੁਰਲਵਲੀਨ ਸਿੰਘ ਸਿੱਧੂ (ਰਿਟਾਇਰਡ ਆਈ.ਏ.ਐੱਸ.), ਅਖਿਲ ਭਾਰਤੀ ਅਗਰਵਾਲ ਸੰਮੇਲਨ ਦੇ ਚੇਅਰਮੈਨ ਅਨਿਲ ਜੈਨ, ਪ੍ਰਧਾਨ ਸ੍ਰੀ ਅਨਿਲ ਜੈਨ ਤੇ ਨਾਭਾ ਪੇਪਰ ਮਿਲਜ਼ ਦੇ ਐੱਮ.ਡੀ. ਸ੍ਰੀ ਭਗਵੰਤ ਰਾਏ ਜਿੰਦਲ ਵੱਲੋਂ ਡਾ. ਪ੍ਰਦੀਪ ਜੈਨ ਓਸਵਾਲ ਨੂੰ ਇਹ ਸਨਮਾਨ ਭੇਟ ਕੀਤਾ ਗਿਆ।ਇਸ ਮੌਕੇ ਸ੍ਰੀ ਕੇਸਰੀ ਦਾਸ ਜੈਨ ਵੀ ਵਿਸ਼ੇਸ਼ ਤੌਰ 'ਤੇ ਨਾਲ ਹਾਜ਼ਰ ਰਹੇ।

## ਬਲੌਸਮਜ਼ ਸਕੂਲ ਵਿਖੇ ਕਰਵਾਈ ਦਿਲਚਸਪ ਗਤੀਵਿਧੀ

**ਜਗਰਾਉਂ, (ਸੰਜੀਵ ਅਰੋੜਾ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਬਲੌਸਮਜ਼ ਕਾਨਵੈਂਟ ਸਕੂਲ ਲੀਲਾਂ ਮੇਘ ਸਿੰਘ ਵਿਖੇ ਪਹਿਲੀ ਜਮਾਤ ਦੇ ਨੰਨ੍ਹੇ-ਮੁੰਨ੍ਹੇ ਵਿਦਿਆਰਥੀਆਂ ਲਈ ਇੱਕ ਦਿਲਚਸਪ ਤੇ ਮਨੋਰੰਜਕ ਗਤੀਵਿਧੀ ਕਰਵਾਈ ਗਈ। ਇਸ ਗਤੀਵਿਧੀ ਦੌਰਾਨ ਬੱਚਿਆਂ ਲਈ



ਸੇਬਾਂ ਨੂੰ ਧਾਗਿਆਂ ਨਾਲ ਬੰਨ੍ਹ ਕੇ ਲਟਕਾਇਆ ਗਿਆ ਤੇ ਉਨ੍ਹਾਂ ਨੂੰ ਬਿਨਾਂ ਹੱਥ ਲਗਾਏ ਸੇਬ ਖਾਣ ਦਾ ਚੈਲੰਜ ਦਿੱਤਾ ਗਿਆ। ਇਸ ਅਨੋਖੀ ਗਤੀਵਿਧੀ ਨੇ ਬੱਚਿਆਂ ਵਿੱਚ ਉਤਸ਼ਾਹ ਤੇ ਖੁਸ਼ੀ ਦੀ ਲਹਿਰ ਪੈਦਾ ਕਰ ਦਿੱਤੀ। ਬੱਚਿਆਂ ਨੇ ਪੂਰੇ ਜੋਸ਼ ਤੇ ਉਤਸ਼ਾਹ ਨਾਲ ਇਸ ਗਤੀਵਿਧੀ ਵਿੱਚ ਭਾਗ ਲਿਆ ਅਤੇ ਇੱਕ-ਦੂਜੇ ਨੂੰ ਅਜਿਹਾ ਕਰਦੇ ਦੇਖ ਕੇ ਖੂਬ ਮਸਤੀ ਕੀਤੀ। ਇਸ ਗਤੀਵਿਧੀ ਦਾ ਮੁੱਖ ਉਦੇਸ਼ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਮਨੋਰੰਜਨ ਦੇ ਮੌਕੇ ਪ੍ਰਦਾਨ ਕਰਨਾ ਤੇ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਧੀਰਜ, ਇਕਾਗਰਤਾ ਤੇ ਚੁਣੌਤੀਆਂ ਦਾ ਸਾਹਮਣਾ ਕਰਨ ਦੀ ਭਾਵਨਾ ਵਿਕਸਿਤ ਕਰਨਾ ਸੀ। ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰੀਰਕ ਤੇ ਮਾਨਸਿਕ ਵਿਕਾਸ ਦੇ ਨਾਲ-ਨਾਲ ਉਨ੍ਹਾਂ ਨੂੰ ਸਕੂਲ ਦੇ ਮਾਹੌਲ ਨਾਲ ਹੋਰ ਵੀ ਜੋੜਦੀਆਂ ਹਨ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਕਿਹਾ ਕਿ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਪੜ੍ਹਾਈ ਦੇ ਨਾਲ-ਨਾਲ ਮਨੋਰੰਜਕ ਤੇ ਵਿਹਾਰਕ ਗਤੀਵਿਧੀਆਂ ਵੀ ਬਹੁਤ ਮਹੱਤਵਪੂਰਨ ਹਨ। ਅਜਿਹੀਆਂ ਗਤੀਵਿਧੀਆਂ ਬੱਚਿਆਂ ਦੀ ਸਿਰਜਣਾਤਮਕਤਾ ਨੂੰ ਉਤਸ਼ਾਹਤ ਕਰਦੀਆਂ ਹਨ ਤੇ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਸਹਿਯੋਗ ਤੇ ਨਵੀਆਂ ਚੀਜ਼ਾਂ ਸਿੱਖਣ ਦੀ ਰੁਚੀ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸਕੂਲ ਦਾ ਉਦੇਸ਼ ਬੱਚਿਆਂ ਨੂੰ ਖੁਸ਼ਨੁਮਾ ਤੇ ਪ੍ਰੇਰਨਾਦਾਇਕ ਮਾਹੌਲ ਪ੍ਰਦਾਨ ਕਰਨਾ ਹੈ ਤਾਂ ਜੋ ਉਹ ਖੇਡ-ਖੇਡ ਵਿੱਚ ਸਿੱਖਦੇ ਹੋਏ ਆਪਣੀਆਂ ਯੋਗਤਾਵਾਂ ਨੂੰ ਨਿਖਾਰ ਸਕਣ। ਇਸ ਮੌਕੇ ਸਕੂਲ ਦੇ ਪ੍ਰਧਾਨ ਮਨਪ੍ਰੀਤ ਸਿੰਘ ਬਰਾੜ ਨੇ ਕਿਹਾ ਕਿ ਬੱਚਿਆਂ ਦਾ ਬਚਪਨ ਖੁਸ਼ੀਆਂ, ਖੇਡਾਂ ਤੇ ਨਵੀਆਂ ਸਿੱਖਿਆਵਾਂ ਨਾਲ ਭਰਪੂਰ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਲੌਸਮਜ਼ ਕਾਨਵੈਂਟ ਸਕੂਲ ਬੱਚਿਆਂ ਨੂੰ ਮਿਆਰੀ ਸਿੱਖਿਆ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਵੀ ਲਗਾਤਾਰ ਯਤਨਸ਼ੀਲ ਹੈ।

## ਸਤਨਾਮ ਸਿੰਘ ਸੰਧੂ ਨੂੰ ਮਿਲਿਆ ਕਨਫੈਡਰੇਸ਼ਨ ਫਾਰ ਚੈਲੰਜਡ ਦਾ ਵਫ਼ਦ

**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) :** ਕਨਫੈਡਰੇਸ਼ਨ ਫਾਰ ਚੈਲੰਜਡ ਦਾ ਵਫ਼ਦ ਮਨਜਿੰਦਰ ਸਿੰਘ, ਪ੍ਰਧਾਨ ਐਨ.ਜੀ.ਓ. ਸੈੱਲ ਦੀ ਅਗਵਾਈ ਹੇਠ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੂੰ ਮਿਲਿਆ।ਕਨਫੈਡਰੇਸ਼ਨ ਦੇ ਪ੍ਰਧਾਨ ਸ੍ਰੀ ਮਨਮੋਹਨ



ਜਰਗਰ ਨੇ ਸੰਸਦ ਮੈਂਬਰ ਨੂੰ ਦਿਵਿਆਂਗਜਨਾਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ, ਉਨ੍ਹਾਂ ਦੀਆਂ ਲੋੜਾਂ ਤੇ ਅਧਿਕਾਰਾਂ ਨਾਲ ਜੁੜੇ ਮਹੱਤਵਪੂਰਨ ਮੁੱਦਿਆਂ ਬਾਰੇ ਵਿਸਥਾਰਪੂਰਵਕ ਜਾਣੂ ਕਰਾਇਆ।ਇਸ ਦੇ ਨਾਲ ਹੀ ਇਨ੍ਹਾਂ ਸਮੱਸਿਆਵਾਂ ਦੇ ਹੱਲ ਤੇ ਦਿਵਿਆਂਗਜਨਾਂ ਦੇ ਜੀਵਨ ਨੂੰ ਵਧੇਰੇ ਸੁਖਾਲਾ ਤੇ ਸਨਮਾਨਜਨਕ ਬਣਾਉਣ ਦੇ ਉਦੇਸ਼ ਨਾਲ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਨਾਂਅ ਇੱਕ 31 ਨੁਕਾਤੀ ਮੰਗ-ਪੱਤਰ ਵੀ ਸੌਂਪਿਆ ਗਿਆ। ਵਫ਼ਦ ਨੇ ਮੰਗ ਕੀਤੀ ਕਿ ਇਨ੍ਹਾਂ ਮਹੱਤਵਪੂਰਨ ਮੁੱਦਿਆਂ ਦੇ ਹੱਲ ਲਈ ਠੋਸ ਕਦਮ ਚੁੱਕੇ ਜਾਣ, ਤਾਂ ਜੁ ਦਿਵਿਆਂਗਜਨਾਂ ਨੂੰ ਸਿਰਫ਼ ਕਾਗਜ਼ਾਂ ਵਿੱਚ ਹੀ ਨਹੀਂ, ਸਗੋਂ ਅਮਲੀ ਤੌਰ 'ਤੇ ਵੀ ਬਰਾਬਰ ਦੇ ਮੌਕੇ, ਲੋੜੀਂਦੀਆਂ ਸਹੂਲਤਾਂ ਤੇ ਸਨਮਾਨਜਨਕ ਜੀਵਨ ਪ੍ਰਾਪਤ ਹੋ ਸਕੇ।ਇਸ ਤੋਂ ਇਲਾਵਾ ਵਫ਼ਦ ਵੱਲੋਂ ਸ੍ਰਿਜਨ ਵਿਕਾਸ ਡੇਅ ਕੇਅਰ ਸੈਂਟਰ/ਸਪੈਸ਼ਲ ਸਕੂਲ ਦੇ ਵਿਕਾਸ ਅਤੇ ਵਿਸ਼ੇਸ਼ ਬੱਚਿਆਂ ਦੀ ਸਿੱਖਿਆ, ਪੁਨਰਵਾਸ ਤੇ ਬਿਹਤਰ ਸਹੂਲਤਾਂ ਲਈ ਸਹਿਯੋਗ ਦੀ ਬੇਨਤੀ ਕਰਦਿਆਂ ਸੰਸਦ ਮੈਂਬਰ ਸਾਹਿਬ ਨੂੰ ਇੱਕ ਵੱਖਰਾ ਪੱਤਰ ਵੀ ਸੌਂਪਿਆ ਗਿਆ।ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੇ ਵਫ਼ਦ ਦੀਆਂ ਗੱਲਾਂ ਨੂੰ ਗੰਭੀਰਤਾ ਨਾਲ ਸੁਣਿਆ ਤੇ ਦਿਵਿਆਂਗਜਨਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

## ਮੁੱਖ ਮੰਤਰੀ ਦੀ ਕੋਠੀ ਸੰਗਰੂਰ ਵਿਖੇ ਦਿੱਤਾ ਜਾਵੇਗਾ ਧਰਨਾ

**ਦਿੜ੍ਹਬਾ (ਜਸਵੀਰ ਲਾਡੀ) :** ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਬਲਾਕ ਦਿੜ੍ਹਬਾ ਦੀ ਮੀਟਿੰਗ ਬਲਾਕ ਆਗੂ ਹਰਬੰਸ ਸਿੰਘ ਦਿੜ੍ਹਬਾ ਤੇ ਜਸਵੰਤ ਸਿੰਘ ਸਮੂਰਾ ਅਗਵਾਈ ਹੇਠ ਗੁਰਦੁਆਰਾ ਵੈਰਸੀਆਣਾ ਸਾਹਿਬ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਹਰਜੀਤ ਸਿੰਘ ਮਹਿਲਾ ਤੇ ਜ਼ਿਲ੍ਹਾ ਖ਼ਜ਼ਾਨਚੀ ਅਮਨਦੀਪ ਸਿੰਘ ਮਹਿਲਾ ਨੇ ਕਿਹਾ ਕਿ ਪਿਛਲੇ ਦਿਨੀਂ ਨਕੋਦਰ 'ਚ ਆਮ ਆਦਮੀ ਪਾਰਟੀ ਦੀ ਐਮ.ਐਲ.ਏ ਇੰਦਰਜੀਤ ਕੌਰ ਮਾਨ ਦੀ ਸ਼ਹਿ 'ਤੇ ਪਿੰਡ ਤਲਵੰਡੀ ਸਲੇਮ ਦੇ ਸਰਪੰਚ ਪ੍ਰਦੀਪ ਸਿੰਘ ਨੇ ਪਿਛਲੇ ਅਰਸੇ ਤੋਂ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਅਤੇ ਲੋਕ ਆਗੂਆਂ ਖਿਲਾਫ਼ ਘਟੀਆ ਹਮਲੇ ਕਰਨ ਦਾ ਠੇਕਾ ਲਿਆ ਹੋਇਆ ਹੈ।

ਯਾਦ ਰਹੇ ਕਿ 9 ਸਤੰਬਰ ਨੂੰ ਪਾਸ਼ ਦੇ 76ਵੇਂ ਜਨਮ ਦਿਹਾੜੇ ਦੀਆਂ ਤਿਆਰੀਆਂ ਕਰ ਰਹੇ ਮਜ਼ਦੂਰ ਆਗੂ ਹਰਮੇਸ਼ ਮਾਲੜੀ ਅਤੇ ਉਸਦੇ ਸਾਥੀਆਂ ਨੂੰ ਸਰਪੰਚ ਵੱਲੋਂ ਜਾਤੀ ਸੂਚਕ ਬੋਲੇ ਗਏ, ਗਾਲਾਂ ਕੱਢੀਆਂ ਗਈਆਂ, ਹਮਲਾ ਕੀਤਾ ਗਿਆ ਅਤੇ ਇੱਕ ਮਜ਼ਦੂਰ ਕਾਰਕੁਨ ਦਾ ਮੋਬਾਇਲ ਖੋਹ ਲਿਆ ਗਿਆ ਸੀ।ਇੱਕ ਮਹੀਨਾ ਬੀਤਣ ਦੇ ਬਾਵਜੂਦ ਬੇਸ਼ੱਕ ਪੁਲਿਸ ਵੱਲੋਂ ਸਰਪੰਚ 'ਤੇ ਪਰਚਾ ਦਰਜ ਕਰ ਦਿੱਤਾ ਹੈ ਪਰ ਸਰਪੰਚ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ।ਇਸੇ ਰੋਸ ਵਜੋਂ ਪੰਜਾਬ ਦੀਆਂ ਦਰਜਨਾਂ ਲੇਖਕ, ਜਮਹੂਰੀ, ਮਜ਼ਦੂਰ, ਕਿਸਾਨ ਤੇ ਤਰਕਸ਼ੀਲ ਜਥੇਬੰਦੀਆਂ ਨੇ ਨਕੋਦਰ ਤਹਿਸੀਲ ਕੰਪਲੈਕਸ 'ਚ ਡੀ.ਐਸ.ਪੀ ਦਫਤਰ ਅੱਗੇ ਧਰਨਾ ਤੇ ਰੋਹ ਭਰੀ ਰੈਲੀ ਕੀਤੀ ਸੀ।

ਮੀਟਿੰਗ 'ਚ ਚੇਤਾਵਨੀ ਦਿੱਤੀ ਗਈ ਕਿ ਜੇਕਰ ਸਰਕਾਰ ਨੇ ਹੁਣ ਵੀ ਕੰਧ 'ਤੇ ਲਿਖਿਆ ਨਾ ਪੜ੍ਹਿਆ ਤਾਂ 15 ਅਕਤੂਬਰ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਕੋਠੀ ਸੰਗਰੂਰ ਅੱਗੇ ਜ਼ੋਰਦਾਰ ਰੋਸ ਵਿਖਾਵੇ ਕੀਤੇ ਜਾਣਗੇ, ਜਿਸ 'ਚ ਵੱਡੀ ਗਿਣਤੀ 'ਚ ਕਿਸਾਨ, ਮਜ਼ਦੂਰ ਤੇ ਬੀਬੀਆਂ ਸ਼ਾਮਲ ਹੋਣਗੀਆਂ।ਆਗੂਆਂ ਨੇ ਕਿਹਾ ਕਿ ਇਸ ਧਰਨੇ ਦੀਆ ਮੰਗਾਂ ਸਰਪੰਚ ਪ੍ਰਦੀਪ ਸਿੰਘ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਵੇ। ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਨੂੰ ਆਪਣੇ ਨਿੱਜੀ ਸਿਆਸੀ ਮੁਫਾਦ ਲਈ ਵਰਤਣਾ ਬੰਦ ਕੀਤਾ ਜਾਵੇ।ਯਾਦਗਾਰੀ ਕੰਪਲੈਕਸ ਨੂੰ ਪੰਜਾਬ ਸਰਕਾਰ ਇਤਿਹਾਸਕ-ਸਾਹਿਤਕ ਵਿਰਾਸਤ ਵਜੋਂ ਮਾਨਤਾ ਦੇਵੇ।

## ਮਦਰ ਡਿਵਾਈਨ ਸਕੂਲ ਦੀ ਰਮਨਦੀਪ ਕੌਰ ਨੇ ਵੁਸ਼ੂ 'ਚ ਜਿੱਤਿਆ ਸੋਨ ਤਮਗ਼ਾ

**ਮਾਨਸਾ, (ਆਤਮਾ ਸਿੰਘ ਪਮਾਰ) :** ਮਦਰ ਡਿਵਾਈਨ ਇੰਟਰਨੈਸ਼ਨਲ ਪਬਲਿਕ ਸਕੂਲ ਮੱਤੀ ਦੀ ਅੱਠਵੀਂ ਜਮਾਤ ਦੀ ਵਿਦਿਆਰਥਣ ਰਮਨਦੀਪ ਕੌਰ ਨੇ 'ਖੇਡਾਂ ਵਤਨ ਪੰਜਾਬ ਦੀਆਂ' ਦੇ ਰਾਜ ਪੱਧਰੀ ਵੁਸ਼ੂ ਮੁਕਾਬਲਿਆਂ 'ਚ ਸੋਨ ਤਮਗਾ ਜਿੱਤ ਕੇ ਸਕੂਲ ਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ਸਕੂਲ ਪ੍ਰਿੰਸੀਪਲ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ 9 ਤੋਂ 12 ਅਕਤੂਬਰ ਤੱਕ ਬਟਾਲਾ (ਗੁਰਦਾਸਪੁਰ) ਵਿਖੇ ਕਰਵਾਏ ਗਏ ਰਾਜ ਪੱਧਰੀ ਮੁਕਾਬਲਿਆਂ 'ਚ ਜਗਸੀਰ ਸਿੰਘ ਪੰਧੇਰ ਦੀ ਧੀ ਰਮਨਦੀਪ ਕੌਰ ਨੇ ਅੰਡਰ-14 ਉਮਰ ਵਰਗ ਦੇ 36 ਕਿੱਲੋ ਭਾਰ ਵਰਗ 'ਚ ਪਹਿਲਾ ਸਥਾਨ ਹਾਸਲ ਕੀਤਾ।ਉਨ੍ਹਾਂ ਦੱਸਿਆ ਕਿ ਰਮਨਦੀਪ ਨੇ ਸਖ਼ਤ ਮੁਕਾਬਲਿਆਂ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇਹ ਪ੍ਰਾਪਤੀ ਕੀਤੀ।ਜੇਤੂ ਖਿਡਾਰਨ ਦੇ ਸਕੂਲ ਪੁੱਜਣ 'ਤੇ ਸਟਾਫ਼ ਤੇ ਪ੍ਰਬੰਧਕਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ ਗਿਆ।ਸਵੇਰ ਦੀ ਸਭਾ ਦੌਰਾਨ ਚੇਅਰਮੈਨ ਜਗਜੀਤ ਸਿੰਘ ਤੇ ਮੈਨੇਜਿੰਗ ਡਾਇਰੈਕਟਰ ਅਰਸ਼ਦੀਪ ਕੌਰ ਨੇ ਰਮਨਦੀਪ ਦੀ ਪ੍ਰਾਪਤੀ ਦੀ





ਸ਼ਲਾਘਾ ਕਰਦਿਆਂ ਇਸ ਦਾ ਸਿਹਰਾ ਖਿਡਾਰਨ ਦੀ ਲਗਨ ਤੇ ਡੀਪੀਈ ਪ੍ਰਦੀਪ ਸਿੰਘ ਦੀ ਸੁਚੱਜੀ ਸਿਖਲਾਈ ਨੂੰ ਦਿੱਤਾ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਤੇ ਸਮੂਹ ਸਟਾਫ਼ ਵੱਲੋਂ ਰਮਨਦੀਪ ਕੌਰ ਨੂੰ ਟਰਾਫ਼ੀ ਤੇ 5100 ਰੁਪਏ ਦੀ ਨਕਦ ਰਾਸ਼ੀ ਦੇ ਕੇ ਸਨਮਾਨਤ ਵੀ ਕੀਤਾ ਗਿਆ।

## ਸਵਾਮੀ ਰੂਪ ਚੰਦ ਜੈਨ ਸਕੂਲ ਦੇ ਵਿਦਿਆਰਥੀਆਂ ਵਿੱਦਿਅਕ ਟੂਰ

**ਜਗਰਾਉਂ, (ਸੰਜੀਵ ਅਰੋੜਾ)**-ਸਵਾਮੀ ਰੂਪ ਚੰਦ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਉਂ ਵੱਲੋਂ ਪ੍ਰਿੰਸੀਪਲ ਰਾਜਪਾਲ ਕੌਰ ਦੀ ਯੋਗ ਅਗਵਾਈ ਤੇ ਸਕੂਲ ਮੈਨੇਜਮੈਂਟ ਦੇ ਭਰਪੂਰ ਸਹਿਯੋਗ ਨਾਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਮੁੱਖ ਰੱਖਦਿਆਂ ਇਕ ਵਿਸ਼ੇਸ਼ ਵਿੱਦਿਅਕ ਤੇ ਮਨੋਰੰਜਕ ਟੂਰ ਦਾ ਆਯੋਜਨ ਕੀਤਾ ਗਿਆ। ਇਸ ਟੂਰ ਨੇ ਵਿਦਿਆਰਥੀਆਂ ਨੂੰ ਕਲਾਸਰੂਮ ਤੋਂ ਬਾਹਰ ਨਵੇਂ ਤਜਰਬੇ ਹਾਸਲ ਕਰਨ, ਵਿਹਾਰਕ ਸਿੱਖਿਆ ਪ੍ਰਾਪਤ ਕਰਨ ਤੇ ਆਪਣੇ ਸਾਥੀਆਂ



ਨਾਲ ਖ਼ੁਸ਼ੀਆਂ ਭਰੇ ਪਲ ਬਿਤਾਉਣ ਦਾ ਸੁਨਹਿਰੀ ਮੌਕਾ ਪ੍ਰਦਾਨ ਕੀਤਾ। ਇਸ ਟੂਰ ਦੌਰਾਨ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਜਲੰਧਰ ਸਥਿਤ ਪ੍ਰਸਿੱਧ ਵੰਡਰਲੈਂਡ ਦਾ ਦੌਰਾ ਕੀਤਾ, ਜਦਕਿ ਜੂਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਲੁਧਿਆਣਾ ਸਥਿਤ ਫਨ ਜ਼ੀਪ ਐਡਵੈਂਚਰਜ਼ ਐੱਲ.ਐੱਲ.ਪੀ. ਵਿਖੇ ਵੱਖ-ਵੱਖ ਰੋਮਾਂਚਕ ਤੇ ਮਨੋਰੰਜਕ ਗਤੀਵਿਧੀਆਂ ਦਾ ਆਨੰਦ ਮਾਣਿਆ। ਦੋਵਾਂ ਵਿੰਗਾਂ ਦੇ ਵਿਦਿਆਰਥੀਆਂ ਨੇ ਵੱਖ-ਵੱਖ ਰਾਈਡਾਂ, ਖੇਡਾਂ ਤੇ ਸਾਹਸੀ ਸਰਗਰਮੀਆਂ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ। ਟੂਰ ਦੌਰਾਨ ਵਿਦਿਆਰਥੀਆਂ ਦੇ ਚਿਹਰਿਆਂ 'ਤੇ ਖ਼ੁਸ਼ੀ, ਉਤਸ਼ਾਹ ਤੇ ਉਤਸੁਕਤਾ ਦੀ ਝਲਕ ਸਪੱਸ਼ਟ ਦਿਖਾਈ ਦਿੱਤੀ। ਵਿਦਿਆਰਥੀਆਂ ਨੇ ਆਪਣੇ ਸਾਥੀਆਂ ਤੇ ਅਧਿਆਪਕਾਂ ਨਾਲ ਹੱਸਦੇ-ਖੇਡਦੇ ਹੋਏ ਯਾਦਗਾਰੀ ਪਲ ਬਿਤਾਏ। ਇਸ ਟੂਰ ਨੇ ਜਿੱਥੇ ਉਨ੍ਹਾਂ ਨੂੰ ਰੋਜ਼ਾਨਾ ਦੇ ਪੜ੍ਹਾਈ ਦੇ ਮਾਹੌਲ ਤੋਂ ਕੁਝ ਸਮਾਂ ਹਟ ਕੇ ਮਨੋਰੰਜਨ ਦਾ ਮੌਕਾ ਦਿੱਤਾ, ਉੱਥੇ ਹੀ ਆਪਸੀ ਸਾਂਝ, ਸਹਿਯੋਗ, ਅਨੁਸ਼ਾਸਨ ਤੇ ਟੀਮ ਭਾਵਨਾ ਨੂੰ ਵੀ ਮਜ਼ਬੂਤ ਕੀਤਾ। ਅਧਿਆਪਕਾਂ ਨੇ ਪੂਰੇ ਸਮੇਂ ਵਿਦਿਆਰਥੀਆਂ ਦੀ ਅਗਵਾਈ ਕਰਦਿਆਂ ਉਨ੍ਹਾਂ ਦੀ ਸੁਰੱਖਿਆ ਅਤੇ ਸੁਚੱਜੇ ਪ੍ਰਬੰਧਾਂ ਦਾ ਵਿਸ਼ੇਸ਼ ਧਿਆਨ ਰੱਖਿਆ। ਸਾਰੇ ਵਿਦਿਆਰਥੀਆਂ ਨੇ ਇਸ ਟੂਰ ਦਾ ਭਰਪੂਰ ਆਨੰਦ ਮਾਣਿਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਰਾਜਪਾਲ ਕੌਰ ਨੇ ਕਿਹਾ ਕਿ ਵਿੱਦਿਅਕ ਟੂਰ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਸਕੂਲ ਮੈਨੇਜਮੈਂਟ ਵੱਲੋਂ ਇਸ ਉਪਰਾਲੇ ਲਈ ਦਿੱਤੇ ਗਏ ਸਹਿਯੋਗ ਦੀ ਸ਼ਲਾਘਾ ਕਰਦਿਆਂ ਪ੍ਰਿੰਸੀਪਲ ਰਾਜਪਾਲ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਦੇ ਗਿਆਨ, ਰਚਨਾਤਮਕਤਾ, ਸ਼ਖ਼ਸੀਅਤ ਤੇ ਵਿਹਾਰਕ ਸਿੱਖਿਆ ਨੂੰ ਹੋਰ ਮਜ਼ਬੂਤ ਕਰਨ ਲਈ ਭਵਿੱਖ ਵਿੱਚ ਵੀ ਅਜਿਹੀਆਂ ਸਿੱਖਿਆਦਾਇਕ ਤੇ ਮਨੋਰੰਜਕ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਰਹਿਣਗੀਆਂ।

## ਟ੍ਰੇਨਿੰਗ ਦੌਰਾਨ ਅਧਿਆਪਕਾਂ ਵੱਲੋਂ ਜਨਗਣਨਾ ਦਾ ਬਾਈਕਾਟ

**ਮਾਨਸਾ, (ਆਤਮਾ ਸਿੰਘ ਪਮਾਰ)**-ਮਾਨਸਾ ਵਿਖੇ ਜਨਗਣਨਾ ਦੇ ਦੂਜੇ ਫੇਜ਼ ਦੀ ਟ੍ਰੇਨਿੰਗ ਲੈ ਰਹੇ ਅਧਿਆਪਕਾਂ ਵੱਲੋਂ ਟ੍ਰੇਨਿੰਗ ਦਾ ਬਾਈਕਾਟ ਕਰ ਦਿੱਤਾ ਗਿਆ। ਅਧਿਆਪਕਾਂ ਦੀ ਮੰਗ ਸੀ ਕਿ ਜਨਗਣਨਾ ਦੇ ਦੂਜੇ ਫੇਜ਼ 'ਚ ਕੰਮ ਬਹੁਤ ਜ਼ਿਆਦਾ ਹੈ, ਪਰ ਸਰਕਾਰ ਨੇ ਉਨ੍ਹਾਂ ਨੂੰ ਸਿਰਫ ਅੱਧੇ ਦਿਨ ਲਈ ਹੀ ਆਨ ਡਿਊਟੀ ਕੀਤਾ ਹੈ, ਜਿਸ ਕਰਕੇ ਉਨ੍ਹਾਂ ਲਈ ਇਹ ਕੰਮ



ਕਰਨਾ ਬਹੁਤ ਮੁਸ਼ਕਲ ਹੈ। ਅਧਿਆਪਕਾਂ ਨੇ ਕਿਹਾ ਕਿ ਇਸ ਫੇਜ਼ 'ਚ ਪਰਿਵਾਰ ਦੇ ਇੱਕ ਇੱਕ ਮੈਂਬਰ ਦਾ ਡਾਟਾ ਔਨਲਾਈਨ ਭਰਨਾ ਹੈ, ਜਿਸ 'ਚ 40 ਤੋਂ ਲੈ ਕੇ 90 ਤੱਕ ਸਵਾਲ ਹਨ। ਦਸੰਬਰ 'ਚ ਸਾਲ ਦੇ ਸਭ ਤੋਂ ਛੋਟੇ ਦਿਨ ਹੁੰਦੇ ਹਨ, ਜਿਸ ਕਾਰਨ ਇਹ ਕੰਮ ਕਰਨਾ ਕਿਸੇ ਵੀ ਤਰ੍ਹਾਂ ਸੰਭਵ ਨਹੀਂ। ਧੁੰਦਾ ਦੇ ਮੌਸਮ ਕਾਰਨ ਅਧਿਆਪਕਾਂ ਨੂੰ ਜਨਗਣਨਾ ਵਾਲੀ ਥਾਂ ਤੋਂ ਆਪਣੇ ਘਰਾਂ ਤੱਕ ਪਹੁੰਚਣ 'ਚ ਵੀ ਦਿੱਕਤ ਆਵੇਗੀ। ਡੀ ਟੀ ਐੱਫ਼ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਤਾਮਕੋਟ ਨੇ ਬਾਈਕਾਟ ਕਰਨ ਵਾਲੇ ਅਧਿਆਪਕਾਂ ਦੀ ਟ੍ਰੇਨਿੰਗ 'ਚ ਪਹੁੰਚ ਕੇ ਉਨ੍ਹਾਂ ਦਾ ਸਮਰਥਨ ਕਰਦਿਆਂ ਕਿਹਾ ਕਿ ਮਾਨਸਾ ਜ਼ਿਲ੍ਹੇ ਦੀਆਂ ਸਮੂਹ ਜਥੇਬੰਦੀਆਂ ਇਸ ਮਸਲੇ 'ਤੇ ਅਧਿਆਪਕਾਂ ਦੇ ਨਾਲ ਹਨ। ਅਧਿਆਪਕ ਜਥੇਬੰਦੀਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਜਨਗਣਨਾ ਦੇ ਕੰਮ ਲਈ ਸਰਕਾਰ ਅਲੱਗ ਤੋਂ ਭਰਤੀ ਕਰੇ, ਕਿਉਂਕਿ ਇਸ ਸਾਲ ਪਹਿਲੇ ਫੇਜ਼ ਤੇ ਐੱਸ ਆਈ ਆਰ ਕਾਰਨ ਸਕੂਲਾਂ 'ਚ ਪੜ੍ਹਾਈ ਦਾ ਕੰਮ ਬਹੁਤ ਪੱਛੜ ਗਿਆ ਹੈ।

## ਰਾਸ਼ਟਰੀ ਓਪਨ ਐਥਲੈਟਿਕਸ ਚੈਂਪੀਅਨਸ਼ਿਪ 'ਚ ਅਰਸ਼ਦੀਪ ਸਿੰਘ ਨੇ ਜਿੱਤਿਆ ਕਾਂਸੀ ਦਾ ਤਮਗਾ

**ਫਿਰੋਜ਼ਪੁਰ, (ਅਸ਼ੋਕ ਸ਼ਰਮਾ) :** ਫਿਰੋਜ਼ਪੁਰ ਮੰਡਲ ਦੇ ਪ੍ਰਤਿਭਾਸ਼ਾਲੀ ਖਿਡਾਰੀ ਅਰਸ਼ਦੀਪ ਸਿੰਘ ਨੇ ਆਪਣੀ ਖੇਡ ਪ੍ਰਤਿਭਾ ਦਾ ਲੋਹਾ ਮਨਵਾਉਂਦੇ ਹੋਏ 65ਵੀਂ ਰਾਸ਼ਟਰੀ ਓਪਨ ਅਥਲੈਟਿਕਸ ਚੈਂਪੀਅਨਸ਼ਿਪ-2026 ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਉਨ੍ਹਾਂ ਨੇ ਜੈਵਲਿਨ ਥਰੋਅ ਦੇ ਮੁਕਾਬਲੇ ਵਿਚ ਕਾਂਸੀ ਦਾ ਤਮਗਾ ਜਿੱਤ ਕੇ ਫਿਰੋਜ਼ਪੁਰ ਮੰਡਲ ਦਾ ਨਾਂ ਪੂਰੇ ਦੇਸ਼ ਵਿਚ ਰੋਸ਼ਨ ਕੀਤਾ ਹੈ। ਇਹ ਵੱਕਾਰੀ ਖੇਡ ਪ੍ਰਤੀਯੋਗਿਤਾ 8 ਤੋਂ 11 ਅਕਤੂਬਰ ਤੱਕ ਨਵੀਂ ਦਿੱਲੀ ਦੇ ਜਵਾਹਰ ਲਾਲ ਨਹਿਰੂ ਸਟੇਡੀਅਮ ਵਿਖੇ ਆਯੋਜਿਤ ਕੀਤੀ ਗਈ ਸੀ। ਜ਼ਿਕਰਯੋਗ ਹੈ ਕਿ ਅਰਸ਼ਦੀਪ ਸਿੰਘ ਜਲੰਧਰ ਸਿਟੀ ਰੇਲਵੇ ਸਟੇਸ਼ਨ 'ਤੇ ਸੀਨੀਅਰ ਸੀਸੀ/ਟੀਸੀ ਦੇ ਅਹੁਦੇ 'ਤੇ ਤਾਇਨਾਤ ਹਨ। ਇਸ ਤੋਂ ਪਹਿਲਾਂ



ਵੀ ਉਨ੍ਹਾਂ ਨੇ ਖੇਡਾਂ ਦੇ ਖੇਤਰ ਵਿਚ ਵੱਡੀਆਂ ਮੱਲਾਂ ਮਾਰੀਆਂ ਹਨ। ਕੋਲਕਾਤਾ ਦੇ ਸਾਲਟ ਲੇਕ ਸਥਿਤ ਭਾਰਤੀ ਖੇਡ ਅਥਾਰਟੀ (ਐੱਸ.ਏ.ਆਈ.) ਗਰਾਊਂਡ ਵਿੱਚ ਆਯੋਜਿਤ 91ਵੀਂ ਆਲ ਇੰਡੀਆ ਰੇਲਵੇ ਐਥਲੈਟਿਕਸ ਚੈਂਪੀਅਨਸ਼ਿਪ-2026 ਵਿਚ ਵੀ ਉਨ੍ਹਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨੇ ਦਾ ਤਮਗਾ ਆਪਣੇ ਨਾਂ ਕੀਤਾ ਸੀ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਤੇ ਸੀਨੀਅਰ ਮੰਡਲ ਕਮਰਸ਼ੀਅਲ ਪ੍ਰਬੰਧਕ ਬਸੰਤ ਕੁਮਾਰ ਨੇ ਉਨ੍ਹਾਂ ਨੂੰ ਇਸ ਸ਼ਾਨਦਾਰ ਸਫਲਤਾ 'ਤੇ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਉਨ੍ਹਾਂ ਆਸ ਪ੍ਰਗਟਾਈ ਕਿ ਅਰਸ਼ਦੀਪ ਭਵਿੱਖ ਵਿਚ ਵੀ ਅਜਿਹਾ ਸ਼ਾਨਦਾਰ ਪ੍ਰਦਰਸ਼ਨ ਬਰਕਰਾਰ ਰੱਖਦੇ ਹੋਏ ਹੋਰ ਨਵੇਂ ਮੁਕਾਮ ਹਾਸਲ ਕਰਨਗੇ ਅਤੇ ਵਿਭਾਗ ਤੇ ਦੇਸ਼ ਦਾ ਨਾਂ ਰੋਸ਼ਨ ਕਰਦੇ ਰਹਿਣਗੇ।

## 18 ਲੱਖ ਦੀ ਲਾਗਤ ਨਾਲ ਬਣਨ ਵਾਲੀ ਸੜਕ ਦੇ ਨਿਰਮਾਣ ਕਾਰਜ ਦਾ ਉਦਘਾਟਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ) :** ਵਿਧਾਇਕ ਸ੍ਰੀ ਅਜੀਤਪਾਲ ਸਿੰਘ ਕੋਹਲੀ ਨੇ ਮਥੁਰਾ ਕਲੋਨੀ ਸਥਿਤ ਗੁਰਦੁਆਰਾ ਬ੍ਰਹਮ ਗਿਆਨੀ ਭਾਈ ਜੱਸਾ ਸਿੰਘ ਜੀ ਵਿਖੇ ਸੜਕ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ।ਇਸ ਸੜਕ ਦੇ ਨਿਰਮਾਣ ਕਾਰਜ 'ਤੇ 17 ਲੱਖ 33 ਹਜ਼ਾਰ ਰੁਪਏ ਦੀ ਰਾਸ਼ੀ ਖ਼ਰਚ ਕੀਤੀ ਜਾਵੇਗੀ।ਇਸ ਪ੍ਰੋਜੈਕਟ ਦਾ ਉਦੇਸ਼ ਇਲਾਕਾ ਵਾਸੀਆਂ ਨੂੰ ਬਿਹਤਰ ਸੜਕੀ ਸਹੂਲਤਾਂ ਮੁਹੱਈਆ ਕਰਾਉਣਾ ਤੇ ਆਵਾਜਾਈ ਨੂੰ ਹੋਰ ਸੁਖਾਲਾ ਬਣਾਉਣਾ



ਹੈ।ਵਿਧਾਇਕ ਕੋਹਲੀ ਨੇ ਕਿਹਾ ਕਿ ਇਲਾਕੇ ਦੇ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ।ਸੜਕਾਂ ਦਾ ਨਿਰਮਾਣ ਤੇ ਮੁਰੰਮਤ ਲੋਕਾਂ ਦੀ ਰੋਜ਼ਾਨਾ ਆਵਾਜਾਈ ਨੂੰ ਸੁਵਿਧਾਜਨਕ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਇਸ ਲਈ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਅਤੇ ਲੋਕਾਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਾਉਣਾ ਮੁੱਖ ਤਰਜੀਹ ਹੈ।ਅਜਿਹੇ ਵਿਕਾਸ ਕਾਰਜਾਂ ਨਾਲ ਇਲਾਕਾ ਵਾਸੀਆਂ ਨੂੰ ਸਹੂਲਤ ਮਿਲੇਗੀ ਅਤੇ ਆਉਣ-ਜਾਣ ਵਿੱਚ ਆਸਾਨੀ ਹੋਵੇਗੀ।ਸੜਕ ਦੇ ਨਿਰਮਾਣ ਕਾਰਜ ਲਈ 17.33 ਲੱਖ ਰੁਪਏ ਦੀ ਰਾਸ਼ੀ ਨਿਰਧਾਰਤ ਕੀਤੀ ਗਈ ਹੈ।

## ਕਲਾਕ੍ਰਿਤਾਂ ਦੀ ਪ੍ਰਦਰਸ਼ਨੀ 'ਸੰਵਾਦ' ਦਾ ਹੋਇਆ ਉਦਘਾਟਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਵਿਖੇ ਕਲਾਕਾਰਾਂ ਦੇ ਇੱਕ ਸਮੂਹ ਕਲਾ-ਸੰਗਮ ਵੱਲੋਂ ਤਿਆਰ ਕਲਾਕ੍ਰਿਤਾਂ ਦੀ ਪ੍ਰਦਰਸ਼ਨੀ 'ਸੰਵਾਦ' ਦਾ ਉਦਘਾਟਨ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਕੀਤਾ ਗਿਆ। ਯੂਨੀਵਰਸਿਟੀ ਦੇ ਮਿਊਜ਼ੀਅਮ ਐਂਡ ਆਰਟ ਗੈਲਰੀ ਵਿਖੇ ਤਿੰਨ ਦਿਨ ਜਾਰੀ ਰਹਿਣ ਵਾਲੀ ਇਹ ਪ੍ਰਦਰਸ਼ਨੀ ਸੋਭਾ ਸਿੰਘ ਲਲਿਤ ਕਲਾਵਾਂ ਵਿਭਾਗ ਤੇ ਮਿਊਜ਼ੀਅਮ ਐਂਡ ਆਰਟ ਗੈਲਰੀ ਦੇ ਸਹਿਯੋਗ ਨਾਲ ਲਗਾਈ ਜਾ ਰਹੀ ਹੈ।ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕਿਹਾ ਕਿ ਕਲਾ ਮਨੁੱਖੀ ਭਾਵਨਾਵਾਂ ਨੂੰ ਪ੍ਰਗਟ ਕਰਨ ਤੇ ਸਮਾਜ ਵਿੱਚ ਸਕਾਰਾਤਮਕ



ਸੋਚ ਫੈਲਾਉਣ ਦਾ ਇੱਕ ਬਹੁਤ ਪ੍ਰਭਾਵਸ਼ਾਲੀ ਮਾਧਿਅਮ ਹੈ।ਪ੍ਰਦਰਸ਼ਨੀ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਅਜਿਹੇ ਕਦਮ ਵਿਦਿਆਰਥੀਆਂ ਤੇ ਨੌਜਵਾਨ ਕਲਾਕਾਰਾਂ ਨੂੰ ਆਪਣੀ ਪ੍ਰਤਿਭਾ ਨੂੰ ਨਿਖਾਰਨ ਤੇ ਦੁਨੀਆ ਸਾਹਮਣੇ ਪੇਸ਼ ਕਰਨ ਦਾ ਸੁਨਹਿਰੀ ਮੌਕਾ ਪ੍ਰਦਾਨ ਕਰਦੇ ਹਨ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੇ ਵਿਦਿਆਰਥੀਆਂ ਤੇ ਖੋਜਾਰਥੀਆਂ ਨੂੰ ਆਪਣੇ ਕਲਾਤਮਕ ਹੁਨਰ ਨੂੰ ਨਿਖਾਰਨ ਅਤੇ ਅੱਗੇ ਵਧਣ ਲਈ ਹਮੇਸ਼ਾ ਅਜਿਹੇ ਉਪਰਾਲੇ ਜਾਰੀ ਰੱਖਣੇ ਚਾਹੀਦੇ ਹਨ।ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ਰਜਿਸਟਰਾਰ ਤੇ ਮਿਊਜ਼ੀਅਮ ਐਂਡ ਆਰਟ ਗੈਲਰੀ ਦੇ ਡਾਇਰੈਕਟਰ ਪ੍ਰੋ. ਅਜੀਤਾ ਵੱਲੋਂ ਵੀ ਆਪਣੇ ਵਿਚਾਰ ਪ੍ਰਗਟਾਏ ਗਏ। ਜ਼ਿਕਰਯੋਗ ਹੈ ਕਿ ਪ੍ਰਦਰਸ਼ਨੀ ਦੌਰਾਨ ਨੁਮਾਇਸ਼ 'ਤੇ ਲਾਈਆਂ ਗਈਆਂ ਵੱਖ-ਵੱਖ ਕਲਾਕ੍ਰਿਤੀਆਂ ਕਲਾ-ਸੰਗਮ ਸਮੂਹ ਵੱਲੋਂ ਪਿਛਲੇ ਦਿਨੀਂ ਲਗਾਈ ਤਿੰਨ ਰੋਜ਼ਾ ਵਰਕਸ਼ਾਪ ਵਿੱਚ ਤਿਆਰ ਕੀਤੀਆਂ ਗਈਆਂ ਸਨ।

## ਸੀਤਾ ਸਵੰਬਰ, ਲਕਸ਼ਮਣ-ਪਰਸ਼ੂਰਾਮ ਸੰਵਾਦ ਤੇ ਸੀਤਾ ਵਿਦਾਈ ਦੇ ਦ੍ਰਿਸ਼ਾਂ ਦਾ ਮਨਮੋਹਕ ਮੰਚਨ

**ਸੰਗਰੂਰ (ਪ੍ਰਵੀਨ ਸਿੰਘ) :** ਪੁਰਸ਼ਾਰਥੀ ਸ੍ਰੀ ਰਾਮ ਲੀਲਾ ਕਮੇਟੀ ਦੇ ਮੰਚ 'ਤੇ ਚੱਲ ਰਹੀ ਸ੍ਰੀ ਰਾਮ ਲੀਲਾ ਦੌਰਾਨ ਸੀਤਾ ਸਵਯੰਵਰ, ਲਕਸ਼ਮਣ-ਪਰਸ਼ੂਰਾਮ ਸੰਵਾਦ ਅਤੇ ਮਾਤਾ ਸੀਤਾ ਦੀ ਵਿਦਾਈ ਦੇ ਪ੍ਰਸੰਗਾਂ ਦਾ ਬੜੀ ਹੀ ਸ਼ਰਧਾ, ਭਾਵਨਾ ਤੇ ਸੁੰਦਰਤਾ ਨਾਲ ਸਫਲ ਮੰਚਨ ਕੀਤਾ ਗਿਆ।ਰਾਈਸੇਲਾ ਗਰੁੱਪ ਆਫ਼ ਇੰਡਸਟਰੀਜ਼ ਦੇ ਚੇਅਰਮੈਨ ਸ੍ਰੀ ਏ. ਆਰ. ਸ਼ਰਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਲੀਲਾ ਦੇ ਮੰਚਨ ਦੌਰਾਨ ਭਗਵਾਨ ਸ੍ਰੀ ਰਾਮ ਵੱਲੋਂ ਅੱਤਿਆਚਾਰੀ ਰਾਕਸ਼ਸਾਂ ਖ਼ਰ ਤੇ ਦੂਸ਼ਣ



ਦਾ ਸੰਘਾਰ ਕਰਨ, ਮਹਾਰਿਸ਼ੀ ਵਿਸ਼ਵਾਮਿੱਤਰ ਨਾਲ ਸ੍ਰੀ ਰਾਮ ਤੇ ਲਕਸ਼ਮਣ ਦੇ ਜਨਕਪੁਰੀ ਪਹੁੰਚਣ ਦੇ ਦ੍ਰਿਸ਼ ਦਿਖਾਏ ਗਏ। ਸੀਤਾ ਸਵਯੰਵਰ ਦੌਰਾਨ ਜਦੋਂ ਵੱਡੇ-ਵੱਡੇ ਰਾਜੇ-ਮਹਾਰਾਜੇ ਸ਼ਿਵ ਧਨੁਸ਼ ਨੂੰ ਹਿਲਾ ਵੀ ਨਾ ਸਕੇ ਤਾਂ ਰਾਜਾ ਜਨਕ ਵੱਲੋਂ ਨਿਰਾਸ਼ ਹੋ ਕੇ ਧਰਤੀ ਦੇ ਛਤਰੀਆ-ਵਿਹੀਣ ਹੋਣ ਦੇ ਬੋਲਾਂ ਵਾਲਾ ਭਾਵੁਕ ਦ੍ਰਿਸ਼ ਪੇਸ਼ ਕੀਤਾ ਗਿਆ।ਉਪਰੰਤ ਗੁਰੂ ਆਗਿਆ ਮਿਲਣ ਤੇ ਮਰਯਾਦਾ ਪੁਰਸ਼ੋਤਮ ਭਗਵਾਨ ਸ੍ਰੀ ਰਾਮ ਵੱਲੋਂ ਭਗਵਾਨ ਸ਼ਿਵ ਦੇ ਵਿਸ਼ਾਲ ਧਨੁਸ਼ 'ਤੇ ਚਿੱਲਾ ਚੜ੍ਹਾਉਂਦੇ ਹੀ ਧਨੁਸ਼ ਟੁੱਟ ਗਿਆ ਤੇ ਮਾਤਾ ਸੀਤਾ ਨੇ ਸ੍ਰੀ ਰਾਮ ਦੇ ਗਲ ਵਿੱਚ ਵਰਮਾਲਾ ਪਾਈ। ?ਸ਼ਿਵ ਧਨੁਸ਼ ਟੁੱਟਣ ਦੀ ਗੂੰਜ ਸੁਣ ਕੇ ਕ੍ਰੋਧਿਤ ਹੋ ਕੇ ਪਹੁੰਚੇ ਭਗਵਾਨ ਪਰਸ਼ੂਰਾਮ ਅਤੇ ਵੀਰ ਲਕਸ਼ਮਣ ਦਰਮਿਆਨ ਹੋਏ ਤਿੱਖੇ ਸੰਵਾਦ ਨੇ ਦਰਸ਼ਕਾਂ ਨੂੰ ਕੀਲ ਕੇ ਰੱਖ ਦਿੱਤਾ।ਆਖ਼ਰਕਾਰ ਭਗਵਾਨ ਰਾਮ ਦੇ ਸ਼ਾਂਤ ਤੇ ਨਿਮਰ ਸੁਭਾਅ ਨੇ ਪਰਸ਼ੂਰਾਮ ਜੀ ਦਾ ਕ੍ਰੋਧ ਸ਼ਾਂਤ ਕੀਤਾ। ਮੁੱਖ ਮਹਿਮਾਨ ਵਜੋਂ ਪਹੁੰਚੇ ਰਾਈਸੇਲਾ ਗਰੁੱਪ ਦੇ ਚੇਅਰਮੈਨ ਸ੍ਰੀ ਏ. ਆਰ. ਸ਼ਰਮਾ ਨੇ ਕਿਹਾ ਕਿ ਭਗਵਾਨ ਸ੍ਰੀ ਰਾਮ ਜੀ ਦਾ ਸਮੁੱਚਾ ਜੀਵਨ ਤਿਆਗ, ਮਰਯਾਦਾ, ਸੱਚਾਈ ਅਤੇ ਧਰਮ ਦਾ ਪ੍ਰਤੀਕ ਹੈ।

## ਪੰਜਾਬ 'ਚ ਦਿਨ-ਦਿਹਾੜੇ ਕਤਲ, ਮੁੱਖ ਮੰਤਰੀ ਅਸਤੀਫ਼ਾ ਦੇਣ : ਐਡਵੋਕੇਟ ਗੁਰਮੁਖ ਸਿੰਘ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ) :** ਪਰਮਿੰਦਰ ਸਿੰਘ ਝੋਟੇ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਾਂਗਰਸ ਦੇ ਸੀਨੀਅਰ ਆਗੂ ਐਡਵੋਕੇਟ ਗੁਰਮੁੱਖ ਸਿੰਘ ਨੇ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ 'ਤੇ ਤਿੱਖੇ ਸਵਾਲ ਉਠਾਏ ਹਨ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਲਗਾਤਾਰ ਚਿੰਤਾਜਨਕ ਬਣੀ ਹੋਈ ਹੈ ਤੇ ਦਿਨ-ਦਿਹਾੜੇ ਕਤਲ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ, ਜਿਸ ਕਾਰਨ ਲੋਕਾਂ ਵਿੱਚ ਆਪਣੀ ਸੁਰੱਖਿਆ ਨੂੰ ਲੈ ਕੇ ਚਿੰਤਾ ਵਧ ਰਹੀ ਹੈ। ਐਡਵੋਕੇਟ ਗੁਰਮੁੱਖ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਸੁਰੱਖਿਆ ਦੇਣ ਤੇ ਸੂਬੇ ਵਿੱਚੋਂ ਨਸ਼ਿਆਂ ਦਾ ਖਾਤਮਾ ਕਰਨ ਦੇ ਵਾਅਦੇ ਕਰਕੇ ਸੱਤਾ ਵਿੱਚ ਆਈ ਸੀ, ਪਰ ਮੌਜੂਦਾ ਹਾਲਾਤ ਸਰਕਾਰ ਦੇ ਦਾਅਵਿਆਂ 'ਤੇ ਸਵਾਲ ਖੜੇ ਕਰਦੇ ਹਨ।ਉਨ੍ਹਾਂ ਕਿਹਾ ਕਿ ਜਦੋਂ ਸੂਬੇ ਦੇ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਯਕੀਨੀ ਨਹੀਂ ਬਣ ਰਹੀ ਤਾਂ ਸਰਕਾਰ ਨੂੰ ਆਪਣੀ ਜਵਾਬਦੇਹੀ ਤੈਅ ਕਰਨੀ ਚਾਹੀਦੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਸਰਕਾਰ ਅਮਨ-ਕਾਨੂੰਨ ਦੀ ਸਥਿਤੀ ਸੰਭਾਲਣ ਵਿੱਚ ਨਾਕਾਮ ਰਹੀ ਹੈ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਵਾਪਰ ਰਹੀਆਂ ਅਪਰਾਧਿਕ ਘਟਨਾਵਾਂ ਸਰਕਾਰ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ।ਸਰਕਾਰ ਨੂੰ ਸਿਰਫ਼ ਐਲਾਨਾਂ ਅਤੇ ਦਾਅਵਿਆਂ ਤੱਕ ਸੀਮਤ ਰਹਿਣ ਦੀ ਬਜਾਏ ਲੋਕਾਂ ਦੀ ਸੁਰੱਖਿਆ ਲਈ ਠੋਸ ਕਦਮ ਚੁੱਕਣੇ ਚਾਹੀਦੇ ਹਨ।ਐਡਵੋਕੇਟ ਗੁਰਮੁੱਖ ਸਿੰਘ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸੂਬੇ ਦੇ ਮੌਜੂਦਾ ਹਾਲਾਤ ਦੀ ਨੈਤਿਕ ਜ਼ਿੰਮੇਵਾਰੀ ਲੈਂਦਿਆਂ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ।

## ਨਰਸੀ ਰਾਮ ਮੈਮੋਰੀਅਲ ਹੋਲੀ ਹਾਰਟ ਸਕੂਲ ਨੇ ਜਿੱਤੇ ਕਈ ਤਮਗੇ

**ਬੋਹਾ (ਨਿਰੰਜਣ ਬੋਹਾ)**-ਗੁਰਦਾਸਪੁਰ ਵਿਚ ਹੋਏ ਖੇਡ ਮੇਲੇ 'ਖੇਡਾਂ ਵਤਨ ਪੰਜਾਬ ਦੀਆਂ' ਵਿਚ ਭਾਗ ਲੈਂਦਿਆਂ ਨਰਸੀ ਰਾਮ ਮੈਮੋਰੀਅਲ ਹੋਲੀ ਹਾਰਟ ਕਾਨਵੈਂਟ ਸਕੂਲ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਕਈ ਤਮਗੇ ਜਿੱਤੇ।ਸਕੂਲ ਪ੍ਰਿੰਸੀਪਲ ਸੰਤ ਰਾਮ ਸ਼ਰਮਾ ਵੱਲੋਂ ਪ੍ਰਾਪਤ ਜਾਣਕਾਰੀ ਅਨੁਸਾਰ ਉਮਰ ਵਰਗ 14 ਸਾਲ ਵਿਚ ਭਾਗ ਲੈਂਦਿਆਂ ਸਕੂਲ ਵਿਦਿਆਰਥਣ ਜਸਮੀਤ ਕੌਰ ਨੇ ਗੁਰਜੋਤ ਕੌਰ ਨੇ ਸੋਨ ਤਮਗੇ ਹਾਸਲ ਕੀਤੇ।ਉਮਰ ਵਰਗ 17 ਸਾਲ ਵਿਚ ਅਮਨਜੀਤ ਕੌਰ ਤੇ ਉਮਰ ਵਰਗ 21 ਸਾਲ ਵਿਚ ਹੁਸ਼ਨਦੀਪ ਕੌਰ ਨੇ ਕਾਂਸ਼ੀ ਦੇ ਤਮਗੇ ਜਿੱਤੇ।ਉਮਰ ਵਰਗ ਅੰਡਰ 14 ਵਿਚ ਭਾਗ ਲੈਂਦਿਆਂ ਨੇ ਰਾਜਪ੍ਰੀਤ ਕੌਰ ਨੇ ਵੀ ਕਾਂਸੀ ਦਾ ਤਮਗਾ ਹਾਸਲ ਕੀਤਾ।





## ਵਿਜੈ ਦਾਨਵ ਨੇ ਡੋਰ-ਟੂ-ਡੋਰ ਮੁਹਿੰਮ ਤਹਿਤ ਸਰਕਾਰ ਦੇ ਕੀਤੇ ਕੰਮਾਂ ਬਾਰੇ ਲੋਕਾਂ ਨੂੰ ਕਰਾਇਆ ਜਾਣੂ

**ਜਗਰਾਉਂ (ਅਮਿਤ ਖੰਨਾ) :** ਚੇਅਰਮੈਨ ਦਲਿਤ ਵਿਕਾਸ ਬੋਰਡ ਵਿਜੈ ਦਾਨਵ ਵੱਲੋਂ ਪਿੰਡ ਲੰਮੇ ਵਿਖੇ ਭਗਵੰਤ ਮਾਨ ਸਰਕਾਰ ਵੱਲੋਂ ਆਪਣੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਕੀਤੇ ਗਏ ਵਿਕਾਸ ਕਾਰਜਾਂ, ਲੋਕ-ਪੱਖੀ ਫ਼ੈਸਲਿਆਂ ਤੇ ਆਮ ਲੋਕਾਂ ਨੂੰ ਮਿਲ ਰਹੀਆਂ ਸਹੂਲਤਾਂ ਦੀ ਜਾਣਕਾਰੀ ਘਰ-ਘਰ ਪੁਚਾਉਣ ਲਈ ਸ਼ੁਰੂ ਕੀਤੀ ਗਈ 'ਮਾਨ ਦੇ ਮੁਨਾਫ਼ੇ' ਡੋਰ-ਟੂ-ਡੋਰ ਮੁਹਿੰਮ ਬਾਰੇ ਲੋਕਾਂ ਨੂੰ ਜਾਣੂ ਕਰਾਇਆ ਗਿਆ।ਪਿੰਡ ਵਾਸੀਆਂ ਦਾ ਉਨ੍ਹਾਂ ਨੂੰ ਭਰਵਾਂ ਸਹਿਯੋਗ ਮਿਲਿਆ, ਉਥੇ ਹੀ ਵੱਖ-ਵੱਖ ਜਥੇਬੰਦੀਆਂ ਵੱਲੋਂ ਵਿਜੈ ਦਾਨਵ ਨੂੰ ਸਨਮਾਨਤ ਵੀ ਕੀਤਾ ਗਿਆ।ਉਨ੍ਹਾਂ ਪਿੰਡਾਂ ਦੇ ਵਸਨੀਕਾਂ ਨਾਲ ਸਿੱਧਾ ਸੰਪਰਕ ਕਰਦਿਆਂ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਕੀਤੇ ਗਏ ਕੰਮਾਂ ਅਤੇ ਵੱਖ-ਵੱਖ ਖੇਤਰਾਂ ਵਿੱਚ



ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣੂ ਕਰਾਇਆ।ਉਨ੍ਹਾਂ ਨੇ ਲੋਕਾਂ ਸਾਹਮਣੇ ਆਮ ਆਦਮੀ ਪਾਰਟੀ ਵੱਲੋਂ ਸਾਲ 2022 ਵਿੱਚ ਦਿੱਤੀਆਂ ਗਈਆਂ ਗਾਰੰਟੀਆਂ ਤੇ ਉਨ੍ਹਾਂ ਨੂੰ ਪੂਰਾ ਕਰਨ ਲਈ ਕੀਤੇ ਗਏ ਕੰਮਾਂ ਦਾ ਰਿਪੋਰਟ ਕਾਰਡ ਵੀ ਪੇਸ਼ ਕੀਤਾ।ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਤੱਕ ਸਰਕਾਰ ਦੀਆਂ ਯੋਜਨਾਵਾਂ ਦੀ ਜਾਣਕਾਰੀ ਪੁਚਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਮਿਲ ਰਹੇ ਲਾਭਾਂ ਬਾਰੇ ਜਾਗਰੂਕ ਕਰਨਾ ਤੇ ਲੋਕਾਂ ਨਾਲ ਸਿੱਧਾ ਸੰਵਾਦ ਸਥਾਪਤ ਕਰਨਾ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਸਹੂਲਤ ਤੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਵੱਖ-ਵੱਖ ਖੇਤਰਾਂ ਵਿੱਚ ਕਈ ਉਪਰਾਲੇ ਕੀਤੇ ਗਏ ਹਨ, ਜਿਸ ਵਿੱਚ ਘਰੇਲੂ ਖਪਤਕਾਰਾਂ ਲਈ ਮੁਫ਼ਤ ਬਿਜਲੀ ਦੀ ਸਹੂਲਤ, ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਅਤੇ ਸਿੱਖਿਆ ਦੇ ਮਿਆਰ ਵਿੱਚ ਸੁਧਾਰ, ਆਮ ਆਦਮੀ ਕਲੀਨਿਕਾਂ ਰਾਹੀਂ ਸਿਹਤ ਸੇਵਾਵਾਂ, ਮਾਵਾਂ-ਧੀਆਂ ਸਤਿਕਾਰ ਯੋਜਨਾ, ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ, ਸਿਹਤ ਬੀਮਾ ਕਾਰਡ ਅਤੇ ਖੇਤੀਬਾੜੀ ਲਈ ਨਹਿਰੀ ਪਾਣੀ ਵਰਗੇ ਅਹਿਮ ਮੁੱਦੇ ਸ਼ਾਮਲ ਹਨ।

